22-NOV-PAGE-1.qxd 11/21/2023 10:31 PM Page 1

ਬੁੱਧਵਾਰ, 22 ਨਵੰਬਰ, 2023
7 ਮੱਘਰ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 172

ਨਵਾਂ ਜ਼ਮਾਨਾ

DAILY NAWAN ZAMANA • WEDNESDAY, 22 NOVEMBER, 2023 ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਮੋਦੀ-ਯੋਗੀ ਨੂੰ ਧਮਕਾਉਣ ਵਾਲਾ ਨੱਪਿਆ

ਮੁੰਬਈ : ਕਿਸੇ ਨੇ ਮੁੰਬਈ ਪੁਲਸ ਕੰਟਰੋਲ ਰੂਮ 'ਚ ਫੋਨ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਯੂ ਪੀ ਦੇ ਮੁੱਖ ਮੰਤਰੀ ਯੋਗੀ ਆਦਿਤਿਆ ਨਾਥ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਫੋਨ ਕਰਨ ਵਾਲੇ, ਜਿਸ ਨੇ ਸੋਮਵਾਰ ਦੇਰ ਰਾਤ ਪੁਲਸ ਕੰਟਰੋਲ ਨੰਬਰ ਡਾਇਲ ਕੀਤਾ ਸੀ, ਨੇ ਮੁੰਬਈ ਦੇ ਸਰਕਾਰੀ ਸਰ ਜੇ ਜੇ ਹਸਪਤਾਲ ਨੂੰ ਉਡਾਉਣ ਦੀ ਧਮਕੀ ਵੀ ਦਿੱਤੀ। ਪੁਲਸ ਨੇ ਉਸ ਨੂੰ ਮੰਗਲਵਾਰ ਤੜਕੇ ਦੱਖਣੀ-ਮੱਧ ਮੁੰਬਈ ਦੇ ਸਿਓਂ ਇਲਾਕੇ ਤੋਂ ਚੁੱਕ ਲਿਆ। ਨੌਜਵਾਨ ਦੀ ਪਛਾਣ ਕਾਮਰਾਨ ਖਾਨ ਵਜੋਂ ਹੋਈ ਹੈ।

ਗੁਰਪਤਵੰਤ ਪਨੂੰ ਖਿਲਾਫ ਸਖਤ ਕਾਰਵਾਈ ਦੀ ਮੰਗ

ਵਾਸ਼ਿੰਗਟਨ : ਅਮਰੀਕਾ ਵਿਚ ਭਾਰਤੀ ਮੂਲ ਦੇ ਪਰਵਾਸੀਆਂ ਨੇ ਏਅਰ ਇੰਡੀਆ ਦੇ ਜਹਾਜ਼ ਰਾਹੀਂ ਉਡਾਣ ਭਰਨ ਵਾਲੇ ਲੋਕਾਂ ਨੂੰ ਧਮਕੀ ਭਰੇ ਵੀਡੀਓ ਸੰਦੇਸ਼ ਜਾਰੀ ਕਰਨ ਵਾਲੇ ਅੱਤਵਾਦੀ ਗੁਰਪਤਵੰਤ ਸਿੰਘ ਪਨੂੰ ਅਤੇ ਉਸ ਦੀ ਪਾਬੰਦੀਸ਼ੁਦਾ ਜਥੇਬੰਦੀ 'ਸਿੱਖਸ ਫਾਰ ਜਸਟਿਸ' (ਐੱਸ ਐੱਫ ਜੇ) ਨੂੰ 'ਨੋ-ਫਲਾਈ' ਸੂਚੀ 'ਚ ਸ਼ਾਮਲ ਕਰਨ ਦੀ ਮੰਗ ਕੀਤੀ ਹੈ। ਭਾਰਤੀ-ਅਮਰੀਕੀਆਂ ਅਤੇ ਭਾਰਤੀ-ਕੈਨੇਡੀਅਨਾਂ ਦੀ ਸੰਸਥਾ ਫਾਊਂਡੇਸ਼ਨ ਫਾਰ ਇੰਡੀਆ ਐਂਡ ਇੰਡੀਅਨ ਡਾਇਸਪੋਰਾ ਸਟੱਡੀਜ਼ ਵੱਲੋਂ ਕਰਵਾਈ ਪੈਨਲ ਚਰਚਾ 'ਚ ਹਿੱਸਾ ਲੈਣ ਵਾਲਿਆਂ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਰਕਾਰਾਂ ਐੱਸ ਐੱਫ ਜੇ ਦੇ ਵੱਖਵਾਦੀ ਆਗੂ ਖਿਲਾਫ ਸਖਤ ਕਾਰਵਾਈ ਕਰਨ।

ਖਾਲਿਸਤਾਨੀ ਨਾਅਰੇ ਲਿਖਣ ਵਾਲਾ ਹਿਰਾਸਤ 'ਚ

ਨਵੀਂ ਦਿੱਲੀ : ਦਿੱਲੀ ਪੁਲਸ ਦੇ ਸਪੈਸ਼ਲ ਸੈੱਲ ਨੇ ਕਰੀਬ ਦੋ ਮਹੀਨੇ ਪਹਿਲਾਂ ਦਿੱਲੀ ਦੇ ਫਲਾਈਓਵਰ 'ਤੇ ਖਾਲਿਸਤਾਨ ਪੱਖੀ ਨਾਅਰੇ ਲਿਖਣ ਦੇ ਮਾਮਲੇ 'ਚ 35 ਸਾਲਾ ਮਲਕ ਸਿੰਘ ਨੂੰ ਹਰਿਆਣਾ ਦੇ ਕੁਰੂਕਸ਼ੇਤਰ ਤੋਂ ਹਿਰਾਸਤ ਵਿਚ ਲਿਆ ਹੈ। ਸ਼ੱਕ ਹੈ ਕਿ ਉਸ ਨੇ ਗੁਰਪਤਵੰਤ ਸਿੰਘ ਪਨੂੰ ਦੇ ਨਿਰਦੇਸ਼ 'ਤੇ ਦਿੱਲੀ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿਚ ਅਜਿਹੇ ਨਾਅਰੇ ਲਿਖੇ।

ਚੋਣਾਂ ਮੌਕੇ ਡੇਰਾ ਮੁਖੀ ਜੇਲ੍ਹ 'ਚੋਂ ਬਾਹਰ ਆਇਆ

ਚੰਡੀਗੜ੍ਹ : ਰਾਜਸਥਾਨ ਅਸੰਬਲੀ ਚੋਣਾਂ ਲਈ ਪੋਲਿੰਗ ਦੇ ਮੌਕੇ ਡੇਰਾ ਸਿਰਸਾ ਮੁਖੀ ਅਤੇ ਬਲਾਤਕਾਰ ਮਾਮਲੇ ਦਾ ਦੋਸ਼ੀ ਗੁਰਮੀਤ ਰਾਮ ਰਹੀਮ ਸਿੰਘ 21 ਦਿਨਾਂ ਦੀ ਫਰਲੋ ਮਿਲਣ ਤੋਂ ਬਾਅਦ ਮੰਗਲਵਾਰ ਹਰਿਆਣਾ ਦੇ ਰੋਹਤਕ ਜ਼ਿਲ੍ਹੇ ਵਿਚ ਸਥਿਤ ਸੁਨਾਰੀਆ ਜੇਲ੍ਹ ਤੋਂ ਬਾਹਰ ਆ ਗਿਆ। ਉਸ ਦੀ ਇਸ ਸਾਲ ਜੇਲ੍ਹ ਤੋਂ ਇਹ ਤੀਜੀ ਆਰਜ਼ੀ ਰਿਹਾਈ ਹੈ। 56 ਸਾਲਾ ਡੇਰਾ ਮੁਖੀ ਬਾਅਦ ਦੁਪਹਿਰ 2 ਵਜੇ ਦੇ ਕਰੀਬ ਜੇਲ੍ਹ 'ਚੋਂ ਬਾਹਰ ਆਇਆ ਤੇ ਯੂ ਪੀ ਦੇ ਬਾਗਪਤ ਦੇ ਬਰਨਾਵਾ ਸਥਿਤ ਆਸ਼ਰਮ ਲਈ ਰਵਾਨਾ ਹੋ ਗਿਆ।

ਕਿਸਾਨ ਕੌਮੀ ਸ਼ਾਹਰਾਹ 'ਤੇ ਬੈਠਣ ਲਈ ਮਜਬੂਰ

ਜਲੰਧਰ : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਮੰਗਲਵਾਰ ਕਿਸਾਨ ਜਥੇਬੰਦੀਆਂ ਨੇ ਜਲੰਧਰ-ਫਗਵਾੜਾ ਹਾਈਵੇ ਅਣਮਿੱਥੇ ਸਮੇਂ ਲਈ ਪੂਰੀ ਤਰ੍ਹਾਂ ਜਾਮ ਕਰ ਦਿੱਤਾ। ਇਸ ਕਾਰਨ ਜਲੰਧਰ ਤੇ ਲੁਧਿਆਣਾ, ਜਲੰਧਰ ਤੇ ਨਵਾਂਸ਼ਹਿਰ ਵਿਚਾਲੇ ਆਵਾਜਾਈ ਠੱਪ ਹੋ ਗਈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਗੰਨੇ ਦੇ ਮੁੱਲ ਵਿਚ ਵਾਧਾ ਨਾ ਕਰਕੇ ਕਿਸਾਨਾਂ ਨਾਲ ਵਿਤਕਰਾ ਕੀਤਾ ਹੈ। ਉਨ੍ਹਾਂ ਦੀ ਮੰਗ ਹੈ ਕਿ ਗੰਨੇ ਦਾ ਭਾਅ 380 ਰੁਪਏ ਤੋਂ ਵਧਾ ਕੇ 450 ਰੁਪਏ ਕੀਤਾ ਜਾਵੇ। ਕਿਸਾਨ ਦੂਰ-ਦੂਰ ਤੋਂ ਧਰਨੇ 'ਚ ਪਹੁੰਚ ਰਹੇ ਹਨ। ਬੀ ਕੇ ਯੂ ਦੋਆਬਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਰਾਏ ਨੇ ਵੱਧ ਤੋਂ ਵੱਧ ਕਿਸਾਨਾਂ ਨੂੰ ਇਸ ਧਰਨੇ 'ਚ ਪੁੱਜਣ ਦੀ ਅਪੀਲ ਕੀਤੀ ਹੈ। ਇਹ ਧਰਨਾ ਧੰਨੋਵਾਲੀ ਗੇਟ ਨੇੜੇ ਲਗਾਇਆ ਗਿਆ ਹੈ। ਕਿਸਾਨ ਆਗੂ ਨੇ ਕਿਹਾ ਕਿ ਕੋਈ ਵੀ ਕਿਸਾਨ ਹਾਈਵੇ ਬੰਦ ਕਰਨ ਦੇ ਹੱਕ ਵਿੱਚ ਨਹੀਂ। ਸਰਕਾਰ ਨੂੰ ਜਗਾਉਣ ਲਈ ਅਜਿਹੇ ਕਦਮ ਚੁੱਕਣੇ ਪੈਂਦੇ ਹਨ। ਕਿਸਾਨਾਂ ਦੀ ਗੰਨੇ ਦੀ ਫਸਲ ਤਿਆਰ ਹੈ ਅਤੇ ਸਰਕਾਰ ਨੇ ਅਜੇ ਤੱਕ ਮਿੱਲਾਂ ਨਹੀਂ ਖੋਲ੍ਹੀਆਂ। ਨਾ ਹੀ ਗੰਨੇ ਦੇ ਰੇਟ ਵਧਾਏ ਜਾ ਰਹੇ ਹਨ।

ਪੰਜਾਬ ਦੇ ਕਿਸਾਨਾਂ ਨੂੰ ਖਲਨਾਇਕ ਨਾ ਬਣਾਓ : ਸੁਪਰੀਮ ਕੋਰਟ

ਪਰਾਲੀ ਸਾੜਨ ਤੋਂ ਰੋਕਣ ਲਈ ਸਹਾਇਤਾ ਰਾਸ਼ੀ ਦਿਓ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਮੰਗਲਵਾਰ ਦਿੱਲੀ ਪ੍ਰਦੂਸ਼ਣ ਮਾਮਲੇ ਦੀ ਸੁਣਵਾਈ ਕਰਦਿਆਂ ਪੰਜਾਬ ਦੇ ਕਿਸਾਨਾਂ ਨਾਲ ਹਮਦਰਦੀ ਦਿਖਾਉਂਦਿਆਂ ਕਿਹਾ ਕਿ ਪਰਾਲੀ ਸਾੜਨ ਵਾਲੇ ਕਿਸਾਨਾਂ ਨੂੰ ਖਲਨਾਇਕ ਬਣਾ ਦਿੱਤਾ ਜਾਂਦਾ ਹੈ। ਪੰਜਾਬ ਸਰਕਾਰ ਉਨ੍ਹਾਂ ਨੂੰ ਪਰਾਲੀ ਸਾੜਨ ਤੋਂ ਰੋਕਣ ਲਈ ਸਹਾਇਤਾ ਰਾਸ਼ੀ ਦੇਵੇ। ਕੋਰਟ ਨੇ ਦਿੱਲੀ, ਪੰਜਾਬ ਤੇ ਯੂ ਪੀ ਦੀਆਂ ਸਰਕਾਰਾਂ ਨੂੰ ਫਟਕਾਰਦਿਆਂ ਕਿਹਾ ਕਿ ਪਿਛਲੇ ਛੇ ਸਾਲਾਂ ਵਿਚ ਇਹ ਸਭ ਤੋਂ ਪ੍ਰਦੂਸ਼ਤ ਨਵੰਬਰ ਰਿਹਾ ਹੈ। ਸਮੱਸਿਆ ਕੋਰਟ ਨੂੰ ਪਤਾ ਹੈ ਪਰ ਹੱਲ ਤੁਸੀਂ ਕਰਨਾ ਹੈ। ਜਸਟਿਸ ਸੰਜੇ ਕਿਸ਼ਨ ਕੌਲ ਤੇ ਜਸਟਿਸ ਸੁਧਾਂਸ਼ੂ ਧੂਲੀਆ ਦੀ ਬੈਂਚ ਨੇ ਕਿਹਾ ਕਿ ਪੰਜਾਬ ਤੇ ਦਿੱਲੀ ਦੀਆਂ ਸਰਕਾਰਾਂ ਨੂੰ ਸਖਤ ਕਦਮ ਚੁੱਕਣ ਦੀ ਹਦਾਇਤ ਕਰਨ ਦੇ ਨਾਲ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਖਲਨਾਇਕ ਬਣਾ ਦਿੱਤਾ ਜਾਂਦਾ ਹੈ। ਉਨ੍ਹਾਂ ਦਾ ਪੱਖ ਕੋਈ ਨਹੀਂ ਸੁਣਦਾ। ਕਿਸਾਨਾਂ ਦੀ ਕੋਈ ਤਾਂ ਮਜਬੂਰੀ ਹੁੰਦੀ ਹੋਵੇਗੀ।

ਮੀਤ ਹੇਅਰ ਕੋਲੋਂ ਚਾਰ ਵਿਭਾਗ ਵਾਪਸ ਲਏ

ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਪੰਜਾਬ ਕੈਬਿਨਟ 'ਚ ਫੇਰਬਦਲ ਕਰਦਿਆਂ ਗੁਰਮੀਤ ਸਿੰਘ ਮੀਤ ਹੇਅਰ ਤੋਂ ਮਾਈਨਿੰਗ ਵਿਭਾਗ ਵਾਪਸ ਲੈ ਕੇ ਚੇਤਨ ਸਿੰਘ ਜੌੜਾਮਾਜਰਾ ਨੂੰ ਦੇ ਦਿੱਤਾ। ਜੌੜਾਮਾਜਰਾ ਕੋਲ ਹੁਣ 7 ਵਿਭਾਗਾਂ ਦੀ ਜ਼ਿੰਮੇਵਾਰੀ ਹੋਵੇਗੀ।

ਮੀਤ ਹੇਅਰ ਕੋਲ ਖੇਡ ਅਤੇ ਯੁਵਕ ਸੇਵਾਵਾਂ ਵਿਭਾਗ ਹੀ ਰਹਿ ਗਿਆ ਹੈ। ਜੌੜਾਮਾਜਰਾ ਕੋਲ ਡਿਫੈਂਸ ਸਰਵਿਸ ਵੈੱਲਫੇਅਰ, ਸੁਤੰਤਰਤਾ ਸੈਨਾਨੀ, ਬਾਗਬਾਨੀ ਵਿਭਾਗ, ਮਾਈਨਿੰਗ ਵਿਭਾਗ, ਸੂਚਨਾ ਅਤੇ ਪਬਲਿਕ ਰਿਲੇਸ਼ਨ ਵਿਭਾਗ, ਵਾਟਰ ਰਿਸੋਰਸਿਸ ਵਿਭਾਗ, ਕਨਵਰਸ਼ਨ ਆਫ ਲੈਂਡ ਐਂਡ ਵਾਟਰ ਵਿਭਾਗ ਹੋਣਗੇ। ਮੁੱਖ ਮੰਤਰੀ ਕੋਲ ਹੁਣ 11 ਵਿਭਾਗ ਹੋਣਗੇ। ਮੀਤ ਹੇਅਰ ਕੋਲੋਂ 4 ਵਿਭਾਗ ਵਾਪਸ ਲਏ ਗਏ ਹਨ। ਜਿਨ੍ਹਾਂ ਵਿੱਚੋਂ ਤਿੰਨ ਵਿਭਾਗ ਜੌੜਾਮਾਜਰਾ ਨੂੰ ਦਿੱਤੇ ਗਏ ਹਨ, ਜਦਕਿ ਸਾਇੰਸ ਤਕਨੀਕ ਤੇ ਵਾਤਾਵਰਣ ਵਿਭਾਗ ਮੁੱਖ ਮੰਤਰੀ ਨੇ ਆਪਣੇ ਕੋਲ ਰੱਖਿਆ ਹੈ।

ਕਿਸਾਨਾਂ ਦਾ ਦਰਦ ਬਿਆਨ ਕਰਨ ਵਾਲੇ ਨੂੰ ਐਮੀ ਐਵਾਰਡ

ਨਵੀਂ ਦਿੱਲੀ : ਕਾਮੇਡੀਅਨ ਵੀਰ ਦਾਸ ਨੇ ਆਪਣੇ ਵਿਸ਼ੇਸ਼ ਸਟੈਂਡ-ਅੱਪ ਕਾਮੇਡੀ ਸ਼ੋਅ 'ਵੀਰ ਦਾਸ : ਲੈਂਡਿੰਗ' ਲਈ ਸਰਵੋਤਮ ਕਾਮੇਡੀ ਸੀਰੀਜ਼ ਸ਼੍ਰੇਣੀ 'ਚ ਵਕਾਰੀ ਐਮੀ ਐਵਾਰਡ ਜਿੱਤਿਆ ਹੈ। ਅਮਰੀਕਾ ਦੇ ਨਿਊਯਾਰਕ 'ਚ ਐਵਾਰਡ ਸਮਾਰੋਹ ਹੋਇਆ। ਦਾਸ ਨੂੰ ਦੂਜੀ ਵਾਰ ਐਮੀ ਐਵਾਰਡ ਲਈ ਨਾਮਜ਼ਦ ਕੀਤਾ ਗਿਆ ਸੀ ਅਤੇ ਉਸ ਨੇ ਇਸ ਸ਼੍ਰੇਣੀ 'ਚ ਪਹਿਲੀ ਵਾਰ ਪੁਰਸਕਾਰ ਜਿੱਤਿਆ। ਦਾਸ ਨੇ ਪ੍ਰਸਿੱਧ ਬਰਤਾਨਵੀ ਐੱਲ੍ਹੜਾਂ 'ਚ ਮਕਬੂਲ ਕਾਮੇਡੀ ਸ਼ੋਅ 'ਡੈਰੀ ਗਰਲਜ਼' ਦੇ ਤੀਜੇ ਸੀਜ਼ਨ ਨਾਲ ਟਰਾਫੀ ਸਾਂਝੀ ਕੀਤੀ। 'ਵੀਰ ਦਾਸ : ਲੈਂਡਿੰਗ' ਫਿਲਹਾਲ ਨੈੱਟਫਲਿਕਸ 'ਤੇ ਚੱਲ ਰਿਹਾ ਹੈ।

ਵਿਸ਼ਵ ਪੱਧਰ 'ਤੇ ਬਿਹਤਰੀਨ ਟੈਲੀਵੀਯਨ ਪੇਸ਼ਕਾਰੀ ਦਾ ਸਨਮਾਨ ਕਰਨ ਵਾਲੇ ਐਮੀ ਐਵਾਰਡ ਨੇ ਵੀਰ ਦਾਸ ਦੀ ਪ੍ਰਤਿਭਾ ਦਾ ਲੋਹਾ ਮੰਨਿਆ ਹੈ।

ਵੀਰ ਦਾਸ ਦੇ ਨਾਲ ਸ਼ੇਫਾਲੀ ਸ਼ਾਹ ਤੇ ਜਿਮ ਸਰਭ ਵਰਗੇ ਭਾਰਤੀ ਵੀ ਹੋਰਨਾਂ ਸ਼੍ਰੇਣੀਆਂ ਵਿਚ ਨਾਮਜ਼ਦ ਸਨ, ਪਰ ਉਹ ਸਫਲ ਨਹੀਂ ਰਹੇ। ਵੀਰ ਦਾਸ ਨੇ ਆਪਣੇ ਸ਼ੋਅ ਵਿਚ ਸਿਆਸਤ ਦੇ ਚਸ਼ਮੇ ਨਾਲ ਭਾਰਤੀ ਤੇ ਅਮਰੀਕੀ ਸੱਭਿਆਚਾਰਾਂ ਦੇ ਅੰਤਰ-ਸੰਬੰਧ ਬਾਰੇ ਗੱਲ ਕੀਤੀ ਹੈ। ਵੀਰ ਦਾਸ ਭਾਰਤ ਵਿਚ ਪੈਦਾ ਹੋਇਆ ਤੇ ਅਮਰੀਕਾ ਵਿਚ ਵੱਡਾ ਹੋਇਆ ਹੈ। ਪੁਰਸਕਾਰ ਸਮਾਰੋਹ ਤੋਂ ਇਕ ਦਿਨ ਪਹਿਲਾਂ ਵੀਰ ਦਾਸ ਨੇ ਇਕ ਕਲਿੱਪ ਪੋਸਟ ਕਰਕੇ ਕਿਹਾ ਸੀ-ਜਿਸ ਦਿਨ ਮੈਨੂੰ ਦਹਿਸ਼ਤਗਰਦ ਗਰਦਾਨਿਆ ਗਿਆ, ਉਸੇ ਦਿਨ ਮੈਨੂੰ ਕੌਮਾਂਤਰੀ ਐਮੀ ਪੁਰਸਕਾਰ ਲਈ ਨਾਮਜ਼ਦ ਕੀਤਾ ਗਿਆ। ਦੁਨੀਆ ਗੋਲ ਹੈ। ਇਸ ਲਈ ਬਸ ਧੰਨਵਾਦ ਸਹਿਤ ਕਹਿਣਾ ਚਾਹੁੰਦਾ ਹਾਂ ਕਿ ਜੇ ਉਥੇ ਕੋਈ ਵੀ ਕਦੇ ਹਨੇਰੇ 'ਚ ਹੈ ਤਾਂ ਸੂਰਜ ਦੀ ਰੌਸ਼ਨੀ ਤੱਕ ਰੁਕੇ ਅਤੇ ਜਾਨ ਲਵੇ ਕਿ ਪਿਆਰ ਉਸ ਨੂੰ ਲੱਭ ਲਵੇਗਾ ਅਤੇ ਦੁਨੀਆ ਉਸ ਨੂੰ ਮੌਕਾ ਦੇਵੇਗੀ।

ਵੀਰ ਦਾਸ ਨੇ 100 ਤੋਂ ਵੱਧ ਸਟੈਂਡ-ਅੱਪ ਕਾਮੇਡੀ ਸ਼ੋਅ ਕੀਤੇ ਹਨ। 15 ਫਿਲਮਾਂ ਵਿਚ ਵੀ ਕੰਮ ਕੀਤਾ ਹੈ। 2021 ਵਿਚ ਵਾਸ਼ਿੰਗਟਨ ਡੀ ਸੀ ਦੇ ਜੌਹਨ ਐੱਫ ਕੈਨੇਡੀ ਸੈਂਟਰ ਵਿਚ ਪੇਸ਼ ਵੀਰ ਦਾਸ ਦੇ ਮੌਨੋਲੌਗ 'ਟੂ ਇੰਡੀਆਜ਼' ਨਾਲ ਵੱਡਾ ਵਿਵਾਦ ਪੈਦਾ ਹੋ ਗਿਆ ਸੀ। ਉਸ ਨੇ ਭਾਰਤ ਦੇ ਦਵੰਦ 'ਤੇ ਟਿੱਪਣੀ ਕੀਤੀ ਸੀ, ਜਿਸ ਵਿਚ ਕੋਰੋਨਾ ਮਹਾਂਮਾਰੀ, ਹਵਾ ਪ੍ਰਦੂਸ਼ਣ, ਕਿਸਾਨ ਅੰਦੋਲਨ, ਕ੍ਰਿਕਟ ਤੇ ਬਲਾਤਕਾਰ ਦੀਆਂ ਘਟਨਾਵਾਂ ਵਰਗੇ ਵਿਸ਼ੇ ਚੁੱਕੇ ਸਨ। ਭਾਰਤੀ ਲੋਕਾਂ ਦੇ ਦੋਹਰੇ ਚਰਿੱਤਰ ਦੀ ਗੱਲ ਕਰਨ 'ਤੇ ਕੁਝ ਲੋਕਾਂ ਨੇ ਸੋਸ਼ਲ ਮੀਡੀਆ 'ਤੇ ਉਸ ਨੂੰ ਭਾਰਤ ਵਿਰੋਧੀ ਦੱਸਿਆ ਸੀ। ਵੀਰ ਦਾਸ ਨੇ ਸਫਾਈ ਦਿੱਤੀ ਸੀ ਕਿ 'ਮੈਂ ਦੋ ਭਾਰਤ ਤੋਂ ਆਉਂਦਾ ਹਾਂ' ਵਿਚ ਉਸ ਦਾ ਉਦੇਸ਼ ਦੇਸ਼ ਦਾ ਅਪਮਾਨ ਕਰਨਾ ਨਹੀਂ ਸੀ। ਮੇਰਾ ਇਰਾਦਾ ਇਹ ਦੱਸਣਾ ਸੀ ਕਿ ਦੇਸ਼ ਆਪਣੇ ਅਜਿਹੇ ਮੁੱਦਿਆਂ ਦੇ ਬਾਵਜੂਦ ਮਹਾਨ ਹੈ।

ਵੀਰ ਦਾਸ ਨੇ ਕਿਹਾ ਸੀ-ਮੈਂ ਉਸ ਭਾਰਤ ਤੋਂ ਆਉਂਦਾ ਹਾਂ, ਜਿੱਥੇ ਅਸੀਂ ਦਿਨੇ ਔਰਤਾਂ ਦੀ ਪੂਜਾ ਕਰਦੇ ਹਾਂ ਤੇ ਰਾਤ ਨੂੰ ਗੈਂਗਰੇਪ ਕਰਦੇ ਹਾਂ। ਮੈਂ ਉਸ ਭਾਰਤ ਤੋਂ ਆਉਂਦਾ ਹਾਂ, ਜਿੱਥੇ ਅਸੀਂ ਸ਼ਾਕਾਹਾਰੀ ਹੋਣ ਵਿਚ ਮਾਣ ਮਹਿਸੂਸ ਕਰਦੇ ਹਾਂ ਪਰ ਕਿਸਾਨਾਂ ਨੂੰ ਕੁਚਲ ਦਿੰਦੇ ਹਾਂ, ਜਿਹੜੇ ਇਹ ਸਬਜ਼ੀਆਂ ਉਗਾਉਂਦੇ ਹਨ। ਮੈਂ ਉਸ ਭਾਰਤ ਤੋਂ ਆਉਂਦਾ ਹਾਂ, ਜਿੱਥੇ ਬੱਚੇ ਮਾਸਕ ਲਾ ਕੇ ਇਕ-ਦੂਜੇ ਨਾਲ ਹੱਥ ਮਿਲਾਉਂਦੇ ਹਨ ਤੇ ਮੈਂ ਉਸ ਭਾਰਤ ਤੋਂ ਆਉਂਦਾ ਹਾਂ ਜਿੱਥੋਂ ਦੇ ਆਗੂ ਬਿਨਾਂ ਮਾਸਕ ਲਗਾਏ ਗਲੇ ਮਿਲਦੇ ਹਨ। ਮੈਂ ਉਸ ਭਾਰਤ ਤੋਂ ਆਉਂਦਾ ਹਾਂ, ਜਿੱਥੇ ਹਿੰਦੂ, ਮੁਸਲਮ, ਈਸਾਈ, ਸਿੱਖ, ਪਾਰਸੀ ਤੇ ਯਹੂਦੀ ਵੀ ਹਨ ਤੇ ਜਦੋਂ ਅਸੀਂ ਸਾਰੇ ਆਸਮਾਨ ਵੱਲ ਦੇਖਦੇ ਹਾਂ ਤਾਂ ਸਾਨੂੰ ਸਾਰਿਆਂ ਨੂੰ ਇਕ ਹੀ ਚੀਜ਼ ਦਿਸਦੀ ਹੈ-ਪੈਟਰੋਲ ਦੀਆਂ ਕੀਮਤਾਂ।

ਵਿਵਾਦ ਤੋਂ ਬਾਅਦ ਵੀ ਵੀਰ ਦਾਸ ਨੇ ਕਿਹਾ ਸੀ ਕਿ ਉਹ ਜਦੋਂ ਤੱਕ ਕਾਮੇਡੀ ਕਰੇਗਾ, ਅਜਿਹੇ ਵਿਅੰਗ ਕੱਸਦਾ ਰਹੇਗਾ। ਇਸ ਦਾ ਉਸ ਨੂੰ ਖਮਿਆਜ਼ਾ ਵੀ ਭੁਗਤਣਾ ਪਿਆ ਸੀ। ਪਿਛਲੇ ਸਾਲ ਵੀਰ ਦਾਸ ਦਾ ਬੇਂਗਲੁਰੂ ਦਾ ਸ਼ੋਅ ਰੱਦ ਕਰ ਦਿੱਤਾ ਗਿਆ ਸੀ। ਇਸ ਸ਼ੋਅ ਦਾ ਕੱਟੜਪੰਥੀ ਹਿੰਦੂ ਗਰੁੱਪ ਨੇ ਵਿਰੋਧ ਕੀਤਾ ਸੀ।

ਵੀਰ ਦਾਸ ਦੇ ਨਾਲ ਸ਼ੇਫਾਲੀ ਸ਼ਾਹ ਤੇ ਜਿਮ ਸਰਭ ਵਰਗੇ ਭਾਰਤੀ ਵੀ ਹੋਰਨਾਂ ਸ਼੍ਰੇਣੀਆਂ ਵਿਚ ਨਾਮਜ਼ਦ ਸਨ, ਪਰ ਉਹ ਸਫਲ ਨਹੀਂ ਰਹੇ। ਨਿਰਮਾਤਾ-ਨਿਰਦੇਸ਼ਕ ਏਕਤਾ ਕਪੂਰ ਨੂੰ ਡਾਇਰੈਕਟਰੇਟ ਕੈਟੇਗਰੀ ਦਾ ਐਵਾਰਡ ਮਿਲਿਆ। ਉਸ ਨੇ ਇੰਸਟਾਗਰਾਮ 'ਤੇ ਭਾਰਤ ਵਾਸੀਆਂ ਲਈ ਸੁਨੇਹਾ ਪੋਸਟ ਕੀਤਾ-ਇੰਡੀਆ, ਮੈਂ ਤੁਹਾਡਾ ਐਮੀ ਐਵਾਰਡ ਘਰ ਲਿਆ ਰਹੀ ਹਾਂ।

ਰੰਗਦਾਰ ਵਿਸ਼ੇਸ਼ ਸਪਲੀਮੈਂਟ

ਬਾਬਾ ਸ਼ਾਮ ਸਿੰਘ ਜੀ ਪਿੰਡ ਨਾਰਲਾ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ **ਭਿੰਪੀਵਿੰਡ** ਤੋਂ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਲਖਵਿੰਦਰ ਸਿੰਘ ਗੋਲਣ** ਨਾਲ ਮੋਬਾਇਲ ਨੰਬਰ 98147-70122 'ਤੇ ਸੰਪਰਕ ਕੀਤਾ ਜਾ ਸਕਦਾ ਹੈ।

-ਜਨਰਲ ਮੈਨੇਜਰ

ਪ੍ਰਕਾਸ਼ ਪੁਰਬ ਵਿਸ਼ੇਸ਼ ਸਪਲੀਮੈਂਟ

ਅਸ਼ੋਕ ਸ਼ਰਮਾ ਫਿਰੋਜ਼ਪੁਰ 81468-22544

ਅਮਰਜੀਤ ਬੱਬਰੀ ਮੋਗਾ 94630-83363

ਦਰਸ਼ਨ ਜਿੰਦਲ ਰਾਮਪੁਰਾ ਫੂਲ 94172-27460

ਜਸਬੀਰ ਕੰਬੋਜ ਮਮਦੋਟ 98550-12590

ਮਨਦੀਪ ਕੁਮਾਰ ਕੋਹਲੀ ਕਲਾਨੌਰ 98154-22070

ਦਵਿੰਦਰ ਸੈਣੀ ਪਠਾਨਕੋਟ 95305-91456

ਸੁਖਤਿੰਦਰ ਸਿੰਘ ਅਜਨਾਲਾ 99145-08940

22-NOV-PAGE-1.qxd 11/21/2023 10:36 PM Page 2

ਅੱਖਾਂ ਦੇ ਮੁਫ਼ਤ ਚੈੱਕਅੱਪ ਕੈਂਪ 'ਚ 110 ਮਰੀਜ਼ਾਂ ਦੀ ਜਾਂਚ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਮਾਜ ਸੇਵੀ ਕਾਰਜਾਂ ਵਿੱਚ ਜੁਟੀ ਸੰਸਥਾ ਮਾਛੀਵਾੜਾ ਸਾਹਿਬ ਸੋਸ਼ਲ ਵੈੱਲਫੇਅਰ ਸੋਸਾਇਟੀ ਐੱਨ.ਜੀ.ਓ. ਤੇ ਪੁਲਸ ਜ਼ਿਲ੍ਹਾ ਸਾਂਝ ਕੇਂਦਰ ਖੰਨਾ ਵੱਲੋਂ ਸ਼੍ਰੀ ਦੁਰਗਾ ਸ਼ਕਤੀ ਮੰਦਿਰ ਕਮੇਟੀ ਦੇ ਵਿਸ਼ੇਸ਼ ਸਹਿਯੋਗ ਦੇ ਨਾਲ ਮੁਫ਼ਤ ਅੱਖਾਂ ਦੇ ਚਿੱਟੇ ਮੋਤੀਏ ਦਾ ਆਪ੍ਰੇਸ਼ਨ ਕੈਂਪ ਮਾਤਾ ਰਾਣੀ ਮੰਦਿਰ, ਨੇੜੇ ਬੱਸ ਸਟੈਂਡ ਮਾਛੀਵਾੜਾ ਸਾਹਿਬ ਵਿਖੇ ਲਗਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐੱਨ.ਜੀ.ਓ. ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਨੇ ਕਿਹਾ ਕਿ ਇਸ ਕੈਂਪ ਵਿੱਚ ਸ਼ੰਕਰਾ ਆਈ ਹਸਪਤਾਲ ਲੁਧਿਆਣਾ ਦੀ ਟੀਮ ਵੱਲੋਂ 110 ਮਰੀਜ਼ਾਂ ਦੇ ਅੱਖਾਂ ਦੀ ਜਾਂਚ ਕੀਤੀ ਗਈ ਤੇ 25 ਮਰੀਜ਼ ਆਪ੍ਰੇਸ਼ਨ ਲਈ ਭੇਜੇ ਗਏ, ਜਿਨ੍ਹਾਂ ਦਾ ਮੁਫ਼ਤ ਆਪ੍ਰੇਸ਼ਨ ਕਰ ਕੇ ਲੈਂਜ ਪਾਏ ਜਾਣਗੇ। ਇਸ ਮੌਕੇ ਸਬ-ਇੰਸਪੈਕਟਰ ਕੁਲਜੀਤ ਸਿੰਘ ਗਿੱਲ, ਅੰਮ੍ਰਿਤਪਾਲ ਸਮਰਾਲਾ, ਪ੍ਰੋ. ਬਲਦੀਪ ਕੌਰ, ਜਗਦੀਸ਼ ਚਾਨਣਾ, ਮਿੰਕੂ ਹੰਸ, ਲਵਰੀਸ਼ ਸ਼ਰਮਾ, ਪਰਮਦੀਪਪਾਲ ਸਿੰਘ, ਹਰਬੰਸ ਲਾਲ ਚਾਨਣਾ, ਹਰੀਸ਼ ਚੰਦਰ ਚਾਨਣਾ, ਗੁਰਪ੍ਰੀਤ ਸਿੰਘ ਗੋਪੀ ਆਦਿ ਹਾਜ਼ਰ ਸਨ।

12ਵੀਂ, 10ਵੀਂ ਤੇ 8ਵੀਂ 'ਚੋਂ ਅੱਵਲ ਵਿਦਿਆਰਥੀਆਂ ਦਾ ਸਨਮਾਨ

ਬੁਢਲਾਡਾ (ਅਸ਼ੋਕ ਲਾਕੜਾ)-ਭਾਰਤ ਵਿਕਾਸ ਪ੍ਰੀਸ਼ਦ ਬ੍ਰਾਂਚ ਬੁਢਲਾਡਾ ਵੱਲੋਂ ਆਪਣੇ ਰਾਸ਼ਟਰੀਯ ਪ੍ਰੋਜੈਕਟ ਅਧੀਨ 12ਵੀਂ, 10ਵੀਂ ਤੇ 8ਵੀਂ ਦੇ ਸ਼ਹਿਰ 'ਚੋਂ ਅੱਵਲ ਆਏ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਕੂਲਾਂ 'ਚ ਜਾ ਕੇ ਸਨਮਾਨਤ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਇਸ ਪ੍ਰੋਜੈਕਟਰ ਦੇ ਚੇਅਰਮੈਨ ਡਾ. ਕ੍ਰਿਸ਼ਨ ਲਾਲ, ਵਿਮਲ ਜੈਨ ਤੇ ਪ੍ਰਧਾਨ ਅਮਿਤ ਜਿੰਦਲ ਨੇ ਦੱਸਿਆ ਕਿ 8ਵੀਂ ਤੇ 12ਵੀਂ ਜਮਾਤ 'ਚੋਂ ਟੌਪਰ 6 ਬੱਚੇ ਸਰਕਾਰੀ ਸੀਨੀਅਰ ਸੈਕੰਡਰੀ ਗਰਲਜ਼ ਸਕੂਲ ਬੁਢਲਾਡਾ ਦੇ ਸਨ ਇਸੇ ਤਰ੍ਹਾਂ 10ਵੀਂ ਜਮਾਤ 'ਚੋਂ ਪਹਿਲੇ ਤੇ ਦੂਸਰੇ ਨੰਬਰ 'ਤੇ ਆਏ ਦੋਨੋਂ ਬੱਚੇ ਮੂਨ ਲਾਈਟ ਹਾਈ ਸਕੂਲ ਦੇ ਸਨ। ਸਨਮਾਨ ਸਮਾਰੋਹ 'ਚ ਐਡੋਵੋਕਟ ਸੁਨੀਲ ਗਰਗ, ਸ਼ਿਵ ਕਾਂਸਲ, ਦੇਸ ਰਾਜ ਬਾਂਸਲ, ਰੋਹਿਤ ਬਾਂਸਲ, ਮੁਨੀਸ਼ ਕੁਮਾਰ ਤੋਂ ਇਲਾਵਾ ਮਹਿਲਾ ਮੈਂਬਰ ਵੀ ਹਾਜ਼ਰ ਸਨ। ਉਨ੍ਹਾ ਦੱਸਿਆ ਕਿ ਸੰਸਥਾ ਵੱਲੋਂ ਹੋਰ ਵੀ ਲੋਕ ਭਲਾਈ ਦੇ ਕੰਮ ਸਮੇਂ ਸਮੇਂ ਸਿਰ ਕਰਵਾਏ ਜਾ ਰਹੇ ਹਨ। ਉਨ੍ਹਾ ਦੱਸਿਆ ਕਿ ਸੰਸਥਾ ਵੱਲੋਂ ਇੱਕ ਹੋਰ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਅਧੀਨ ਸ਼ਹਿਰ ਦੇ ਲੋੜਵੰਦ ਲੋਕਾਂ ਨੂੰ ਆਪਣੇ ਮਰੀਜ਼ਾਂ ਲਈ ਬੈੱਡ ਜਾਂ ਵ੍ਹੀਲਚੇਅਰ ਦੀ ਜ਼ਰੂਰਤ ਹੋਵੇ, ਉਹ ਸੰਸਥਾ ਤੋਂ ਵਰਤਣ ਲਈ ਬਿਨਾਂ ਕਿਸੇ ਫੀਸ ਤੋਂ ਲੈ ਸਕਦਾ ਹੈ।

ਵਾਤਾਵਰਨ ਦੀ ਸਾਂਭ-ਸੰਭਾਲ ਸੰਬੰਧੀ ਕੀਤਾ ਸੁਚੇਤ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਵਾਤਾਵਰਨ ਜੰਗਲਾਤ ਤੇ ਜਲਵਾਯੂ ਪਰਿਵਰਤਨ ਮੰਤਰਾਲਾ ਅਤੇ ਪੰਜਾਬ ਸਟੇਟ ਕਾਉਂਸਲ ਵਾਰ ਸਾਇੰਸ ਐਂਡ ਟੈਕਨੋਲੋਜੀ ਦੇ ਨਾਲ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਫਿਰੋਜ਼ਪੁਰ ਚਮਕੌਰ ਸਿੰਘ ਸਰਾਂ ਦੀ ਯੋਗ ਸਰਪ੍ਰਸਤੀ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਗਟ ਸਿੰਘ ਬਰਾੜ ਦੀ ਯੋਗ ਅਗਵਾਈ ਅਧੀਨ ਜ਼ਿਲ੍ਹਾ ਕੋਆਰਡੀਨੇਟਰ ਉਮੇਸ਼ ਕੁਮਾਰ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਛਾਂਗਾ ਰਾਏ ਉਤਾੜ ਤੇ ਰੀਸੋਰਸ ਪਰਸਨ ਗੁਰਮੀਤ ਸਿੰਘ ਸਾਇੰਸ ਮਾਸਟਰ ਸਰਕਾਰੀ ਹਾਈ ਸਕੂਲ ਝੰਡੂ ਵਾਲਾ ਨੇ ਗਰੀਨ ਸਕੂਲਜ਼ ਅਧੀਨ ਜ਼ਿਲ੍ਹਾ ਪੱਧਰੀ ਇੱਕ ਵਰਕਸ਼ਾਪ ਮੈਰੀਟੋਰੀਅਸ ਸਕੂਲ ਹਕੂਮਤ ਸਿੰਘ ਵਾਲਾ ਵਿਖੇ ਲਗਾਈ ਗਈ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਚਮਕੌਰ ਸਿੰਘ ਨੇ ਸਾਰੇ ਸਕੂਲਾਂ ਨੂੰ ਗਰੀਨ ਸਕੂਲਜ਼ ਪ੍ਰੋਗਰਾਮ ਅਧੀਨ ਰਜਿਸਟਰ ਹੋਣ ਲਈ ਤੇ ਆਡਿਟ ਪ੍ਰਕਿਰਿਆ ਪੂਰਾ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਇਸ ਸਬੰਧੀ ਆਪਣੇ ਨਿੱਜੀ ਤਜਰਬੇ ਸਾਂਝੇ ਕਰਦਿਆਂ ਅਪੀਲ ਕੀਤੀ ਕਿ ਸਕੂਲਾਂ ਨੂੰ ਗਰੀਨ ਬਣਾਉਣ ਵਾਸਤੇ ਤੇ ਵਿਦਿਆਰਥੀਆਂ ਨੂੰ ਪ੍ਰਦੂਸ਼ਨ ਦੀ ਰੋਕਥਾਮ ਵਾਸਤੇ ਨਿਰੰਤਰ ਸੁਹਿਦਰਤਾ ਨਾਲ ਯਤਨ ਕੀਤੇ ਜਾਣ। ਸਾਇੰਸ ਮਾਸਟਰ ਗੁਰਮੀਤ ਸਿੰਘ ਨੇ 250 ਸਕੂਲਾਂ ਤੋਂ ਆਏ ਹੋਏ ਈਕੋ ਕਲੱਬ ਨੋਡਲ ਇੰਚਾਰਜਾਂ ਨੂੰ ਵਾਤਾਵਰਨ ਸਿੱਖਿਆ ਪ੍ਰੋਗਰਾਮ ਤੇ ਗਰੀਨ ਸਕੂਲ ਪ੍ਰੋਗਰਾਮ ਅਧੀਨ ਜਾਣਕਾਰੀ ਦਿੱਤੀ।

ਮ੍ਰਿਤਕ ਮਨਰੇਗਾ ਮਜ਼ਦੂਰਾਂ ਦੇ ਵਾਰਸਾਂ ਨੂੰ 5-5 ਲੱਖ ਮੁਆਵਜ਼ਾ ਤੇ ਦਿੱਤੀ ਜਾਵੇ ਸਰਕਾਰੀ ਨੌਕਰੀ : ਕੂੰਮ ਕਲਾਂ

ਸਮਰਾਲਾ (ਸੁਰਜੀਤ ਸਿੰਘ)-ਅੱਜ ਇੱਥੇ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ (ਸੀਟੂ) ਦੇ ਸੂਬਾਈ ਪ੍ਰਧਾਨ ਸਾਥੀ ਸ਼ੇਰ ਸਿੰਘ ਫਰਵਾਹੀ, ਜਨਰਲ ਸਕੱਤਰ ਸਾਥੀ ਅਮਰਨਾਥ ਕੂੰਮਕਲਾਂ, ਵਿੱਤ ਸਕੱਤਰ ਸਾਥੀ ਸਾਥੀ ਗੁਰਨਾਮ ਸਿੰਘ ਘਨੌਰ ਨੇ ਪੁਲਸ ਸਟੇਸ਼ਨ ਮਲੌਦ ਅਧੀਨ ਪੈਂਦੇ ਪਿੰਡ ਲਹਿਲ ਵਿਖੇ ਮਨਰੇਗਾ ਤਹਿਤ ਕੰਮ ਕਰਦੀਆਂ ਦੋ ਮਨਰੇਗਾ ਮਜ਼ਦੂਰਾਂ ਜਿਨ੍ਹਾਂ 'ਚ ਬਲਜਿੰਦਰ ਕੌਰ ਅਤੇ ਬੁੱਧਾਂ ਨਾਂ ਦੀਆਂ ਔਰਤਾਂ ਨੂੰ ਇੱਕ ਤੇਜ਼ ਰਫਤਾਰ ਕਾਰ ਚਾਲਕ ਨੇ ਕੁਚਲ ਦਿੱਤਾ ਜੋ ਮੌਕੇ 'ਤੇ ਹੀ ਦਮ ਤੋੜ ਗਈਆਂ। ਕਾਰ ਚਾਲਕ ਨੂੰ ਲੋਕਾਂ ਦੀ ਮਦਦ ਨਾਲ ਭਾਵੇਂ ਪੁਲਸ ਨੇ ਕਾਬੂ ਕਰ ਲਿਆ ਹੈ ਤੇ ਕਾਰਵਾਈ ਕਰਨ ਦਾ ਵਿਸ਼ਵਾਸ ਵੀ ਦਿਵਾਇਆ ਗਿਆ ਹੈ। ਪਰੰਤੂ ਪੰਜਾਬ ਸਰਕਾਰ ਅਤੇ ਪੇਂਡੂ ਪੰਚਾਇਤੀ ਵਿਕਾਸ ਮਹਿਕਮਾ ਵੱਲੋਂ ਮ੍ਰਿਤਕ ਮਜ਼ਦੂਰਾਂ ਦੇ ਪਰਵਾਰਾਂ ਨੂੰ 5-5 ਲੱਖ ਰੁਪਏ ਦਾ ਮੁਆਵਜ਼ਾ ਦੇਵੇ ਅਤੇ ਪਰਵਾਰ ਦੇ ਇੱਕ- ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ ਤਾਂ ਕਿ ਗਰੀਬ ਪਰਵਾਰ ਅਪਣੇ ਜੀਵਨ ਦਾ ਨਿਰਵਾਹ ਕਰ ਸਕਣ।

ਯੂਥ ਭਾਜਪਾ ਯੁਵਾ ਮੋਰਚਾ ਵੱਲੋਂ ਪ੍ਰੋਗਰਾਮ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਅੱਜ ਭਾਜਪਾ ਯੁਵਾ ਮੋਰਚਾ ਪੰਜਾਬ ਵੱਲੋਂ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ ਇਕ ਪ੍ਰੋਗਰਾਮ ਕਰਵਾਇਆ ਗਿਆ ਜਿਸ ਦੀ ਅਗਵਾਈ ਸੂਬਾ ਸਕੱਤਰ ਐਡਵੋਕੇਟ ਨਿਹਾਰਿਕਾ ਕਮਲ ਨੇ ਕੀਤੀ। ਭਾਜਪਾ ਯੁਵਾ ਮੋਰਚਾ ਨੇ ਪੰਜਾਬ ਦੇ ਨੌਜਵਾਨਾਂ ਨੂੰ ਭਾਜਪਾ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਸਬਕਾ ਹਾਥ ਸਬਕਾ ਵਿਕਾਸ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ। ਇਸ ਪ੍ਰੋਗਰਾਮ ਵਿੱਚ ਸੁਨੀਲ ਜਾਖੜ (ਭਾਜਪਾ ਸੂਬਾ ਪ੍ਰਧਾਨ), ਪਰਮਿੰਦਰ ਬਰਾੜ (ਭਾਜਪਾ ਸੂਬਾ ਸਕੱਤਰ), ਸਾਬਕਾ ਵਿਧਾਇਕ ਬਿੰਦਰ ਸਿੰਘ ਢੱਟੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਪ੍ਰੋਗਰਾਮ 'ਚ 1500 ਤੋਂ 2000 ਦੇ ਕਰੀਬ ਨੌਜਵਾਨ ਹਾਜ਼ਰ ਸਨ। ਭਾਜਪਾ ਦੇ ਸੂਬਾ ਸਕੱਤਰ ਪਰਮਿੰਦਰ ਬਰਾੜ ਨੇ ਨੌਜਵਾਨਾਂ ਨੂੰ ਭਾਜਪਾ ਨਾਲ ਜੋੜਨ ਅਤੇ ਸਬਕਾ ਹਾਥ ਸਬਕਾ ਵਿਕਾਸ 'ਤੇ ਜ਼ੋਰ ਦਿੱਤਾ। ਮੀਸ਼ੂ ਅਤੇ ਜੱਗੀ ਵਰਗੇ ਪੰਜਾਬ ਦੇ ਨੌਜਵਾਨ ਇਸ ਯੁਵਾ ਮੋਰਚੇ ਵਿੱਚ ਸਭ ਤੋਂ ਅੱਗੇ ਦਿਖਾਈ ਦਿੱਤੇ, ਜਿਨ੍ਹਾਂ ਨੇ ਯੁਵਾ ਮੋਰਚਾ ਦੀ ਮੁਹਿੰਮ ਨੂੰ ਹਰ ਘਰ ਤੱਕ ਪਹੁੰਚਾਇਆ। ਪੰਜਾਬ ਦੇ ਭਾਜਪਾ ਨਾਲ ਜੁੜਨ ਲਈ ਆਪਣਾ ਪੂਰਾ ਸਮਰਥਨ ਦਿੱਤਾ।

'ਆਪ' ਸਰਕਾਰ ਵੱਲੋਂ ਹਰੇਕ ਵਰਗ ਲਈ ਲੋਕ ਹਿਤੈਸ਼ੀ ਫੈਸਲੇ ਲਏ ਜਾ ਰਹੇ : ਆਗੂ

ਮੱਖੂ (ਰਛਪਾਲ ਸਿੰਘ ਸੰਧੂ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦੇ ਹਰੇਕ ਵਰਗ ਦੇ ਲੋਕਾਂ ਲਈ ਕਈ ਤਰ੍ਹਾਂ ਦੇ ਲੋਕ ਹਿਤੈਸ਼ੀ ਫੈਸਲੇ ਲਏ ਜਾ ਰਹੇ ਹਨ। ਨੌਜਵਾਨਾਂ ਨੂੰ ਵੱਡੇ ਪੱਧਰ 'ਤੇ ਮੈਰਿਟ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ, ਸੂਬੇ ਦੇ ਹਰੇਕ ਵਰਗ ਦੇ ਲੋਕਾਂ ਨੂੰ 600 ਯੂਨਿਟ ਬਿਜਲੀ ਮੁਫਤ ਦੇਣ ਅਤੇ ਹੋਰ ਵੱਡੇ ਫੈਸਲੇ ਲਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਨਗਰ ਪੰਚਾਇਤ ਮਖੂ ਦੇ ਸਾਬਕਾ ਐਮ ਸੀ ਡਾ. ਰਜੀਵ ਅਹੂਜਾ ਰਵੀ 'ਆਪ' ਆਗੂ, ਸੰਦੀਪ ਠੁਕਰਾਲ ਬਲਾਕ ਪ੍ਰਧਾਨ, ਸੌਰਵ ਅਹੂਜਾ ਬਲਾਕ ਪ੍ਰਧਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ ਕਿਉਂਕਿ ਮੁੱਖ ਮੰਤਰੀ ਮਾਨ ਵੱਲੋਂ ਜੋ ਵਾਅਦੇ ਪੰਜਾਬ ਦੇ ਲੋਕਾਂ ਨਾਲ ਚੋਣਾਂ ਦੌਰਾਨ ਕੀਤੇ ਸਨ ਉਨ੍ਹਾਂ ਵਾਅਦਿਆਂ ਨੂੰ ਪਹਿਲੇ ਸਾਲ ਤੋਂ ਹੀ ਪੂਰਾ ਕਰਨਾ ਸ਼ੁਰੂ ਕਰ ਦਿੱਤਾ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਜ਼ੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਬਿਨਾਂ ਭੇਦਭਾਵ ਹਲਕੇ 'ਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਹਰੇਕ ਵਰਗ ਦੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ।

ਡਾ. ਗੁਰਪ੍ਰੀਤ ਕੌਰ ਵੱਲੋਂ ਧੂਰੀ ਹਲਕੇ 'ਚ ਵਿਕਾਸ ਕਾਰਜਾਂ ਦਾ ਜਾਇਜ਼ਾ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਅੱਜ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਮਾਨ ਨੇ ਧੂਰੀ ਹਲਕੇ 'ਚ ਵੱਖ ਵੱਖ ਥਾਵਾਂ 'ਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਿੱਥੇ ਜਾਇਜ਼ਾ ਲਿਆ, ਉਥੇ ਅਗਾਮੀ ਦਿਨਾਂ 'ਚ ਕਈ ਨਵੇਂ ਉਲੀਕੇ ਜਾਣ ਵਾਲੇ ਪ੍ਰੋਜੈਕਟਾਂ ਦੀਆਂ ਥਾਂਵਾਂ ਦਾ ਨਿਰੀਖਣ ਵੀ ਕੀਤਾ। ਡਾ. ਗੁਰਪ੍ਰੀਤ ਕੌਰ ਅਤੇ ਮੁੱਖ ਮੰਤਰੀ ਦੇ ਓ.ਐਸ.ਡੀ. ਪ੍ਰੋ. ਉਂਕਾਰ ਸਿੰਘ ਸਿੱਧੂ ਨੇ ਅੱਜ ਸ਼ਹਿਰ ਦੇ ਭਲਵਾਨ ਵਾਲਾ ਅੱਡਾ, ਸੰਗਰੂਰ ਵਾਲੀ ਕੋਠੀ, ਬੱਬਨਪੁਰ ਰੈਸਟ ਹਾਊਸ, ਬੁਗਰਾ ਵਿਖੇ ਚੱਲ ਰਹੇ ਪਾਰਕ ਦੇ ਕੰਮ ਦਾ ਦੌਰਾ ਕਰਦਿਆਂ ਸ਼ਹਿਰ ਅੰਦਰ ਰਜਵਾਹੇ ਨੂੰ ਢਕਣ ਦੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ। ਗੱਲਬਾਤ ਕਰਦਿਆਂ ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਜਿੱਥੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਦਾ ਰਿਕਾਰਡ ਤੋੜ ਵਿਕਾਸ ਕਰਵਾਇਆ ਜਾ ਰਿਹਾ ਹੈ, ਉਥੇ ਧੂਰੀ ਹਲਕੇ ਨੂੰ ਪੰਜਾਬ ਦਾ ਮਾਡਲ ਸਿਟੀ ਬਣਾਇਆ ਜਾਵੇਗਾ ਅਤੇ ਅਗਾਮੀ ਦਿਨਾਂ ਵਿੱਚ ਧੂਰੀ ਵਿੱਚ ਕਈ ਵੱਡੇ ਪ੍ਰੋਜੈਕਟ ਲਿਆਂਦੇ ਜਾ ਰਹੇ ਹਨ। ਸ਼ਹਿਰ ਦੇ ਭਲਵਾਨ ਵਾਲਾ ਅੱਡਾ ਵਿੱਚ ਕਮਿਊਨਿਟੀ ਹਾਲ, ਸੰਗਰੂਰ ਵਾਲੀ ਕੋਠੀ 'ਚ ਸ਼ਾਪਿੰਗ ਕੰਪਲੈਕਸ ਅਤੇ ਸ਼ਹਿਰ ਦੇ ਦੋਹਲਾ ਰੋਡ ਦੇ ਨੇੜੇ ਪਾਰਕ ਬਣਾਉਣ ਦੀ ਤਜਵੀਜ਼ ਦੇ ਮੱਦੇਨਜ਼ਰ ਇਹ ਦੌਰੇ ਕੀਤੇ ਗਏ ਹਨ। ਇਸ ਮੌਕੇ ਮੁੱਖ ਮੰਤਰੀ ਕੈਂਪ ਦਫ਼ਤਰ ਦੇ ਇੰਚਾਰਜ ਅੰਮ੍ਰਿਤ ਬਰਾੜ, ਗਾਗੂ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਮਾਰਕਿਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਟਰੇਡ ਵਿੰਗ ਦੇ ਸੂਬਾ ਆਗੂ ਸਤਿੰਦਰ ਸਿੰਘ ਚੱਠਾ, ਘੱਟ ਗਿਣਤੀ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਡਾ. ਅਨਵਰ ਭਸੌੜ, ਅਮਰਦੀਪ ਸਿੰਘ ਧਾਂਦਰਾ, ਵਿਕਾਸ ਜੈਨ, ਸ਼ਹਿਰੀ ਬਲਾਕ ਪ੍ਰਧਾਨ ਐਡਵੋਕੇਟ ਹੈਪੀ ਗਰਗ ਸਮੇਤ ਵੱਡੀ ਗਿਣਤੀ 'ਚ ਆਪ ਕਾਰਕੁੰਨ ਹਾਜ਼ਰ ਸਨ।

ਵਿਧਾਇਕ ਨੇ ਬਕੈਨਵਾਲਾ 'ਚ ਕਮਿਊਨਿਟੀ ਹਾਲ ਦਾ ਰੱਖਿਆ ਨੀਂਹ ਪੱਥਰ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਅੱਜ ਫਾਜ਼ਿਲਕਾ ਦੇ ਲੋਕਾਂ ਦੀ ਚਿਰੋਕਣੀ ਮੰਗ ਨੂੰ ਉਸ ਵੇਲੇ ਬੂਰ ਪਿਆ ਜਦੋਂ ਵਿਧਾਇਕ ਫਾਜ਼ਿਲਕਾ ਨਰਿੰਦਰਪਾਲ ਸਿੰਘ ਸਵਨਾ ਨੇ ਪਿੰਡ ਬਕੈਨਵਾਲਾ ਵਿਖੇ ਕਮਿਊਨਟੀ ਹਾਲ ਦਾ ਨੀਂਹ ਪੱਥਰ ਰੱਖ ਕੇ ਪਿੰਡ ਵਾਸੀਆਂ ਵਾਸੀਆਂ ਨੂੰ ਨਵੀਂ ਸੌਗਾਤ ਦੇਣ ਦਾ ਆਗਾਜ਼ ਕੀਤਾ। ਇਸ ਮੌਕੇ ਵਿਧਾਇਕ ਸਵਨਾ ਨੇ ਆਖਿਆ ਕਿ ਫਾਜ਼ਿਲਕਾ ਨੂੰ ਨਮੂਨੇ ਦਾ ਹਲਕਾ ਬਣਾਉਣ ਲਈ ਜਿੰਨੀਆਂ ਬੁਨਿਆਦੀ ਸਹੂਲਤਾਂ ਹਲਕਾ ਵਾਸੀਆਂ ਨੂੰ ਮਿਲਣੀਆਂ ਚਾਹੀਦੀਆਂ ਹਨ, ਉਨ੍ਹਾਂ 'ਚ ਇਕ ਕਮਿਊਨਿਟੀ ਹਾਲ ਵੀ ਸੀ ਜਿਸ ਦਾ ਅੱਜ ਨੀਂਹ ਪੱਥਰ ਰੱਖਿਆ ਗਿਆ। ਉਨ੍ਹਾਂ ਕਿਹਾ ਕਿ ਇਹ ਕਮਿਊਨਿਟੀ ਹਾਲ ਪੰਜਾਬ ਸਰਕਾਰ ਵੱਲੋਂ ਸਾਢੇ 7 ਲੱਖ ਦੀ ਲਾਗਤ ਨਾਲ ਬਣਾਇਆ ਜਾਵੇਗਾ ਤੇ ਇਸ ਕਮਿਊਨਿਟੀ ਹਾਲ ਦੀ ਮੁਕੰਮਲਤਾ ਤੋਂ ਬਾਅਦ ਪਿੰਡ ਦੇ ਲੋਕ ਇਸ ਜਗ੍ਹਾ 'ਤੇ ਕੋਈ ਵੀ ਸੰਮੇਲਨ ਤੇ ਜਾਂ ਹੋਰ ਕੋਈ ਸਮਾਗਮ ਕਰ ਸਕਿਆ ਕਰਨਗੇ। ਇਸ ਮੌਕੇ ਚੇਅਰਮੈਨ ਪਰਮਜੀਤ ਸਿੰਘ ਨੂਰਸ਼ਾਹ, ਹਰਜਿੰਦਰ ਸਿੰਘ ਬਕੈਨ ਵਾਲਾ, ਇੰਦਰਜੀਤ ਸਿੰਘ, ਦਲੀਪ ਸਹਾਰਨ ਬਲਾਕ ਪ੍ਰਧਾਨ, ਧਰਮਵੀਰ ਬਲਾਕ ਪ੍ਰਧਾਨ, ਗੌਰਵ ਕੰਬੋਜ, ਨਵਪ੍ਰੀਤ ਸਿੰਘ ਔਲਖ, ਗੁਰਪ੍ਰੀਤ ਸਿੰਘ ਢਿੱਲੋਂ, ਇੰਦਰ ਸਿੰਘ ਸਾਬਕਾ ਸਰਪੰਚ ਅਤੇ ਪੂਰਨ ਸਿੰਘ ਬਕੈਨ ਵਾਲਾ ਆਦਿ ਹਾਜ਼ਰ ਸਨ।

ਏ ਆਈ ਐੱਸ ਐੱਫ ਨੇ ਏ ਡੀ ਸੀ ਨੂੰ ਸੌਂਪਿਆ ਮੰਗ ਪੱਤਰ

ਆਈ ਟੀ ਆਈ 'ਚ ਨਵੇਂ ਬਾਥਰੂਮ ਤੇ ਆਰ ਓ ਸਿਸਟਮ ਲਗਵਾਉਣ ਦੀ ਮੰਗ

ਫਾਜ਼ਿਲਕਾ (ਕ੍ਰਿਸ਼ਨ ਸਿੰਘ)-ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਏ ਆਈ ਐੱਸ ਐੱਫ) ਜ਼ਿਲ੍ਹਾ ਕੌਂਸਲ ਫਾਜ਼ਿਲਕਾ

22-Nov-PAGE-3.qxd 11/21/2023 11:01 PM Page 1

ਵਪਾਰਕ ਲੋੜਾਂ ਲਈ ਖੇਤੀ ਤੇ ਡੇਅਰੀ ਉਤਪਾਦਾਂ ਦੀ ਜਾਂਚ ਲਈ ਨਮੂਨੇ ਹੁਣ ਅੰਮ੍ਰਿਤਸਰ ਹੀ ਦਿੱਤੇ ਜਾ ਸਕਣਗੇ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)

ਅੰਮ੍ਰਿਤਸਰ ਦੇ ਕਾਰੋਬਾਰੀ ਅਤੇ ਕਿਸਾਨਾਂ ਦੀਆਂ ਲੋੜਾਂ ਲਈ ਖੇਤੀ ਅਤੇ ਡੇਅਰੀ ਉਤਪਾਦਾਂ ਦੇ ਮਿਆਰ ਦੀ ਜਾਂਚ ਕਰਨ ਲਈ ਹੁਣ ਮੁਹਾਲੀ ਜਾਂ ਦੂਰ ਦੇ ਸ਼ਹਿਰਾਂ ਵਿੱਚ ਜਾਣ ਦੀ ਲੋੜ ਨਹੀਂ ਬਲਕਿ ਇਸ ਲਈ ਨਮੂਨੇ ਅੰਮ੍ਰਿਤਸਰ ਵਿੱਚ ਹੀ ਦਿੱਤੇ ਜਾ ਸਕਣਗੇ। ਅੱਜ ਮੁਹਾਲੀ ਸਥਿਤ ਪੰਜਾਬ ਬਾਇਓਟੈਕਨਾਲੋਜੀ ਇਨਕੂਬੇਟਰ ਨੇ ਖੇਤੀ ਭਵਨ ਅੰਮ੍ਰਿਤਸਰ ਵਿਖੇ ਆਪਣਾ ਨਮੂਨਾ ਸੰਗਹਿ ਖੋਲ੍ਹ ਦਿੱਤਾ ਹੈ। ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਨੇ ਇਸ ਸੈਂਟਰ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਜਸਵਿੰਦਰ ਸਿੰਘ ਰਮਦਾਸ, ਵਿਧਾਇਕ ਡਾ. ਅਜੈ ਗੁਪਤਾ, ਪੰਜਾਬ ਐਗਰੀ ਐਕਸਪੋਰਟ ਕੌਂਸਲ ਦੇ ਜਨਰਲ ਮੈਨੇਜਰ ਰਣਧੀਰ ਸਿੰਘ, ਪੰਜਾਬ ਬਾਇਓਟੈਕਨਾਲੋਜੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਡਾ. ਅਜੀਤ ਦੂਆ, ਖੇਤੀ ਅਧਿਕਾਰੀ ਡਾ. ਜਤਿੰਦਰ ਸਿੰਘ ਗਿੱਲ ਅਤੇ ਹੋਰ ਸ਼ਖਸੀਅਤਾਂ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦੇ ਡਿਪਟੀ ਕਮਿਸ਼ਨਰ ਸ੍ਰੀ ਥੋਰੀ ਨੇ ਦੱਸਿਆ ਕਿ ਖੇਤੀ ਵਪਾਰ ਦੀਆਂ ਸੀਮਾਵਾਂ ਅਥਾਹ ਹਨ ਅਤੇ ਇਹ ਸੀਮਾਵਾਂ ਤੱਕ ਪਹੁੰਚਣ ਲਈ ਸਾਡੇ ਕਾਰੋਬਾਰੀਆਂ ਨੂੰ ਨਿਰਯਾਤ ਕੀਤੇ ਜਾਣ ਵਾਲੇ ਪਦਾਰਥਾਂ ਦੇ ਜ਼ਰੂਰੀ ਟੈਸਟਾਂ ਦੀ ਲੋੜ ਪੈਂਦੀ ਹੈ ਜਿਸਨੂੰ ਇਹ ਸੈਂਟਰ ਪੂਰਾ ਕਰੇਗਾ। ਉਨ੍ਹਾਂ ਕਿਹਾ ਕਿ ਉਦਾਹਰਨ ਵਜੋਂ ਅੰਮ੍ਰਿਤਸਰ ਵਿੱਚ ਪੈਦਾ ਹੋਣ ਵਾਲੀ ਬਾਸਮਤੀ, ਆਲੂ, ਸ਼ਹਿਦ ਅਤੇ ਹੋਰ ਖੇਤੀ ਪਦਾਰਥ ਜਦੋਂ ਵੀ ਬਾਹਰ ਭੇਜੇ ਜਾਂਦੇ ਹਨ ਤਾਂ ਉਨਾਂ ਦੇਸ਼ਾਂ ਦੀ ਲੋੜ ਅਨੁਸਾਰ ਇਨਾਂ ਪਦਾਰਥਾਂ ਨੂੰ ਕਈ ਟੈਸਟਾਂ ਵਿਚੋਂ ਗੁਜਰਨਾ ਪੈਂਦਾ ਹੈ। ਪਹਿਲਾਂ ਸਾਡੇ ਐਕਸਪੋਰਟਰਾਂ ਨੂੰ ਇਹ ਟੈਸਟ ਕਰਵਾਉਣ ਲਈ ਦਿੱਲੀ ਜਾਂ ਦੂਰ ਦੇ ਸ਼ਹਿਰਾਂ ਵਿੱਚ ਜਾਣਾ ਪੈਂਦਾ ਸੀ ਜਿਸ ਨਾਲ ਸਮਾਂ ਅਤੇ ਖਰਚਾ ਦੋਵੇਂ ਲਗਦੇ ਸਨ, ਪਰ ਹੁਣ ਤੁਸੀਂ ਇਸ ਸੈਂਟਰ ਵਿੱਚ ਆਪਣੇ ਪਦਾਰਥਾਂ ਦਾ ਨਮੂਨਾ ਦੇ ਕੇ ਰਿਪੋਰਟ ਪ੍ਰਾਪਤ ਕਰ ਸਕੋਗੇ। ਉਨ੍ਹਾਂ ਨੇ ਕਈ ਉਦਾਹਰਨਾਂ ਦੇ ਕੇ ਸਮਝਾਇਆ ਕਿ ਕਿਸ ਤਰ੍ਹਾਂ ਬਿਨਾਂ ਟੈਸਟਿੰਗ ਤੋਂ ਭੇਜੇ ਗਏ ਖਾਦ ਪਦਾਰਥ ਵਿਦੇਸ਼ਾਂ ਤੋਂ ਰੱਦ ਹੋਣ ਕਾਰਨ ਕਾਰੋਬਾਰੀਆਂ ਲਈ ਵੱਡੇ ਘਾਟੇ ਦਾ ਸੌਦਾ ਬਣਦੇ ਰਹੇ। ਥੋਰੀ ਨੇ ਕਿਹਾ ਕਿ ਉਕਤ ਵਿਸ਼ਵ ਪੱਧਰੀ ਲੈਬ ਵਲੋਂ ਦਿੱਤੀ ਗਈ ਰਿਪੋਰਟ ਨੂੰ ਚੈਲੈਂਜ ਕਰਨਾ ਲਗਭੱਗ ਅਸੰਭਵ ਵਾਲੀ ਗੱਲ ਹੈ। ਉਨਾਂ ਨੇ ਇਸ ਖਿੱਤੇ ਦੇ ਕਾਰੋਬਾਰੀਆਂ ਨੂੰ ਪੰਜਾਬ ਸਰਕਾਰ ਵਲੋਂ ਦਿੱਤੀ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਇਸ ਮੌਕੇ ਸੰਬੋਧਨ ਕਰਦੇ ਵਿਧਾਇਕ ਡਾ. ਅਜੈ ਗੁਪਤਾ ਨੇ ਕਿਹਾ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੇ ਯਤਨਾਂ ਨਾਲ ਸਾਡੇ ਸ਼ਹਿਰ ਨੂੰ ਇਸ ਸੈਂਟਰ ਦੀ ਸਹੂਲਤ ਮਿਲੀ ਹੈ, ਜੋ ਕਿ ਇਸ ਇਲਾਕੇ ਵਿੱਚ ਖੇਤੀ ਵਪਾਰ ਦੇ ਮੌਕਿਆਂ ਨੂੰ ਵਧਾਏਗਾ। ਵਿਧਾਇਕ ਜਸਵਿੰਦਰ ਸਿੰਘ ਰਮਦਾਸ ਨੇ ਦੱਸਿਆ ਕਿ ਕਈ ਸਾਲਾਂ ਦੀ ਉਡੀਕ ਮਗਰੋਂ ਅੱਜ ਇਸ ਲੈਬ ਦਾ ਸੈਂਟਰ ਸਾਨੂੰ ਨਸੀਬ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਸੈਂਟਰ ਦੀ ਸਥਾਪਤੀ ਨਾਲ ਇਹ ਗੱਲ ਪੱਕੀ ਹੋ ਗਈ ਹੈ ਕਿ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਜੋ ਕਹਿੰਦੇ ਹਨ ਉਹ ਪੂਰਾ ਕਰਦੇ ਹਨ। ਉਨ੍ਹਾਂ ਯਾਦ ਕਰਵਾਇਆ ਕਿ ਸਤੰਬਰ ਮਹੀਨੇ ਹੋਈ ਸਰਕਾਰ ਸਨਅਤਕਾਰ ਮਿਲਣੀ ਦੌਰਾਨ ਸ਼ਹਿਰ ਦੇ ਕਾਰੋਬਾਰੀਆਂ ਨੇ ਇਸ ਸੈਂਟਰ ਦੀ ਮੰਗ ਉਠਾਈ ਸੀ ਅਤੇ ਅੱਜ ਦੋ ਮਹੀਨਿਆਂ ਦੇ ਅਰਸੇ ਵਿੱਚ ਹੀ ਇਸਨੂੰ ਪੂਰਾ ਕਰ ਦਿੱਤਾ ਹੈ। ਇਸ ਮੌਕੇ ਪੰਜਾਬ ਬਾਇਓਟੈਕਨਾਲੋਜੀ ਦੇ ਮੁੱਖ ਕਾਰਜ਼ਕਾਰੀ ਅਧਿਕਾਰੀ ਡਾ. ਅਜੀਤ ਦੂਆ ਨੇ ਲੈਬ ਵਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ 'ਤੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ, ਜਦਕਿ ਖੇਤੀ ਅਧਿਕਾਰੀ ਡਾ. ਜਤਿੰਦਰ ਸਿੰਘ ਗਿੱਲ ਨੇ ਜ਼ਹਿਰ ਮੁਕਤ ਬਾਸਮਤੀ ਪੈਦਾ ਕਰਨ ਦੇ ਆਪਣੇ ਤਜਰਬੇ ਨੂੰ ਸਰੋਤਿਆਂ ਨਾਲ ਸਾਂਝੇ ਕੀਤਾ। ਇਸ ਮੌਕੇ ਜੀ.ਐਮ. ਇੰਡਸਟਰੀ ਸ੍ਰੀ ਇੰਦਰਜੀਤ ਟਾਂਡੀ, ਐਕਸਪੋਰਟਰ ਅਸ਼ੋਕ ਸੇਠੀ ਅਤੇ ਹੋਰ ਕਾਰੋਬਾਰੀ ਹਾਜ਼ਰ ਸਨ।

ਪੰਜ ਕਿਸਾਨ ਜਥੇਬੰਦੀਆਂ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਪ੍ਰੋਗਰਾਮ ਦੀ ਹਮਾਇਤ

ਚੰਡੀਗੜ੍ਹ (ਨ ਜ਼ ਸ)

ਇੱਥੇ ਪੰਜ ਕਿਸਾਨ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ), ਕੁੱਲ ਹਿੰਦ ਕਿਸਾਨ ਫੈਡਰੇਸ਼ਨ, ਕਿਸਾਨ ਸੰਘਰਸ਼ ਕਮੇਟੀ ਪੰਜਾਬ, ਭਾਰਤੀ ਕਿਸਾਨ ਯੂਨੀਅਨ (ਮਾਨਸਾ) ਅਤੇ ਆਜਾਦ ਕਿਸਾਨ ਸੰਘਰਸ਼ ਕਮੇਟੀ ਦੀ ਵਰਚੁਅਲ ਮੀਟਿੰਗ ਅਗਲੇ ਪ੍ਰੋਗਰਾਮਾਂ ਉੱਤੇ ਵਿਚਾਰ ਕਰਨ ਲਈ ਹੋਈ। ਮੀਟਿੰਗ ਵਿੱਚ ਪ੍ਰੇਮ ਸਿੰਘ ਭੰਗੂ, ਕੰਵਲਪ੍ਰੀਤ ਸਿੰਘ ਪੰਨੂ, ਬੋਘ ਸਿੰਘ ਮਾਨਸਾ, ਹਰਜਿੰਦਰ ਸਿੰਘ ਟਾਂਡਾ, ਗੁਲਜਾਰ ਸਿੰਘ ਸਲੇਮਪੁਰ, ਤੇਜਿੰਦਰ ਸਿੰਘ, ਰਜਿੰਦਰ ਸਿੰਘ ਕੋਟਪਨੈਚ, ਬੋਅੰਤ ਸਿੰਘ ਮਹਿਮਾਸਰਜਾ, ਪਵਨ ਕੁਮਾਰ ਸੋਗਲਪੁਰ, ਹਰਵਿੰਦਰ ਸਿੰਘ ਗਿੱਲ ਅਤੇ ਪ੍ਰੋ: ਸਰਤਾਜ ਸਿੰਘ ਸ਼ਾਮਿਲ ਹੋਏ। ਪ੍ਰੇਮ ਸਿੰਘ ਭੰਗੂ ਅਤੇ ਕੰਵਲਪ੍ਰੀਤ ਸਿੰਘ ਪੰਨੂ ਨੇ ਮੀਟਿੰਗ ਉਪਰੰਤ ਦੱਸਿਆ ਕਿ ਜਥੇਬੰਦੀਆਂ ਨੇ ਕੇਂਦਰ ਸਰਕਾਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਦਬਾਅ ਪਾਉਣ ਲਈ 26 ਤੋਂ 28 ਨਵੰਬਰ ਤੱਕ ਦਿੱਤੇ ਜਾ ਰਹੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰੋਗਰਾਮ ਦੀ ਹਮਾਇਤ ਕਰਨ ਦਾ ਫੈਸਲਾ ਕੀਤਾ ਹੈ ਜਿਨਾਂ ਨੂੰ ਲਾਗੂ ਕਰਨ ਲਈ ਕੇਂਦਰ ਸਰਕਾਰ ਨੇ ਤਿੰਨ ਖੇਤੀ ਵਿਰੋਧੀ ਕਾਨੂੰਨਾਂ ਨੂੰ ਰੱਦ ਕਰਨ ਸਮੇਂ ਸਹਿਮਤੀ ਦਿੱਤੀ ਸੀ। ਉਪਰੋਕਤ ਮੰਗਾਂ ਨਾਲ ਕਿਸਾਨਾਂ ਅਤੇ ਮਜਦੂਰਾਂ ਦੀ ਮੁਕੰਮਲ ਕਰਜਾ ਮੁਕਤੀ ਅਤੇ ਉਹਨਾਂ ਦੀ ਸਮਾਜਿਕ ਸੁਰੱਖਿਆ ਦੇ ਮੁੱਦੇ ਵੀ ਸ਼ਾਮਿਲ ਹਨ। ਉਨ੍ਹਾਂ ਸੰਗਠਨਾਂ ਵਿਚ ਏਕਤਾ ਦੀ ਪ੍ਰਕਿਰਿਆ ਦੀ ਸ਼ਲਾਘਾ ਕੀਤੀ ਅਤੇ ਸਮਰਥਨ ਕੀਤਾ ਜਿਸ ਦੀ ਫੌਰੀ ਲੋੜ ਹੈ। ਜਥੇਬੰਦੀਆਂ 26 ਤੋਂ 28 ਨਵੰਬਰ ਦੇ ਪ੍ਰੋਗਰਾਮ ਵਿੱਚ ਸੰਕੇਤਿਕ ਸ਼ਮੂਲੀਅਤ ਕਰਨਗੀਆਂ। ਉਨ੍ਹਾਂ ਅੱਗੇ ਕਿਹਾ ਕਿ ਏਕਤਾ ਦੇ ਅਮਲ ਨੂੰ ਹੋਰ ਤੇਜ ਕਰਨ ਲਈ ਪੰਜ ਜਥੇਬੰਦੀਆਂ ਦੀ ਜਨਰਲ ਬਾਡੀ ਦੀ ਮੀਟਿੰਗ 2 ਦਸੰਬਰ ਨੂੰ ਕਿਸਾਨ ਭਵਨ ਚੰਡੀਗੜ੍ਹ ਵਿਖੇ ਸੱਦੀ ਗਈ ਹੈ, ਜੋ ਜਥੇਬੰਦੀਆਂ ਦੀ ਵਿਆਪਕ ਏਕਤਾ ਲਈ ਰਾਹ ਪੱਧਰਾ ਕਰੇਗੀ ਅਤੇ ਭਵਿੱਖ ਦੇ ਸਾਂਝੇ ਸੰਘਰਸ਼ ਲਈ ਘੱਟੋ-ਘੱਟ ਪ੍ਰੋਗਰਾਮ ਉਲੀਕੇਗੀ। ਜੱਥੇਬੰਦੀਆਂ ਨੇ ਪਰਾਲੀ ਸਾੜਨ ਅਤੇ ਮਾਲ ਰਿਕਾਰਡ ਵਿੱਚ ਲਾਲ ਐਂਟਰੀਆਂ ਕਰਨ ਲਈ ਕਿਸਾਨਾਂ ਖਿਲਾਫ ਐਫਆਈਆਰ ਦਰਜ ਕਰਨ ਦੀ ਸਖਤ ਨਿਖੇਧੀ ਕੀਤੀ ਹੈ। ਇਹ ਸੂਬਾ ਸਰਕਾਰ ਦੀ ਆਪਣੀ ਨਾਕਾਮੀ ਅਤੇ ਪਰਾਲੀ ਸਾੜਨ ਦੇ ਕਿਸੇ ਠੋਸ ਹੱਲ 'ਤੇ ਪਹੁੰਚਣ ਦੀ ਅਸਮਰੱਥਾ ਨੂੰ ਢੱਕਣ ਲਈ ਤਿਆਰ ਕੀਤਾ ਗਿਆ ਹੈ। ਕਿਸਾਨਾਂ 'ਤੇ ਸਿਰਫ ਸੁਪਰੀਮ ਕੋਰਟ ਨੂੰ ਖੁਸ਼ ਕਰਨ ਲਈ ਪ੍ਰਦੂਸ਼ਣ ਫੈਲਾਉਣ ਲਈ ਬੇਲੋੜਾ ਦੋਸ਼ ਲਗਾਇਆ ਜਾਂਦਾ ਹੈ ਕਿ ਸਰਕਾਰ ਉਹਨਾਂ ਦੇ ਖਿਲਾਫ ਕਾਨੂੰਨੀ ਕਾਰਵਾਈ ਕਰ ਰਹੀ ਹੈ। ਉਨ੍ਹਾਂ ਐਫਆਈਆਰਜ ਨੂੰ ਤੁਰੰਤ ਰੱਦ ਕਰਨ ਅਤੇ ਕਿਸਾਨਾਂ ਦੀਆਂ ਜਮ੍ਹਾਂਬੰਦੀਆਂ ਤੋਂ ਲਾਲ ਐਂਟਰੀਆਂ ਹਟਾਉਣ ਦੀ ਮੰਗ ਕੀਤੀ।

ਉਚੇਰੀ ਸਿੱਖਿਆ ਤੇ ਕਿੱਤਾ ਮੁਖੀ ਕੋਰਸਾਂ ਸੰਬੰਧੀ ਸਪਾਰਕ ਮੇਲਾ 29-30 ਨੂੰ

ਜਲੰਧਰ,(ਸੁਰਿੰਦਰ ਕੁਮਾਰ)

ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਤੇ ਕਿੱਤਾਮੁਖੀ ਕੋਰਸਾਂ ਸਬੰਧੀ ਜਾਣੂੰ ਕਰਵਾਉਣ ਲਈ ਸਪਾਰਕ ਮੇਲਾ 29 ਤੋਂ 30 ਨਵੰਬਰ ਤੱਕ ਗੁਰੂ ਗੋਬਿੰਦ ਸਿੰਘ ਸਟੇਡੀਅਮ, ਜਲੰਧਰ ਵਿਖੇ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵੱਖ-ਵੱਖ ਵਿਭਾਗਾਂ ਅਤੇ ਵਿਦਿਅਕ ਸੰਸਥਾਵਾਂ ਦੇ ਸਹਿਯੋਗ ਨਾਲ ਲਗਾਏ ਜਾਣ ਵਾਲੇ ਸਪਾਰਕ ਮੇਲੇ ਲਈ ਤਿਆਰੀਆਂ ਆਰੰਭ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸਪਾਰਕ ਮੇਲੇ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵੱਖ-ਵੱਖ ਅਧਿਕਾਰੀਆਂ ਦੀ ਪ੍ਰਧਾਨਗੀ ਹੇਠ ਵੱਖ-ਵੱਖ ਕਮੇਟੀਆਂ ਜਿਵੇਂ ਕਿ ਪ੍ਰਬੰਧਕੀ ਕਮੇਟੀ, ਕਰੀਅਰ ਕਾਊਂਸਲਿੰਗ ਕਮੇਟੀ, ਵੈਨਿਊ ਕਮੇਟੀ, ਮੇਲਾ ਕਮੇਟੀ, ਸਭਿਆਚਾਰਕ ਕਮੇਟੀ, ਮੈਡੀਕਲ ਕਮੇਟੀ, ਸਟੇਜ ਕਮੇਟੀ, ਟਰਾਂਸਪੋਰਟ ਕਮੇਟੀ, ਸੁਰੱਖਿਆ ਅਤੇ ਅਵਾਜਾਈ ਕਮੇਟੀ, ਫੂਡ ਕਮੇਟੀ, ਮੈਰਾਥਨ ਕਮੇਟੀ, ਸੈਨੀਟੇਸ਼ਨ ਕਮੇਟੀ ਆਦਿ ਦਾ ਗਠਨ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਸਪਾਰਕ ਮੇਲਾ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਸਮੇਂ ਦੌਰਾਨ ਹੀ ਅਪਣੀ ਰੁਚੀ ਅਨੁਸਾਰ ਉਚੇਰੀ ਸਿੱਖਿਆ ਅਤੇ ਕਿੱਤਾਮੁਖੀ ਕੋਰਸਾਂ ਦੀ ਚੋਣ ਕਰਨ ਵਿੱਚ ਵੱਡੇ ਪੱਧਰ 'ਤੇ ਮਾਰਗ ਦਰਸ਼ਨ ਕਰਨ ਵਿੱਚ ਸਹਾਈ ਸਿੱਧ ਹੋਵੇਗਾ। ਉਨਾਂ ਸਪਾਰਕ ਮੇਲੇ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਅਤੇ ਵੱਧ ਤੋਂ ਵੱਧ ਵਿਦਿਆਰਥੀਆਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਵੱਖ-ਵੱਖ ਕਮੇਟੀਆਂ ਦੇ ਨੁਮਾਇੰਦਿਆਂ ਨੂੰ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਵਿਦਿਅਕ ਸੰਸਥਾਵਾਂ ਨਾਲ ਤਾਲਮੇਲ ਕਰਕੇ ਲੋੜੀਂਦੇ ਪ੍ਰਬੰਧਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਿਆ ਜਾਵੇ।

ਵਿਸ਼ਵ ਮੱਛੀ ਪਾਲਣ ਦਿਵਸ ਮਨਾਇਆ

ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)

ਅੱਜ ਸੰਸਾਰ ਭਰ ਵਿੱਚ ਮਨਾਏ ਜਾਂਦੇ ਵਿਸ਼ਵ ਮੱਛੀ ਪਾਲਣ ਦਿਵਸ ਦੇ ਸੰਬੰਧ ਵਿੱਚ ਮੱਛੀ ਪਾਲਣ ਵਿਭਾਗ ਅੰਮ੍ਰਿਤਸਰ ਵੱਲੋਂ ਸਿਮਰਨ ਪੈਲੇਸ ਅੰਮ੍ਰਿਤਸਰ ਵਿਖੇ ਇਹ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਇੱਕ ਸੌ ਪੰਜਾਹ ਦੇ ਕਰੀਬ ਮੱਛੀ ਪਾਲਕਾਂ, ਮੱਛੀ ਵਿਕਰੇਤਾਂਵਾ ਅਤੇ ਠੇਕੇਦਾਰਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਸਭ ਤੋਂ ਪਹਿਲਾਂ ਗੁਰਬੀਰ ਸਿੰਘ ਸੀਨੀਅਰ ਮੱਛੀ ਪਾਲਣ ਅਫਸਰ, ਅੰਮ੍ਰਿਤਸਰ ਨੇ ਗੁਰਮੀਤ ਸਿੰਘ ਖੁੱਡੀਆਂ ਕੈਬਿਨਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਪੰਜਾਬ ਵੱਲੋਂ ਵਿਸ਼ਵ ਮੱਛੀ ਪਾਲਣ ਦਿਵਸ ਤੇ ਭੇਜੇ ਗਏ ਸੰਦੇਸ਼ ਬਾਰੇ ਜਾਣੂ ਕਰਵਾਇਆ ਗਿਆ ਜਿਸ ਵਿੱਚ ਕੈਬਿਨਟ ਮੰਤਰੀ ਨੇ ਇਸ ਦਿਵਸ ਤੇ ਮੱਛੀ ਪਾਲਕਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਪੰਜਾਬ ਸਰਕਾਰ ਮੱਛੀ ਪਾਲਣ ਕਿੱਤੇ ਨੂੰ ਸੂਬੇ ਵਿੱਚ ਹੋਰ ਪ੍ਰਫੁੱਲਤ ਕਰਨ ਵਾਸਤੇ ਹਰ ਸੰਭਵ ਸਹਾਇਤਾ ਦੇਣ ਲਈ ਵਚਨਬੱਧ ਹੈ। ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬਾ ਮੱਛੀ ਪਾਲਣ ਦੇ ਖੇਤਰ ਵਿੱਚ ਲਗਾਤਾਰ ਪ੍ਰਗਤੀ ਕਰ ਰਿਹਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੱਛੀ ਪਾਲਣ ਦੇ ਧੰਦੇ ਨਾਲ ਜੁੜ ਕੇ ਵਿਭਾਗ ਵੱਲੋਂ ਚਲਾਈਆ ਜਾ ਰਹੀਆਂ ਵੱਖ-ਵੱਖ ਸਕੀਮਾਂ ਦਾ ਲਾਭ ਉਠਾਉਣ। ਇਸ ਉਪਰੰਤ ਮੈਡਮ ਸੁਪਰਿਆ ਕੰਬੋਜ ਮੱਛੀ ਪਾਲਣ ਅਫਸਰ ਅੰਮ੍ਰਿਤਸਰ ਅਤੇ ਵਿਸ਼ਾਲ ਸ਼ਰਮਾਂ ਮੱਛੀ ਪਾਲਣ ਅਫਸਰ ਪਠਾਨਕੋਟ ਨੇਂ ਵਿਭਾਗ ਵਿੱਚ ਚੱਲ ਰਹੀਆਂ ਵੱਖ-ਵੱਖ ਸਕੀਮਾਂ ਤੋਂ ਜਾਣੂ ਕਰਵਾਇਆ। ਹਰਦੇਵ ਸਿੰਘ ਸਹਾਇਕ ਡਾਇਰੈਕਟਰ ਮੱਛੀ ਪਾਲਣ ਅੰਮ੍ਰਿਤਸਰ ਨੇ ਵੱਖ-ਵੱਖ ਜਿਲ੍ਹਿਆਂ ਦੇ ਪਿੰਡਾ ਤੋਂ ਆਏ ਹੋਏ ਮੱਛੀ ਪਾਲਕਾਂ, ਮੱਛੀ ਵਿਕਰੇਤਾਂਵਾ ਅਤੇ ਠੇਕੇਦਾਰਾਂ ਦਾ ਧੰਨਵਾਦ ਕਰਦਿਆਂ ਹੋਇਆਂ ਹਰ ਸਾਲ 21 ਨਵੰਬਰ ਨੂੰ ਮਨਾਏ ਜਾਂਦੇ ਵਿਸ਼ਵ ਮੱਛੀ ਪਾਲਣ ਦਿਵਸ ਦੀ ਮਹੱਤਤਾ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਮੱਛੀ ਪਾਲਣ ਨੂੰ ਉਤਸ਼ਾਹਿਤ ਕਰਨ ਵਾਸਤੇ ਪੀ. ਐਮ. ਐਮ. ਐਸ. ਵਾਈ ਸਕੀਮ ਅਧੀਨ ਨਵੇਂ ਮੱਛੀ ਤਲਾਬ ਦੀ ਪੁਟਾਈ/ਪਹਿਲੇ ਸਾਲ ਦੀ ਖਾਦ-ਖੁਰਾਕ, ਨਵੀਂ ਫਿਸ਼ ਫੀਡ ਮਿਲ ਅਤੇ ਮੱਛੀ ਨੂੰ ਗਾਹਕਾਂ ਤੱਕ ਪਹੁਚਾਉਣ ਲਈ ਮੋਟਰਸਾਈਕਲ/ਸਾਈਕਲ/ਆਟੋ/ਆਰ.ਏ.ਐਸ.ਯੂਨਿਟ/ਬਾਇਓਫਲਾਕ ਯੂਨਿਟ ਮੱਛੀ ਵਿਕਰੇਤਾ ਲਈ ਦੁਕਾਨ/ ਕਿਓਸਕ/ਸਜਾਵਟੀ ਮੱਛੀਆਂ ਦੇ ਯੂਨਿਟ ਆਦਿ ਤੇ ਜਨਰਲ ਵਰਗ ਨੂੰ ਯੂਨਿਟ ਕਾਸਟ ਦਾ 40% ਅਤੇ ਐਸ.ਸੀ/ਐਸ.ਟੀ ਨੂੰ 60% ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ ਅਤੇ ਮੱਛੀ ਪਾਲਣ ਦਾ ਧੰਦਾ ਸਹਾਇਕ ਧੰਦਿਆਂ ਵਿੱਚੋਂ ਇੱਕ ਬਹੁਤ ਹੀ ਵਧੀਆ ਧੰਦਾ ਹੈ ਜਿਸ ਰਾਹੀਂ ਕਿਸਾਨ ਆਪਣੀ ਆਮਦਨ ਵਿੱਚ ਦੁੱਗਣਾ ਵਾਧਾ ਕਰ ਸਕਦੇ ਹਨ ਅਤੇ ਬੇਰੋਜ਼ਗਾਰ ਨੋਜਵਾਨ ਵੀ ਇਸ ਨੂੰ ਰੋਜ਼ਗਾਰ ਵਜੋਂ ਅਪਣਾ ਸਕਦੇ ਹਨ। ਇਸ ਮੌਕੇ ਮਹਿੰਦਰਪਾਲ ਸਿੰਘ ਸਹਾਇਕ ਡਾਇਰੈਕਟਰ ਮੱਛੀ ਪਾਲਣ ਤਰਨਤਾਰਨ, ਦਲਜੀਤ ਸਿੰਘ ਸਹਾਇਕ ਡਾਇਰੈਕਟਰ ਮੱਛੀ ਪਾਲਣ ਗੁਰਦਾਸਪੁਰ, ਰਜੀਵ ਕੁਮਾਰ ਸਹਾਇਕ ਡਾਇਰੈਕਟਰ ਮੱਛੀ ਪਾਲਣ ਹੁਸ਼ਿਆਰਪੁਰ, ਗੁਰਵਿੰਦਰ ਸਿੰਘ ਸਹਾਇਕ ਡਾਇਰੈਕਟਰ ਮੱਛੀ ਪਾਲਣ ਪਠਾਨਕੋਟ, ਵਿਕਰਮਪ੍ਰੀਤ ਸਿੰਘ ਸਹਾਇਕ ਡਾਇਰੈਕਟਰ ਮੱਛੀ ਪਾਲਣ ਕਪੂਰਥਲਾ, ਗੁਰਬੀਰ ਸਿੰਘ ਸੀਨੀਅਰ ਮੱਛੀ ਪ

22-Nov-PAGE-4.qxd 11/21/2023 11:14 PM Page 1

ਨਵਾਂ ਜ਼ਮਾਨਾ
ਬੁੱਧਵਾਰ, 22 ਨਵੰਬਰ 2023

ਖਿਡਾਰੀ ਨਹੀਂ ਹਾਕਮ ਹਾਰੇ

ਸੰਸਾਰ ਕੱਪ ਦੇ ਆਖ਼ਰੀ ਮੈਚ ਵਿੱਚ ਆਸਟ੍ਰੇਲੀਆ ਹੱਥੋਂ ਭਾਰਤ ਦੀ ਹਾਰ ਤੋਂ ਸਾਨੂੰ ਕੋਈ ਹੈਰਾਨੀ ਨਹੀਂ ਹੋਈ। ਅਸਲ ਵਿੱਚ ਇਹ ਸੰਸਾਰ ਕੱਪ ਸ਼ੁਰੂ ਤੋਂ ਅੰਤ ਤੱਕ ਰਾਜਨੀਤਕ ਪਿੱਚ 'ਤੇ ਖੇਡਿਆ ਗਿਆ ਸੀ। ਫਾਈਨਲ ਵਾਂਗ ਇਸ ਸੰਸਾਰ ਕੱਪ ਦਾ ਉਦਘਾਟਨੀ ਮੈਚ ਵੀ ਅਹਿਮਦਾਬਾਦ ਦੇ ਨਰਿੰਦਰ ਮੋਦੀ ਦੇ ਨਾਂਅ ਵਾਲੇ ਇਸੇ ਸਟੇਡੀਅਮ ਵਿੱਚ ਖੇਡਿਆ ਗਿਆ ਸੀ। ਭਾਰਤ ਤੇ ਪਾਕਿਸਤਾਨ ਵਿਚਾਲੇ ਹੋਏ ਇਸ ਮੈਚ ਦੌਰਾਨ ਸਭ ਮਰਿਆਦਾਵਾਂ ਤੋੜ ਕੇ ਹਿੰਦੂ-ਮੁਸਲਿਮ ਦਾ ਮਾਹੌਲ ਸਿਰਜਣ ਦੀ ਪੂਰੀ ਕੋਸ਼ਿਸ਼ ਕੀਤੀ ਗਈ। ਖਿਡਾਰੀਆਂ ਦੀ ਥਾਂ ਨਰਿੰਦਰ ਮੋਦੀ ਜ਼ਿੰਦਾਬਾਦ ਤੇ ਜੈ ਸ੍ਰੀਰਾਮ ਦੇ ਨਾਅਰੇ ਲਾਏ ਗਏ। ਪਾਕਿਸਤਾਨੀ ਖਿਡਾਰੀਆਂ ਦਾ ਅਪਮਾਨ ਕਰਨ ਦੀ ਕੋਸ਼ਿਸ਼ ਕੀਤੀ ਗਈ। ਇਹ ਸਭ ਕੁਝ ਸਾਰੀ ਦੁਨੀਆ ਦੇਖ ਰਹੀ ਸੀ। ਹਾਕਮਾਂ ਦਾ ਇੱਕੋ-ਇੱਕ ਨਿਸ਼ਾਨਾ ਪੰਜ ਰਾਜਾਂ ਦੀਆਂ ਚੋਣਾਂ ਵਿੱਚ ਇਸ ਖੇਡ ਦਾ ਲਾਹਾ ਲੈਣਾ ਸੀ। ਇਸ ਲਈ ਪੂਰੀ ਤਿਆਰੀ ਕੀਤੀ ਗਈ ਸੀ। ਇਹ ਅਸੀਂ ਹੀ ਨਹੀਂ ਕਹਿੰਦੇ ਆਸਟ੍ਰੇਲੀਆ ਦੇ ਸਫ਼ਲ ਕਪਤਾਨ ਰਹੇ ਰਿੱਕੀ ਪੋਂਟਿੰਗ ਨੇ ਵੀ ਇਹੋ ਕਿਹਾ ਹੈ।

ਰਿੱਕੀ ਪੋਂਟਿੰਗ ਨੇ ਯਾਹੂ ਸਪੋਰਟਸ ਨੂੰ ਦਿੱਤੇ ਬਿਆਨ ਵਿੱਚ ਕਿਹਾ ਹੈ, "ਅਜਿਹਾ ਲੱਗ ਰਿਹਾ ਸੀ ਕਿ ਭਾਰਤ ਦੀ ਜਿੱਤ ਪੱਕੀ ਕਰਨ ਲਈ ਪਿੱਚ ਨੂੰ ਪੂਰੀ ਤਰ੍ਹਾਂ ਤਿਆਰ ਕੀਤਾ ਗਿਆ ਸੀ। ਮੈਚਾਂ ਦਾ ਸ਼ਡਿਊਲ ਤੇ ਪਿੱਚਾਂ ਦੇ ਮਾਮਲੇ ਵਿੱਚ ਇੰਟਰਨੈਸ਼ਨਲ ਕ੍ਰਿਕਟ ਕੌਂਸਲ (ਆਈ ਸੀ ਸੀ) ਭਾਰਤੀ ਕ੍ਰਿਕਟ ਕੰਟਰੋਲ ਬੋਰਡ (ਬੀ ਸੀ ਸੀ ਆਈ) ਅੱਗੇ ਝੁਕ ਗਈ ਸੀ। ਬੀ ਸੀ ਸੀ ਆਈ ਭਾਰਤ ਦੀ ਜਿੱਤ ਪੱਕੀ ਕਰਨ ਲਈ ਆਖਰੀ ਸਮੇਂ 'ਤੇ ਪਿੱਚ ਬਦਲਣ ਲਈ ਆਈ ਸੀ ਸੀ ਨੂੰ ਰਾਜ਼ੀ ਕਰਨ ਵਿੱਚ ਕਾਮਯਾਬ ਹੋ ਗਿਆ ਸੀ।"

ਰਿੱਕੀ ਪੋਂਟਿੰਗ ਦੇ ਇਸ ਬਿਆਨ ਤੋਂ ਬਾਅਦ ਸਾਫ਼ ਹੋ ਗਿਆ ਹੈ ਕਿ ਮੈਚਾਂ ਦਾ ਸਾਰਾ ਸ਼ਡਿਊਲ ਇਸ ਤਰ੍ਹਾਂ ਤੈਅ ਕੀਤਾ ਗਿਆ, ਜਿਸ ਨਾਲ ਚੋਣਾਂ ਜਿੱਤਣ ਲਈ ਮੋਦੀ ਦੇ ਸਿਰ ਕਲਗੀ ਲੱਗ ਸਕੇ। ਇਹੋ ਨਹੀਂ, ਆਖ਼ਰੀ ਮੈਚ ਲਈ ਜਦੋਂ ਭਾਰਤੀ ਖਿਡਾਰੀ ਹੋਟਲ ਵਿੱਚੋਂ ਨਿਕਲੇ ਤਾਂ ਉਨ੍ਹਾਂ ਭਗਵਾਂ ਜਰਸੀ ਪਹਿਨੀ ਹੋਈ ਸੀ, ਜਿਹੜੀ ਉਨ੍ਹਾਂ ਨੂੰ ਨਿਰਧਾਰਤ ਨੀਲੀ ਡਰੈੱਸ ਪਹਿਨਣ ਲਈ ਸਟੇਡੀਅਮ ਜਾ ਕੇ ਬਦਲਣੀ ਪਈ ਸੀ। ਉਸ ਤੋਂ ਬਾਅਦ ਮੈਚ ਸ਼ੁਰੂ ਹੋਣ ਤੋਂ ਪਹਿਲਾਂ ਹਵਾਈ ਜਹਾਜ਼ਾਂ ਦੇ 'ਏਅਰ ਸ਼ੋਅ' ਦਾ ਆਯੋਜਨ ਕੀਤਾ ਗਿਆ। ਇਸ ਤੋਂ ਪਹਿਲਾਂ ਅੱਜ ਤੱਕ ਕਦੇ ਵੀ ਅਜਿਹੇ ਅਡੰਬਰ ਨਹੀਂ ਹੋਏ ਸਨ। ਹਾਕਮ ਆਪਣੀ ਜਿੱਤ ਲਈ ਏਨੇ ਵਿਸ਼ਵਾਸ਼ ਵਿੱਚ ਸੀ ਕਿ ਭਾਰਤੀ ਪਾਰੀ ਦੇ ਖ਼ਤਮ ਹੋਣ ਤੋਂ ਬਾਅਦ ਸਟੇਡੀਅਮ ਵਿੱਚ ਨਾਚ-ਗਾਣਿਆਂ ਦੀ ਮਹਿਫਲ ਸਜਾ ਦਿੱਤੀ ਗਈ ਸੀ। ਇਹੋ ਨਹੀਂ ਇੱਕ ਦਿਨ ਪਹਿਲਾਂ ਸਾਰੇ ਦੇਸ਼ ਦੇ ਮੰਦਰਾਂ ਵਿੱਚ ਹਵਨ-ਯੱਗਾਂ ਦਾ ਤਾਂਤਾ ਬੰਨ੍ਹ ਕੇ ਮੈਚ ਨੂੰ ਹਿੰਦੂਤਵੀ ਰਾਸ਼ਟਰਵਾਦ ਦੀ ਪੁੱਠ ਦੇਣ ਦਾ ਵੀ ਹੀਲਾ ਕੀਤਾ ਗਿਆ ਸੀ।

ਇਸ ਸਭ ਦਾ ਨਤੀਜਾ ਇਹ ਹੋਇਆ ਕਿ ਭਾਰਤੀ ਖਿਡਾਰੀਆਂ ਉੱਪਰ ਮਣਾਂ-ਮੂੰਹੀਂ ਮਾਨਸਿਕ ਬੋਝ ਲੱਦ ਦਿੱਤਾ ਗਿਆ। ਹਵਨ-ਯੱਗਾਂ ਦਾ ਬੋਝ, ਭਗਵਾਂ ਜਰਸੀਆਂ ਦਾ ਬੋਝ, ਏਅਰ ਸ਼ੋਅ ਤੇ ਗਾਣੇ-ਵਜਾਣੇ ਦਾ ਬੋਝ ਤੇ ਸਭ ਤੋਂ ਵੱਧ ਹਾਕਮਾਂ ਦੀ ਇੱਛਾ ਪੂਰੀ ਨਾ ਹੋ ਸਕਣ ਦਾ ਬੋਝ। ਇਸੇ ਕਾਰਨ ਭਾਰਤੀ ਖਿਡਾਰੀ ਆਪਣੀ ਸੁਭਾਵਿਕ ਖੇਡ ਖੇਡਣ ਵਿੱਚ ਨਾਕਾਮ ਰਹੇ। ਇਹ ਉਹੋ ਟੀਮ ਸੀ, ਜਿਸ ਨੇ ਆਪਣੇ ਸਾਰੇ ਮੈਚ ਸ਼ਾਨ ਨਾਲ ਜਿੱਤੇ ਤੇ ਕਈ ਵਾਰ ਹਾਰ ਦੇ ਜਬਾੜ੍ਹਿਆਂ ਵਿੱਚੋਂ ਵੀ ਜਿੱਤ ਖੋਹੀ ਸੀ।

ਬਰਤਾਨਵੀ ਅਖ਼ਬਾਰ 'ਗਾਰਡੀਅਨ' ਨੇ ਜੋ ਟਿੱਪਣੀ ਕੀਤੀ ਹੈ, ਉਹ ਪੂਰੀ ਸਚਾਈ ਬਿਆਨ ਕਰਦੀ ਹੈ। ਭਾਰਤ ਦੀ ਹਾਰ ਤੋਂ ਬਾਅਦ ਸਟੇਡੀਅਮ ਵਿੱਚ ਛਾਏ ਸੰਨਾਟੇ ਬਾਰੇ ਉਸ ਨੇ ਲਿਖਿਆ ਹੈ, "ਇਹ ਚੁੱਪ ਦੱਸਦੀ ਹੈ ਕਿ ਅਜਿੱਤ ਭਾਰਤ ਫਾਈਨਲ ਵਿੱਚ ਕਿਵੇਂ ਬੁਰੀ ਤਰ੍ਹਾਂ ਕਰੈਸ਼ ਹੋ ਗਿਆ। 'ਇਹ ਨਹੀਂ ਹੋਣਾ ਚਾਹੀਦਾ ਸੀ। ਸਭ ਘੜੀਆਂ ਬੰਦ ਕਰ ਦਿਓ। ਸਟੇਡੀਅਮ ਦਾ ਨਾਂਅ ਬਦਲੋ। ਡੀ ਜੇ ਦੀਆਂ ਉਤਸ਼ਾਹ ਭਰੀਆਂ ਸੰਗੀਤਕ ਧੁਨਾਂ ਵੱਜਣ ਤੋਂ ਰੋਕੋ। ਰੌਸ਼ਨੀ, ਗੁੱਸੇ ਤੇ ਸੰਨਾਟੇ ਦੇ ਦਿਨ, ਭਾਰਤ ਦਾ ਵਿਸ਼ਵ ਕੱਪ, ਅਜੈ ਵਿਸ਼ਵ ਕੱਪ, ਨਰਿੰਦਰ ਮੋਦੀ ਸਟੇਡੀਅਮ ਵਿੱਚ ਬੇਪਟੜੀ ਹੋ ਗਿਆ। ਸ਼ੋਰ-ਸ਼ਰਾਬੇ ਅਤੇ ਏਅਰ ਸ਼ੋਅ ਨਾਲ ਸ਼ੁਰੂ ਹੋਇਆ ਇਹ ਟੂਰਨਾਮੈਂਟ ਸੰਨਾਟੇ ਵਿੱਚ ਬਦਲ ਗਿਆ।"

"ਕੌਣ ਜਾਣਦਾ ਸੀ ਕਿ ਖਾਮੋਸ਼ੀ ਵੀ ਇੱਕ ਲਹਿਰ ਵਿੱਚ ਆ ਸਕਦੀ ਹੈ? ਮੋਦੀ ਤੁਰੰਤ ਠੰਢੇ ਹੋ ਗਏ, ਹਵਾ ਛੱਤ ਤੋਂ ਉੱਪਰ ਤੇ ਬਾਹਰ ਨੂੰ ਦੌੜਨ ਲੱਗੀ। 92,453 ਲੋਕਾਂ ਦੀ ਖਾਮੋਸ਼ੀ ਇੱਕ ਅਦਭੁੱਤ ਗੱਲ ਹੈ, ਖਾਮੋਸ਼ੀ ਆਪਣੇ ਆਪ ਵਿੱਚ ਇੱਕ ਇਕਾਈ ਹੈ, ਜੋ ਸ਼ੋਰ ਨੂੰ ਨਿਗਲ ਜਾਂਦੀ ਹੈ।"

ਇਸ ਹਾਰ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਨਿਰਾਸ਼ਾ ਦਾ ਇਹ ਆਲਮ ਸੀ ਕਿ ਉਹ ਆਪਣੇ ਰੁਤਬੇ ਦੀ ਜ਼ਿੰਮੇਵਾਰੀ ਵੀ ਭੁੱਲ ਗਏ। ਆਸਟ੍ਰੇਲੀਆਈ ਟੀਮ ਦੇ ਕਪਤਾਨ ਨੂੰ ਕੱਪ ਦੇਣ ਤੋਂ ਬਾਅਦ ਉਨ੍ਹਾ ਦਾ ਫੋਟੋ ਖਿਚਾਉਣ ਦਾ ਹੀਆ ਵੀ ਨਾ ਪਿਆ। ਆਸਟ੍ਰੇਲੀਆਈ ਕਪਤਾਨ ਫੋਟੋ ਲਈ ਖੜ੍ਹੇ ਰਹੇ, ਪਰ ਮੋਦੀ ਪਤਰਾ ਵਾਚ ਗਏ। ਇਹ ਹੋਛਾਪਣ ਤੇ ਆਪਣਾ ਖੁਦ ਦਾ ਅਪਮਾਨ ਹੈ। ਇਹ ਭਾਰਤ ਦੀ ਮਹਿਮਾਨ-ਨਿਵਾਜ਼ੀ ਦਾ ਅਪਮਾਨ ਹੈ। ਭਾਰਤੀ ਪ੍ਰਧਾਨ ਮੰਤਰੀ ਦਾ ਦੂਜੇ ਦੇਸ਼ ਦੇ ਖਿਡਾਰੀਆਂ ਪ੍ਰਤੀ ਇਹ ਵਿਹਾਰ ਮਾਫ਼ੀਯੋਗ ਨਹੀਂ। ਅਗਲੇ ਵਿਸ਼ਵ ਕੱਪ ਦਾ ਫਾਈਨਲ ਜਦੋਂ ਵੀ, ਜਿਸ ਦੇਸ਼ ਵਿੱਚ ਵੀ ਹੋਵੇਗਾ, ਪ੍ਰਧਾਨ ਮੰਤਰੀ ਦਾ ਇਹ ਵਿਹਾਰ ਯਾਦ ਆਉਂਦਾ ਰਹੇਗਾ।

-ਚੰਦ ਫਤਿਹਪੁਰੀ

ਵਿਸ਼ਵ ਦੀ ਆਰਥਿਕਤਾ 'ਤੇ ਧਨਕੁਬੇਰ ਕਾਬਜ਼ ਹੋ ਰਹੇ

ਪਵਨ ਕੁਮਾਰ ਕੌਸ਼ਲ

ਵਿਸ਼ਵ ਭਰ ਵਿੱਚ ਵਿਕਸਤ ਦੇਸ਼ਾਂ ਦਾ ਸਮੁੱਚਾ ਕੁਲੀਨ/ਰਈਸ ਵਰਗ ਬੁਰਜੂਆ/ਪੂੰਜੀਵਾਦੀ ਜਮਹੂਰੀਅਤ ਅਧੀਨ ਮਿਲਦੇ ਅਧਿਕਾਰਾਂ ਨੂੰ ਖਤਮ ਕਰਕੇ ਏਕਾਅਧਿਕਾਰਵਾਦੀ ਰਾਜ ਸਥਾਪਤ ਕਰਨ ਲਈ ਵਰਲਡ ਇਕਾਨੋਮਿਕ ਫੋਰਮ ਦੀ ਅਗਵਾਈ ਹੇਠ ਅੱਗੇ ਵੱਲ ਵਧ ਰਿਹਾ ਹੈ। ਵਰਲਡ ਇਕਾਨੋਮਿਕ ਫੋਰਮ (ਵਿਸ਼ਵ ਆਰਥਕ ਮੰਚ) ਵਿਕਸਤ ਦੇਸ਼ਾਂ ਦੇ ਕੁਲੀਨ ਵਰਗ ਦਾ ਇੱਕ ਸਮੂਹ ਹੈ, ਜੋ ਵਿਸ਼ਵ ਭਰ ਦੀਆਂ ਆਰਥਕ ਨੀਤੀਆਂ ਘੜਦਾ ਹੈ, ਜਿਸ ਕਾਰਨ ਵਿਸ਼ਵ ਭਰ ਦੇ ਲੋਕਾਂ ਦਾ ਭਵਿੱਖ ਬਿਲਕੁਲ ਧੁੰਦਲਾ ਦਿਖਾਈ ਦੇ ਰਿਹਾ ਹੈ।

ਅਮਰੀਕਾ ਅਤੇ ਯੂਰਪ ਅੰਦਰ ਪ੍ਰਮੁੱਖ ਤੌਰ 'ਤੇ ਇੱਕ ਕੁਲੀਨ ਵਰਗ ਦੀ (ਅਲੀਗਾਰਚ) ਸਮੱਸਿਆ ਪਹਿਲਾਂ ਹੀ ਹੈ ਅਤੇ ਭਾਰਤ ਅਤੇ ਹੋਰ ਏਸ਼ੀਆਈ ਮੁਲਕ ਇਸ ਸਮੱਸਿਆ ਦਾ ਸ਼ਿਕਾਰ ਹੁੰਦੇ ਜਾ ਰਹੇ ਹਨ। ਸਮੁੱਚਾ ਪੱਛਮ ਹੁਣ ਅਰਬਪਤੀ ਕੁਲੀਨ ਵਰਗਾਂ ਦੀ ਪਕੜ ਵਿੱਚ ਹੈ, ਜਿਨ੍ਹਾਂ ਦਾ ਮੀਡੀਆ, ਰਾਜਨੀਤਕ ਸਥਾਪਨਾ ਅਤੇ ਸਾਡੇ ਸਾਰੇ ਮਹੱਤਵਪੂਰਨ ਅਦਾਰਿਆਂ ਅੰਦਰ ਪੂਰਾ ਪ੍ਰਭਾਵ ਹੈ। ਹਾਲ ਹੀ ਦੇ ਸਾਲਾਂ ਵਿੱਚ ਅਸੀਂ ਦੇਖਿਆ ਹੈ ਕਿ ਇਹਨਾਂ ਕੁਲੀਨ/ਰਈਸ ਲੋਕਾਂ ਨੇ ਬਾਜ਼ਾਰਾਂ, ਵਿੱਤ ਅਤੇ ਵਪਾਰ ਤੋਂ ਲੈ ਕੇ ਰਾਜਨੀਤੀ, ਸਮਾਜਕ ਮੁੱਦਿਆਂ ਅਤੇ ਇੱਥੋਂ ਤੱਕ ਕਿ ਜਨਤਕ ਸਿਹਤ ਤੱਕ ਆਪਣਾ ਪ੍ਰਭਾਵ ਵਧਾਇਆ ਹੈ। ਇਸ ਸਮੂਹ ਨੇ ਦਿਲਚਸਪੀ ਦੇ ਇਨ੍ਹਾਂ ਹੋਰ ਖੇਤਰਾਂ 'ਤੇ ਜੋ ਪ੍ਰਭਾਵ ਪਾਇਆ ਹੈ, ਉਹ ਸਾਹ ਲੈਣ ਤੋਂ ਘੱਟ ਨਹੀਂ ਹੈ।

ਟਰੰਪ ਦੇ ਸਹਿਯੋਗੀਆਂ ਅਤੇ ਰੂਸੀ ਅਧਿਕਾਰੀਆਂ ਦਰਮਿਆਨ ਅਣਗਿਣਤ ਗੁਪਤ ਸਬੰਧਾਂ ਦੀ ਖੋਜ ਦੇ ਸਬੰਧ ਵਿੱਚ 2016 ਦੀਆਂ ਅਮਰੀਕੀ ਰਾਸ਼ਟਰਪਤੀ ਚੋਣਾਂ ਤੋਂ ਬਾਅਦ ਪੈਦਾ ਹੋਇਆ ਵਿਵਾਦ ਅਤੇ ਰੂਸ ਦੀ ਜਾਂਚ, ਟਰੰਪ ਦੇ ਮਹਾਂਦੋਸ਼, ਬੀ ਐਲ ਐਮ ਦੰਗਿਆਂ (ਸੰਯੁਕਤ ਰਾਜ ਵਿੱਚ ਸਿਵਲ ਬੇਚੈਨੀ ਦੀ ਇੱਕ ਲਹਿਰ, ਸ਼ੁਰੂ ਵਿੱਚ 25 ਮਈ, 2020 ਨੂੰ ਮਿਨੀਆਪੋਲਿਸ ਪੁਲਸ ਅਧਿਕਾਰੀਆਂ ਦੁਆਰਾ ਉਸ ਦੀ ਗ੍ਰਿਫਤਾਰੀ ਦੌਰਾਨ ਜਾਰਜ ਫਲਾਇਡ ਦੀ ਹੱਤਿਆ ਤੋਂ ਸ਼ੁਰੂ ਹੋਈ, ਸੰਯੁਕਤ ਰਾਜ ਵਿੱਚ ਪ੍ਰਣਾਲੀਗਤ ਨਸਲਵਾਦ ਦੇ ਵਿਰੁੱਧ ਵਿਰੋਧ ਪ੍ਰਦਰਸ਼ਨ ਅਤੇ ਦੰਗੇ ਹੋਏ), ਜਿਵੇਂ ਕਿ ਪੁਲਸ ਹਿੰਸਾ ਅਤੇ ਹਿੰਸਾ ਦੇ ਹੋਰ ਰੂਪ ਅਤੇ 6 ਜਨਵਰੀ ਦੀ ਅਸਫਲਤਾ । ਉਨ੍ਹਾਂ ਦਾ ਕੋਵਿਡ ਦੇ ਪਾਗਲਪਣ ਅਤੇ ਜਨਤਕ ਸਿਹਤ ਦੇ ਨਾਂਅ 'ਤੇ ਥੋਪੇ ਗਏ ਦਮਨਕਾਰੀ ਉਪਾਵਾਂ ਦੇ ਮੇਜ਼ਬਾਨ ਵਿੱਚ ਵੀ ਹੱਥ ਸੀ। ਅਸੀਂ ਕੀ ਜਾਣਨਾ ਚਾਹੁੰਦੇ ਹਾਂ ਕਿ ਇਹ ਸਮੂਹ ਕਿਸ ਹੱਦ ਤੱਕ ਹੋਰ ਘਟਨਾਵਾਂ ਨੂੰ ਬਣਾਉਣ ਵਿੱਚ ਸਰਗਰਮੀ ਨਾਲ ਸ਼ਾਮਲ ਹੈ, ਜਿਸ ਦਾ ਉਦੇਸ਼ ਅਮਰੀਕੀ ਗਣਰਾਜ ਨੂੰ ਇੱਕ ਹੋਰ ਤਾਨਾਸ਼ਾਹੀ ਪ੍ਰਣਾਲੀ ਵਿੱਚ ਬਦਲਣਾ ਹੈ?

6 ਜਨਵਰੀ ਦਾ ਦੂਸਰਾ ਅੰਤਰੀਵ ਸੰਦੇਸ਼ ਇਹ ਹੈ ਕਿ ਆਮ ਲੋਕਾਂ ਨੂੰ ਹੁਣ ਸੱਤਾ ਵਿੱਚ ਬੈਠੇ ਲੋਕਾਂ ਦੇ ਅਧਿਕਾਰ ਨੂੰ ਚੁਣੌਤੀ ਦੇਣ ਦੀ ਇਜਾਜ਼ਤ ਨਹੀਂ ਹੈ। ਦੁਬਾਰਾ ਫਿਰ, ਅਮਰੀਕਾ ਵਿੱਚ ਰਾਜਨੀਤਕ ਜਾਇਜ਼ਤਾ ਹਮੇਸ਼ਾ ਚੋਣਾਂ ਦੁਆਰਾ ਨਿਰਧਾਰਤ ਕੀਤੀ ਜਾਂਦੀ ਹੈ। 6 ਜਨਵਰੀ ਤੋਂ ਕੀ ਪਤਾ ਲੱਗਦਾ ਹੈ ਕਿ ਹੁਣ ਜਾਇਜ਼ਤਾ ਮਾਇਨੇ ਨਹੀਂ ਰੱਖਦੀ। ਸਭ ਤੋਂ ਮਹੱਤਵਪੂਰਣ ਚੀਜ਼ ਸ਼ਕਤੀ ਹੈ, ਅਤੇ ਉਹ ਵਿਅਕਤੀ ਜੋ ਤੁਹਾਨੂੰ ਉਸ ਦੇ ਅਧਿਕਾਰ 'ਤੇ ਸਵਾਲ ਕਰਨ ਲਈ ਗ੍ਰਿਫਤਾਰ ਕਰ ਸਕਦਾ ਹੈ, ਉਸ ਕੋਲ ਉਹ ਸਾਰੀ ਸ਼ਕਤੀ ਹੈ, ਜਿਸ ਦੀ ਉਸ ਨੂੰ ਜ਼ਰੂਰਤ ਹੈ।

ਵਿਸ਼ਵ ਆਰਥਕ ਮੰਚ ਦੇ ਭੈੜੇ ਮਨਸੂਬਿਆਂ ਪ੍ਰਤੀ ਲੋਕਾਂ ਨੂੰ ਗਲੋਬਲ ਰੀਡਿਜ਼ਾਈਨ (ਵਿਸ਼ਵ ਦੀ ਮੁੜ ਤਰਤੀਬ) ਪਹਿਲਕਦਮੀ ਦੀ ਜਾਂਚ ਕਰਨ ਲਈ ਇੱਕ ਚੁਣੌਤੀ ਹੈ। ਨੀਦਰਲੈਂਡਜ਼ ਵਿੱਚ ਟਰਾਂਸਨੈਸ਼ਨਲ ਇੰਸਟੀਚਿਊਟ ਦੇ ਅਨੁਸਾਰ ਇਹ 'ਪਹਿਲਕਦਮੀ' ਵਾਲਾ ਇੱਕ ਪ੍ਰਸਤਾਵ ਹੈ।

ਵੱਡੇ ਅੰਤਰ-ਰਾਸ਼ਟਰੀ ਕਾਰਪੋਰੇਟ ਸਟਾਕ ਹੋਲਡਰ ਇਹ ਫੈਸਲਾ ਕਰਨਗੇ ਕਿ ਤੁਸੀਂ ਕਿੱਥੇ ਰਹਿੰਦੇ ਹੋ, ਤੁਸੀਂ ਕੀ ਖਾਂਦੇ ਹੋ (ਕੀੜੇ ਅਤੇ ਜੰਗਲੀ ਬੂਟੀ), ਤੁਸੀਂ ਕਿਵੇਂ ਪ੍ਰਜਨਨ ਕਰਦੇ ਹੋ (ਜਾਂ ਦੁਬਾਰਾ ਪੈਦਾ ਨਹੀਂ ਕਰਦੇ; ਬੱਚੇ ਕਾਰਬਨ ਨਿਕਾਸ ਪੈਦਾ ਕਰਦੇ ਹਨ) ਅਤੇ ਤੁਸੀਂ ਉਹਨਾਂ ਤੋਂ ਕੀ 'ਕਿਰਾਇਆ' ਲੈ ਸਕਦੇ ਹੋ ਜਾਂ ਕਿਰਾਏ 'ਤੇ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ, ਜੇਕਰ ਤੁਸੀਂ ਕਿਸੇ ਅਣ-ਚੁਣੇ ਵਿਸ਼ਵਵਾਦੀ ਆਰਥਿਕ ਕਾਰਟੇਲ ਬਾਰੇ ਸ਼ਿਕਾਇਤ ਕਰਦੇ ਹੋ, ਜੋ ਮਨੁੱਖਤਾ ਨੂੰ ਗ਼ੁਲਾਮ, ਵਿਸ਼ਵਵਿਆਪੀ ਗਰੀਬੀ ਅਤੇ ਗੈਰ-ਆਬਾਦੀਕਰਨ ਵੱਲ ਧੱਕਦਾ ਹੈ।

ਅਰਾਜਕਤਾ ਵਾਲੀ ਬੇਤਰਤੀਬ ਹਿੰਸਾ ਅਜਿਹੀ ਅਸਥਿਰਤਾ ਦੀ ਸਥਿਤੀ ਨੂੰ ਲਿਆਉਣ ਦਾ ਹੱਲ ਹੋਣਾ ਸੀ, ਇਸ ਤਰ੍ਹਾਂ ਇੱਕ ਪੂਰੀ ਤਰ੍ਹਾਂ ਨਵੀਂ ਪ੍ਰਣਾਲੀ, ਇੱਕ ਗਲੋਬਲ ਤਾਨਾਸ਼ਾਹੀ ਆਦੇਸ਼ ਦੀ ਆਗਿਆ ਦਿੰਦਾ ਹੈ। ਯਵੇਸ ਗੁਆਰਿਨ ਸੇਰਾਕ, ਜੋ ਇੱਕ ਖੁੱਲੇ ਫਾਸ਼ੀਵਾਦੀ ਸਨ, ਝੂਠੇ ਝੰਡੇ ਦੀਆਂ ਚਾਲਾਂ ਦੀ ਵਰਤੋਂ ਕਰਨ ਵਾਲੇ ਪਹਿਲੇ ਵਿਅਕਤੀ ਨਹੀਂ ਹੋਣਗੇ, ਜਿਨ੍ਹਾਂ ਦਾ ਦੋਸ਼ ਕਮਿਊਨਿਸਟਾਂ 'ਤੇ ਲਗਾਇਆ ਗਿਆ ਸੀ ਅਤੇ ਰਾਜ ਤੋਂ ਵਧੇਰੇ ਸਖ਼ਤ ਪੁਲਸ ਅਤੇ ਫੌਜੀ ਨਿਯੰਤਰਣ ਨੂੰ ਜਾਇਜ਼ ਠਹਿਰਾਉਣ ਲਈ ਵਰਤਿਆ ਗਿਆ ਸੀ...। (ਓਪਰੇਸ਼ਨ ਗਲੇਡਿਓ: ਅੰਤਰਰਾਸ਼ਟਰੀ ਫਾਸ਼ੀਵਾਦ ਲਈ ਨਾਟੋ ਦੀ ਗੁਪਤ ਜੰਗ, ਦ ਸੈਕਰ)

ਘੜੇ ਜਾ ਰਹੇ ਮਨਸੂਬਿਆਂ ਅਧੀਨ ਰਾਜਨੀਤਕ ਸਰਗਰਮੀਆਂ ਦਾ ਪਹਿਲਾ ਪੜਾਅ ਅਜਿਹੇ ਹਾਲਾਤ ਪੈਦਾ ਕਰਨ ਲਈ ਵਰਤਣਾ ਹੈ, ਜੋ ਸ਼ਾਸਨ ਦੇ ਸਾਰੇ ਢਾਂਚੇ ਵਿੱਚ ਅਰਾਜਕਤਾ ਦੀ ਸਥਾਪਨਾ ਦੇ ਅਨੁਕੂਲ ਹੋਣ। ਰਾਜ ਦੀ ਇਹ ਤਬਾਹੀ ਕਮਿਊਨਿਸਟ ਗਤੀਵਿਧੀਆਂ ਦੀ ਆੜ ਵਿੱਚ ਕੀਤੀ ਜਾਣੀ ਹੈ।

ਦੂਜੇ ਸ਼ਬਦਾਂ ਵਿੱਚ ਓਪਰੇਸ਼ਨ ਦਾ ਉਦੇਸ਼ ਸਾਰੇ ਸਮਾਜਿਕ ਸਬੰਧਾਂ ਅਤੇ ਆਪਸੀ ਤਾਲਮੇਲ ਨੂੰ ਪੂਰੀ ਤਰ੍ਹਾਂ ਵਿਗਾੜਨਾ, ਅਨਿਸ਼ਚਿਤਤਾ, ਧਰੁਵੀਕਰਨ ਅਤੇ ਦਹਿਸ਼ਤ ਦੀਆਂ ਭਾਵਨਾਵਾਂ ਨੂੰ ਪੈਦਾ ਕਰਨਾ, ਇੱਕ ਅਜਿਹੇ ਸਮੂਹ ਨੂੰ ਲੱਭਣਾ ਹੈ, ਜਿਸ ਨੂੰ ਵਿਆਪਕ ਸਮਾਜਕ ਢਹਿ-ਢੇਰੀ ਲਈ ਬਲੀ ਦਾ ਬੱਕਰਾ ਬਣਾਇਆ ਜਾ ਸਕਦਾ ਹੈ ਅਤੇ ਫਿਰ ਆਪਣੇ ਆਪ ਨੂੰ (ਕੁਲੀਨ ਵਰਗ) ਪੇਸ਼ ਕਰਨਾ ਹੈ। ਆਰਡਰ ਨੂੰ ਬਹਾਲ ਕਰਨ ਲਈ ਸਭ ਤੋਂ ਵਧੀਆ ਵਿਕਲਪ ਵਜੋਂ।

ਇਹ ਬਹੁਤ ਸੰਭਵ ਹੈ। ਇਹ ਸਭ ਇੱਕ ਮਹਾਨ ਰਣਨੀਤੀ ਦਾ ਹਿੱਸਾ ਹੋ ਸਕਦਾ ਹੈ, ਜਿਸ ਦਾ ਉਦੇਸ਼ 'ਸਲੇਟ ਨੂੰ ਸਾਫ਼ ਕਰਨ' ਦੇ ਉਦੇਸ਼ ਨਾਲ 'ਅੰਤਰ-ਸਰਕਾਰੀ ਫੈਸਲੇ ਲੈਣ ਤੋਂ ਦੂਰ' 'ਬਹੁ-ਹਿੱਸੇਦਾਰ ਸ਼ਾਸਨ' ਦੀ ਇੱਕ ਪ੍ਰਣਾਲੀ ਵਿੱਚ ਤਬਦੀਲ ਕਰਨਾ ਹੈ। ਅਸੀਂ ਅਜਿਹਾ ਭਾਰਤ ਅੰਦਰ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਭਾਜਪਾ ਦੀ ਸਰਕਾਰ ਅਧੀਨ ਵਾਪਰਦਾ ਦੇਖ ਰਹੇ ਹਾਂ।

ਇਸ ਸਾਲ ਦੇ ਵਿਸ਼ਵ ਆਰਥਕ ਫੋਰਮ ਦਾ ਵਸਤੂ ਵਿਸ਼ਾ, 'ਇੱਕ ਖੰਡਿਤ ਸੰਸਾਰ ਵਿੱਚ ਸਹਿਯੋਗ' ਦੇ ਅਨੁਸਾਰ ਭਾਰਤ ਨੇ ਦਾਵੋਸ ਵਿਖੇ ਵਿਸ਼ਵ ਆਰਥਕ ਫੋਰਮ ਵਿੱਚ ਗਲੋਬਲ ਨਿਵੇਸ਼ਕਾਂ ਨੂੰ ਸਥਿਰ ਨੀਤੀ ਪ੍ਰਦਾਨ ਕਰਨ ਵਾਲੀ ਮਜ਼ਬੂਤ ਲੀਡਰਸ਼ਿਪ ਦੇ ਨਾਲ ਇੱਕ ਲਚਕੀਲੇ ਅਰਥਚਾਰੇ ਵਜੋਂ ਆਪਣੀ ਸਥਿਤੀ ਨੂੰ ਦੁਹਰਾਇਆ ਹੈ। ਭਾਰਤ ਵਿਸ਼ਵ ਅਰਥਚਾਰੇ ਬਾਰ

22-NOV-PAGE-5.qxd 11/21/2023 10:41 PM Page 1

ਲਿਬਰੇਸ਼ਨ ਤੇ ਮਜ਼ਦੂਰ ਮੁਕਤੀ ਮੋਰਚਾ ਵੱਲੋਂ ਐੱਸ ਡੀ ਐੱਮ ਦੇ ਦਫਤਰ ਅੱਗੇ ਧਰਨਾ

ਦਿੜ੍ਹਬਾ (ਜਸਵੀਰ ਲਾਡੀ)

ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਤੇ ਮਜ਼ਦੂਰ ਮੁਕਤੀ ਮੋਰਚਾ ਵੱਲੋਂ ਸਥਾਨਕ ਐੱਸ ਡੀ ਐੱਮ ਦੇ ਦਫਤਰ ਅੱਗੇ ਧਰਨਾ ਦਿੱਤਾ ਗਿਆ। ਧਰਨਾਕਾਰੀ ਮੰਗ ਕਰ ਰਹੇ ਸਨ ਕਿ ਮਾਨ ਸਰਕਾਰ ਵੱਲੋਂ ਕੰਮ ਦੇ ਘੰਟੇ 12 ਕਰਨ ਦੇ ਨੋਟੀਫਿਕੇਸ਼ਨ ਨੂੰ ਰੱਦ ਕੀਤਾ ਜਾਵੇ, ਨਸ਼ਿਆਂ ਦਾ ਖਾਤਮਾ ਕਰਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ ਤੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਆਗੂ ਕਾਮਰੇਡ ਧਰਮਪਾਲ ਸੁਨਾਮ ਦੇ ਘਰ 'ਤੇ ਹਮਲਾ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਧਰਨਾ ਲਾਉਣ ਤੋਂ ਪਹਿਲਾਂ ਪ੍ਰਦਰਸ਼ਨਕਾਰੀਆਂ ਨੇ ਸ਼ਹਿਰ 'ਚ ਰੋਹਪੂਰਵਕ ਮੁਜ਼ਾਹਰਾ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਮਜ਼ਦੂਰ ਮੁਕਤੀ ਮੋਰਚਾ ਦੇ ਸੂਬਾਈ ਪ੍ਰਧਾਨ ਗੋਬਿੰਦ ਸਿੰਘ ਛਾਜਲੀ, ਜ਼ਿਲ੍ਹਾ ਪ੍ਰਧਾਨ ਪ੍ਰੇਮ ਖਿਆਲੀ, ਲਿਬਰੇਸ਼ਨ ਦੇ ਸੂਬਾ ਆਗੂ ਹਰਭਗਵਾਨ ਭੀਖੀ, ਤਹਿਸੀਲ ਆਗੂ ਧਰਮ ਪਾਲ ਸੁਨਾਮ ਨੇ ਕਿਹਾ ਕਿ ਬਦਲਾਅ ਦੇ ਨਾਮ ਆਈ ਆਪ ਸਰਕਾਰ ਨੇ ਪਿਛਲੀਆਂ ਸਰਕਾਰਾਂ ਵਾਂਗ ਸੂਬੇ ਨੂੰ ਕਾਰਪੋਰੇਟ ਘਰਾਣਿਆਂ ਹਵਾਲੇ ਕਰਕੇ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਦੀ ਕਾਤਲ ਬਣ ਚੁੱਕੀ ਹੈ। ਉਨ੍ਹਾਂ ਕਿਹਾ ਅੱਜ ਆਮ ਜਨਤਾ ਨੂੰ ਸਿੱਖਿਆ, ਰੁਜ਼ਗਾਰ ਤੇ ਸਿਹਤ ਸੇਵਾਵਾਂ ਤੋਂ ਬੇਦਖਲ ਕਰਕੇ ਅਮੀਰਾਂ ਦੇ ਹਿੱਤਾਂ ਦੀ ਪੂਰਤੀ ਕੀਤੀ ਜਾ ਰਹੀ ਹੈ। ਬੁਲਾਰਿਆਂ ਨੇ ਕਿਹਾ ਕਿ ਨਸ਼ਿਆਂ ਕਾਰਨ ਪੰਜਾਬ ਦੀ ਨੌਜਵਾਨ ਪੀੜ੍ਹੀ ਰੋਜ਼ਾਨਾ ਮੌਤ ਦੇ ਮੂੰਹ ਜਾ ਰਹੀ ਹੈ, ਪਰ ਮਾਨ ਸਰਕਾਰ ਲੋਕਾਂ ਨੂੰ ਚੁਟਕਲੇ ਸੁਣਾ ਕੇ ਪੰਜਾਬ ਨਾਲ ਮਖੌਲ ਕਰ ਰਿਹਾ ਹੈ। ਆਗੂਆਂ ਨੇ ਲਿਬਰੇਸ਼ਨ ਆਗੂ ਧਰਮ ਪਾਲ ਸੁਨਾਮ ਦੇ ਘਰ 'ਤੇ ਹਮਲਾ ਕਰਨ ਵਾਲਿਆਂ ਖਿਲਾਫ ਜੇਕਰ ਕਾਰਵਾਈ ਨਾ ਕੀਤੀ ਤਾਂ ਆਉਣ ਵਾਲੇ ਦਿਨਾਂ ਵਿੱਚ ਵੱਡੇ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ। ਅੱਜ ਦੇ ਪ੍ਰਦਰਸ਼ਨ ਨੂੰ ਬਿੱਟੂ ਖੋਖਰ, ਮਨਜੀਤ ਕੌਰ ਆਲੋਅਰਖ, ਸੁਖਪਾਲ ਕੌਰ ਸੋਰੋਂ, ਇੰਦਰਜੀਤ ਕੌਰ, ਮੇਜਰ ਸਿੰਘ ਢੰਡੋਲੀ, ਸਰਦੂਲ ਬੰਸਰੀ, ਕੁਲਵੰਤ ਛਾਜਲੀ, ਘੁਮੰਡ ਸਿੰਘ ਖਾਲਸਾ, ਕਿੱਕਰ ਸਿੰਘ ਖਾਲਸਾ, ਗਗਨ ਸ਼ਰਮਾ, ਭੀਮ ਸਿੰਘ ਫੌਜੀ ਆਦਿ ਨੇ ਸੰਬੋਧਨ ਕੀਤਾ।

ਤਿੰਨ ਰੋਜ਼ਾ ਧਰਨੇ 'ਤੇ ਹੱਲ ਨਾ ਹੋਇਆ ਤਾਂ ਕਿਸਾਨ ਅਣਮਿਥੇ ਸਮੇਂ ਲਈ ਦੇਣਗੇ ਧਰਨਾ : ਢੀਂਡਸਾ

ਸਮਰਾਲਾ (ਸੁਰਜੀਤ ਸਿੰਘ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪੂਰੇ ਭਾਰਤ 'ਚ ਹਰੇਕ ਸੂਬੇ ਦੀ ਰਾਜਧਾਨੀ ਦਾ ਤਿੰਨ ਦਿਨ 26, 27 ਅਤੇ 28 ਨਵੰਬਰ ਨੂੰ ਘਿਰਾਓ ਕੀਤਾ ਜਾ ਰਿਹਾ ਹੈ। ਇਸੇ ਸੰਦਰਭ 'ਚ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਦੀ ਅਗਵਾਈ ਹੇਠ ਸਮਰਾਲਾ ਵਿਖੇ ਯੂਨੀਅਨ ਦੇ ਆਗੂਆਂ ਅਤੇ ਵਰਕਰਾਂ ਦੀ ਮੀਟਿੰਗ ਕੀਤੀ ਗਈ। ਇਸ ਮੌਕੇ ਯੂਨੀਅਨ ਦੇ ਸਰਪ੍ਰਸਤ ਅਵਤਾਰ ਸਿੰਘ ਮੇਹਲੋਂ, ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਪਾਲਮਾਜਰਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮਨਜੀਤ ਸਿੰਘ ਢੀਂਡਸਾ ਨੇ ਕਿਹਾ ਕਿ ਬੀ. ਕੇ. ਯੂ. (ਲੱਖੋਵਾਲ) ਦੇ ਵਰਕਰਾਂ ਅਤੇ ਅਹੁਦੇਦਾਰਾਂ 'ਚ 26, 27 ਅਤੇ 28 ਨਵੰਬਰ ਨੂੰ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਵਿਖੇ ਜਾਣ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਰੋਸ ਧਰਨੇ 'ਚ ਪੂਰੇ ਪੰਜਾਬ ਅੰਦਰੋਂ ਆਪੋ ਆਪਣੀਆਂ ਸੈਂਕੜੇ ਟਰੈਕਟਰ ਟਰਾਲੀਆਂ 'ਤੇ ਹਜ਼ਾਰਾਂ ਦੀ ਵੱਡੀ ਗਿਣਤੀ 'ਚ ਕਿਸਾਨ ਚੰਡੀਗੜ੍ਹ ਪੁੱਜਣਗੇ ਜਿੱਥੇ ਆਪਣੀਆਂ ਮੰਗਾਂ ਪ੍ਰਤੀ ਸਰਕਾਰ ਨੂੰ ਹਲੂਣਾ ਦੇਣਗੇ। ਪ੍ਰਮੁੱਖ ਮੁੱਦੇ ਪੰਜਾਬ ਦੇ ਪਾਣੀਆਂ ਦੇ ਮਸਲੇ, ਜਿਸ ਵਿੱਚ ਐਸ. ਵਾਈ. ਐਲ. ਨਹਿਰ ਦਾ ਮੁੱਦਾ, ਲਖੀਮਪੁਰ ਖੀਰੀ ਕਾਂਢ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਬਾਰੇ, ਪਰਾਲੀ ਸਾੜਨ ਦਾ ਮਸਲਾ ਹੱਲ ਕਰਨ ਸਬੰਧੀ, ਕਿਸਾਨ ਮੋਰਚੇ ਦੌਰਾਨ ਕਿਸਾਨਾਂ ਵਿਰੁੱਧ ਦਰਜ ਕੀਤੇ ਕੇਸ ਖਾਰਜ ਕਰਨ ਸਬੰਧੀ, 60 ਸਾਲ ਦੀ ਉਮਰ ਉਪਰੰਤ ਕਿਸਾਨਾਂ ਨੂੰ ਪੈਨਸ਼ਨ ਲਗਾਉਣ ਸਬੰਧੀ ਆਦਿ ਸ਼ਾਮਲ ਹਨ। ਇਸ ਮੌਕੇ ਯੂਨੀਅਨ ਦੇ ਸਰਪ੍ਰਸਤ ਮੇਹਲੋਂ ਅਤੇ ਜਨਰਲ ਸਕੱਤਰ ਪਾਲਮਾਜਰਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਤਿੰਨੋਂ ਦਿਨ ਉਹ ਵੱਡੀ ਗਿਣਤੀ ਵਿੱਚ ਚੰਡੀਗੜ੍ਹ ਪੁੱਜਣ ਤਾਂ ਕਿਸਾਨ ਕੇਂਦਰ ਸਰਕਾਰ ਨੂੰ ਇੱਕ ਵਾਰ ਫਿਰ ਤੋਂ ਹਲੂਣਾ ਦੇ ਕੇ ਕਿਸਾਨਾਂ ਅੰਦਰਲੀ ਸ਼ਕਤੀ ਦਾ ਮੁੜ ਪ੍ਰਗਟਾਵਾ ਕਰਕੇ ਦੱਸਿਆ ਜਾਵੇ ਕਿ ਦੇਸ਼ ਭਰ ਦੇ ਕਿਸਾਨ ਅਜੇ ਵੀ ਇੱਕਮੁੱਠ ਹਨ। ਜੇਕਰ ਕੇਂਦਰ ਸਰਕਾਰ ਵਿਰੁੱਧ ਮੁੜ ਕੋਈ ਲੜਾਈ ਲੜਨੀ ਪਈ ਤਾਂ ਸਮੁੱਚੇ ਕਿਸਾਨ ਕਦੇ ਵੀ ਪਿੱਛੇ ਨਹੀਂ ਹਟਣਗੇ। ਉਨ੍ਹਾਂ ਕੇਂਦਰ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਇਸ ਤਿੰਨ ਦਿਨਾਂ ਧਰਨੇ ਪਿੱਛੋਂ ਵੀ ਕੋਈ ਹੱਲ ਨਾ ਨਿਕਲਿਆ ਤਾਂ ਕਿਸਾਨ ਅਣਮਿੱਥੇ ਸਮੇਂ ਲਈ ਬੈਠਣ ਲਈ ਤਿਆਰ ਹਨ। ਬੀ. ਕੇ. ਯੂ. (ਲੱਖੋਵਾਲ) ਦੇ ਵਰਕਰ ਪੂਰੇ ਪੰਜਾਬ ਭਰ ਵਿੱਚੋਂ ਵੱਡੀ ਗਿਣਤੀ ਵਿੱਚ ਚੰਡੀਗੜ੍ਹ ਪੁੱਜ ਰਹੇ । ਅੱਜ ਦੀ ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਗੁਰਸੇਵਕ ਸਿੰਘ ਮੰਜਾਲੀਆਂ ਬਲਾਕ ਪ੍ਰਧਾਨ ਸਮਰਾਲਾ, ਬੂਟਾ ਸਿੰਘ ਕਡਿਆਲਾ ਬਲਾਕ ਪ੍ਰਧਾਨ ਲੁਧਿਆਣਾ-2, ਮਾਛੀਵਾੜਾ ਸਾਹਿਬ ਤੋਂ ਸਰਪੰਚ ਹਜਾਰਾ ਸਿੰਘ ਬਿੰਦਾ, ਰਵਿੰਦਰ ਸਿੰਘ ਅਕਾਲਗੜ੍ਹ, ਖੰਨਾ ਬਲਾਕ ਤੋਂ ਅੰਮ੍ਰਿਤ ਸਿੰਘ ਰਾਜੇਵਾਲ, ਜਤਿੰਦਰ ਸਿੰਘ ਜੋਤੀ ਪਾਲ ਮਾਜਰਾ ਦੋਰਾਹਾ ਬਲਾਕ, ਕਸ਼ਮੀਰਾ ਸਿੰਘ, ਕੁਲਵੰਤ ਸਿੰਘ ਮਾਦਪੁਰ, ਕਮਿੱਕਰ ਸਿੰਘ, ਬਲਵਿੰਦਰ ਸਿੰਘ, ਮਲਕੀਤ ਸਿੰਘ, ਬਲਜਿੰਦਰ ਸਿੰਘ, ਕਰਮਜੀਤ ਸਿੰਘ ਢੀਂਡਸਾ, ਸਰਪੰਚ ਚਰਨਜੀਤ ਸਿੰਘ, ਫੌਜੀ ਸਤਵੰਤ ਸਿੰਘ ਪਾਲਮਾਜਰਾ, ਹਰਪਾਲ ਸਿੰਘ, ਮੇਜਰ ਸਿੰਘ ਬੇਥਾਂ, ਉਂਜਲ ਸਿੰਘ, ਸਮਸ਼ੇਰ ਸਿੰਘ, ਸਵਰਨ ਸਿੰਘ ਮੱਲ ਮਾਜਰਾ, ਫੌਜੀ ਹਰਦੇਵ ਸਿੰਘ ਬਾਲਿਓਂ, ਦਲਜਤੀ ਸਿੰਘ ਊਰਨਾਂ, ਹਰਦੀਪ ਸਿੰਘ, ਰਛਪਾਲ ਸਿੰਘ ਭਰਥਲਾ, ਜਗਜੀਤ ਸਿੰਘ, ਕੈਪਟਨ ਗੁਰਚਰਨ ਸਿੰਘ, ਧਰਮਿੰਦਰ ਸਿੰਘ, ਹਿੰਦਰ ਸਿੰਘ ਮੁਤਿਓਂ, ਗੁਰਜੰਟ ਸਿੰਘ ਦੀਵਾਲਾ, ਫੌਜੀ ਮਲਕੀਤ ਸਿੰਘ, ਬਾਬਾ ਗੁਰਮੁਖ ਸਿੰਘ ਪਪੜੌਦੀ, ਰਾਜਵੀਰ ਸਿੰਘ ਮੱਲ ਮਾਜਰਾ ਆਦਿ ਹਾਜ਼ਰ ਸਨ।

ਮਨਿਸਟਰੀਅਲ ਕਾਮਿਆਂ ਦੀ ਹੜਤਾਲ, ਦਫਤਰੀ ਕੰਮ ਠੱਪ, ਲੋਕ ਖੱਜਲ, ਸਰਕਾਰ ਚੁੱਪ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਪਿਛਲੇ 12 ਦਿਨਾਂ ਤੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪੂਰਤੀ ਲਈ ਮਨਿਸਟਰੀਅਲ ਕਾਮੇ ਕਲਮਛੋੜ ਹੜਤਾਲ 'ਤੇ ਹਨ, ਜਿਸ ਕਾਰਨ ਡੀ. ਸੀ. ਦਫਤਰ, ਐੱਸ.ਡੀ.ਐੱਮ. ਦਫਤਰ, ਤਹਿਸੀਲਦਾਰ, ਸਿੱਖਿਆ ਵਿਭਾਗ, ਸਿਹਤ ਵਿਭਾਗ, ਪੰਜਾਬ ਰੋਡਵੇਜ਼, ਜਲ ਸਪਲਾਈ, ਬੀ. ਐਂਡ ਆਰ., ਖੇਤੀਬਾੜੀ ਆਦਿ ਵੱਖ ਵੱਖ ਦਫਤਰਾਂ ਦਾ ਕੰਮ ਠੱਪ ਪਿਆ ਹੈ। ਵੱਖ ਵੱਖ ਵਿਭਾਗਾਂ ਵਿੱਚ ਆਪਣਾ ਰੋਜ਼ਮਰ੍ਹਾ ਦਾ ਕੰਮ ਕਰਵਾਉਣ ਲਈ ਆਉਂਦੇ ਲੋਕ ਖੱਜਲ ਖੁਆਰ ਹੋ ਰਹੇ ਹਨ, ਪਰ ਹੈਰਾਨੀ ਦੀ ਗੱਲ ਹੈ ਕਿ ਸਰਕਾਰ ਇਸ ਮੁੱਦੇ 'ਤੇ ਬਿਲਕੁਲ ਚੁੱਪ ਹੈ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਬਿਲਕੁਲ ਵੀ ਸੁਹਿਰਦ ਨਹੀਂ ਹੈ। ਮਨਿਸਟਰੀਅਲ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਖੁਸ਼ਕਰਨਜੀਤ ਸਿੰਘ ਤੇ ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਕਲੈਰੀਕਲ ਕਰਮਚਾਰੀ ਸਰਕਾਰੀ ਤੰਤਰ ਵਿੱਚ ਰੀੜ੍ਹ ਦੀ ਹੱਡੀ ਦੇ ਤੌਰ 'ਤੇ ਕੰਮ ਕਰਦਾ ਹੈ ਅਤੇ ਸਰਕਾਰ ਦੀ ਹਰੇਕ ਸਕੀਮ ਨੂੰ ਆਮ ਲੋਕਾਂ ਤੱਕ ਪਹੁੰਚਦੀ ਕਰਦਾ ਹੈ, ਪ੍ਰੰਤੂ ਸਮੇਂ-ਸਮੇਂ ਤੇ ਸਰਕਾਰਾਂ ਵੱਲੋਂ ਕਰਮਚਾਰੀਆਂ ਨਾਲ ਵਾਅਦੇ ਤਾਂ ਕੀਤੇ ਜਾਂਦੇ ਹਨ, ਪ੍ਰੰਤੂ ਇਹ ਵਾਅਦੇ ਵਫਾ ਨਹੀਂ ਹੁੰਦੇ। ਪੰਜਾਬ ਦੇ ਸਰਕਾਰੀ ਕਰਮਚਾਰੀ ਪਿਛਲੇ ਲੰਮੇ ਸਮੇਂ ਤੋਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਉਡੀਕ ਰਹੇ ਹਨ, ਪ੍ਰੰਤੂ ਸਰਕਾਰ ਇਸ ਵਿਸ਼ੇ 'ਤੇ ਚੁੱਪ ਹੈ, ਜਦਕਿ ਰੋਜ਼ਾਨਾ ਵਧ ਰਹੀ ਮਹਿੰਗਾਈ ਕਰਮਚਾਰੀਆਂ ਨੂੰ ਫਾਕੇ ਕੱਟਣ ਲਈ ਮਜਬੂਰ ਕਰ ਰਹੀ ਹੈ। ਇਸ ਮੌਕੇ ਡੀ. ਸੀ. ਦਫਤਰ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਜੀਵਨ ਦੇ ਆਖਰੀ ਸਮੇਂ ਦਾ ਆਧਾਰ ਸਮਝੇ ਜਾਣ ਵਾਲੇ ਪੈਨਸ਼ਨ ਦੇ ਹੱਕ ਤੋਂ ਵੀ ਕਰਮਚਾਰੀਆਂ ਨੂੰ ਵਾਂਝੇ ਕਰ ਦਿੱਤਾ ਗਿਆ ਅਤੇ ਮੌਜੂਦਾ ਸਰਕਾਰ ਚੋਣਾਂ ਸਮੇਂ ਕਰਮਚਾਰੀਆਂ ਨਾਲ ਪੁਰਾਣੀ ਪੈਨਸ਼ਨ ਲਾਗੂ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਤਾਂ ਆ ਗਈ, ਪ੍ਰੰਤੂ ਪਿਛਲੀਆਂ ਸਰਕਾਰਾਂ ਵਾਂਗ ਇਸ ਵਾਰ ਵੀ ਮੁਲਾਜ਼ਮਾਂ ਨੂੰ ਲਾਰੇ ਹੀ ਮਿਲੇ ਹਨ। ਆਗੂਆਂ ਨੇ ਕਿਹਾ ਕਿ ਮਨਿਸਟਰੀਅਲ ਕਰਮਚਾਰੀ ਆਪਣੀਆਂ ਹੱਕੀ ਮੰਗਾਂ ਲਈ ਲਮੇਂ ਸਮੇਂ ਤੋਂ ਸੰਘਰਸ਼ ਕਰ ਰਿਹਾ ਹੈ, ਜਿਸ ਨਾਲ ਪੰਜਾਬ ਦੇ ਹਰੇਕ ਵਿਭਾਗ ਦੇ ਸਰਕਾਰੀ ਮੁਲਾਜ਼ਮਾਂ ਦਾ ਹਿੱਤ ਜੁੜਿਆ ਹੋਇਆ ਹੈ। ਇਸ ਮੌਕੇ ਯੂਨੀਅਨ ਦੇ ਪ੍ਰੈੱਸ ਸਕੱਤਰ ਦੀਪਕ ਕੁਮਾਰ ਨੇ ਦੱਸਿਆ ਕਿ ਯੂਨੀਅਨ ਵੱਲੋਂ ਲਏ ਗਏ ਫੈਸਲੇ ਅਨੁਸਾਰ ਹੜਤਾਲ ਨੂੰ 28 ਨਵੰਬਰ ਤੱਕ ਵਧਾ ਦਿੱਤਾ ਗਿਆ ਹੈ ਤੇ ਇਸ ਦੌਰਾਨ ਸਾਰੇ ਮਨਿਸਟਰੀਅਲ ਕਰਮਚਾਰੀ ਦਫਤਰੀ ਦਫਤਰੀ ਕੰਮ ਠੱਪ ਕਰਕੇ ਬਾਹਰ ਦਰੀਆਂ 'ਤੇ ਬੈਠਣਗੇ ਤੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਨਗੇ।

ਕਾਤਰਾਂ

ਜਤਿੰਦਰ ਸਿੰਘ ਭੰਵਰਾ ਨੂੰ ਸਦਮਾ, ਪਿਤਾ ਸਵਰਗਵਾਸ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ) ਸਥਾਨਕ ਭਾਈ ਜਰਨੈਲ ਸਿੰਘ ਨਗਰ ਨਿਵਾਸੀ ਸਮਾਜ ਸੇਵਕ ਅਤੇ ਪੱਤਰਕਾਰ ਜਤਿੰਦਰ ਸਿੰਘ ਭੰਵਰਾ ਦੇ ਸਤਿਕਾਰਯੋਗ ਪਿਤਾ ਸਾਬਕਾ ਫੌਜੀ ਮੱਖਣ ਸਿੰਘ ਢਿੱਲੋਂ (80) ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ। ਉਹ ਆਪਣੇ ਪਿੱਛੇ ਧਰਮਪਤਨੀ ਜਸਵਿੰਦਰ ਕੌਰ ਢਿੱਲੋਂ, ਸ਼ਾਦੀਸ਼ੁਦਾ ਪੁੱਤਰ ਭੰਵਰਾ ਤੇ ਕੁਆਰਾ ਬੇਟਾ ਅਮਨਇੰਦਰ ਸਿੰਘ ਢਿੱਲੋਂ ਸਮੇਤ ਹੱਸਦਾ ਖੇਡਦਾ ਪਰਵਾਰ ਛੱਡ ਗਏ ਹਨ। ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ, ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ, ਚੇਅਰਮੈਨ ਅਸ਼ੋਕ ਕੁਮਾਰ ਭਾਰਤੀ, ਸੀਨੀਅਰ ਮੀਤ ਪ੍ਰਧਾਨ ਨਿਰੰਜਣ ਸਿੰਘ ਰੱਖਰਾ ਅਤੇ ਉਪ ਪ੍ਰਧਾਨ ਡਾ. ਸੁਰਿੰਦਰ ਗਿਰਧਰ ਸਮੇਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸਵ: ਮੱਖਣ ਸਿੰਘ ਢਿੱਲੋਂ ਨਮਿਤ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 24 ਨਵੰਬਰ ਨੂੰ ਸਥਾਨਕ ਜੰਗ ਸਿੰਘ ਭਵਨ ਵਿਖੇ ਦੁਪਹਿਰ ਦੇ 12:00 ਤੋਂ 1:00 ਵਜੇ ਤੱਕ ਪਵੇਗਾ। ਇਸ ਮੌਕੇ ਪਰਵਾਰਕ ਮੈਂਬਰ, ਰਿਸ਼ਤੇਦਾਰ ਅਤੇ ਹੋਰ ਸੱਜਣ ਸਨੇਹੀ ਸ਼ਰਧਾ ਦੇ ਫੁੱਲ ਭੇਟ ਕਰਨਗੇ।

ਅੱਜ ਤੇ ਭਲਕੇ ਬਿਜਲੀ ਬੰਦ ਰਹੇਗੀ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਪਾਵਰਕਾਮ ਲੌਂਗੋਵਾਲ ਦੇ ਐਸ ਡੀ ਓ ਇੰਜ: ਅਸ਼ੋਕ ਕੁਮਾਰ ਦੱਸਿਆ ਕਿ 66 ਕੇ ਵੀ ਗਰਿਡ ਸ਼ੇਰੋਂ ਤੋਂ ਚਲਦੀ ਸਪਲਾਈ ਗਰਿਡ ਦੀ ਜ਼ਰੂਰੀ ਮੇਨਟੀਨੈਂਸ ਕਾਰਨ ਮਿਤੀ 22 ਨਵੰਬਰ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 04:00 ਵਜੇ ਤੱਕ 66 ਕੇ ਵੀ ਗਰਿਡ ਸ਼ੇਰੋਂ ਤੋਂ ਚਲਦੇ ਪਿੰਡ ਸ਼ੇਰੋਂ ਅਤੇ ਖੇਤੀਬਾੜੀ ਫੀਡਰ ਭਗਵਾਨਪੁਰ, ਸੁਨਾਮ ਰੋਡ, ਅਮਰੂਕੋਟੜਾ ਰੋਡ, ਸਤੀਮਾਈ ਘਾਸੀਵਾਲ ਦੀ ਸਪਲਾਈ ਬੰਦ ਰਹੇਗੀ। 23 ਨਵੰਬਰ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 04:00 ਵਜੇ ਤੱਕ 66 ਕੇ ਵੀ ਗਰਿਡ ਸ਼ੇਰੋਂ ਤੋਂ ਚਲਦੇ ਖੇਤੀਬਾੜੀ ਫੀਡਰ ਮਾਡਲ ਟਾਊਨ, ਨਮੋਲ ਰੋਡ ਅਤੇ ਲੌਂਗੋਵਾਲ ਰੋਡ ਦੀ ਸਪਲਾਈ ਬੰਦ ਰਹੇਗੀ।

ਅਣਪਛਾਤੇ ਵਾਹਨ ਦੀ ਫੇਟ ਵੱਜਣ ਨਾਲ ਪ੍ਰਵਾਸੀ ਮਜ਼ਦੂਰ ਦੀ ਮੌਤ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਕਸਬਾ ਮਹਿਲ ਕਲਾਂ ਤੋਂ ਖਿਆਲੀ ਲਿੰਕ ਰੋਡ 'ਤੇ ਇੱਕ 50 ਸਾਲਾ ਪ੍ਰਵਾਸੀ ਮਜ਼ਦੂਰ ਦੀ ਅਣਪਛਾਤੇ ਵਾਹਨ ਦੀ ਲਪੇਟ ਵਿੱਚ ਆ ਕੇ ਮੌਕੇ 'ਤੇ ਹੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਪ੍ਰਵਾਸੀ ਮਜ਼ਦੂਰ ਦੀ ਪਹਿਚਾਣ ਕੁਲਦੀਪ ਪੁੱਤਰ ਸ਼ਿਵ ਨਰਾਇਣ ਵਾਸੀ ਤੋਲੇਵਾਲਾ (ਬਿਹਾਰ) ਵਜੋਂ ਹੋਈ। ਇਹ ਮਜ਼ਦੂਰ ਕਿਸਾਨ ਹਾਕਮ ਸਿੰਘ ਮਹਿਲ ਕਲਾਂ ਦੇ ਖੇਤਾਂ ਵਿੱਚ ਕੰਮ ਕਰਕੇ ਸਾਈਕਲ 'ਤੇ ਕਿਸਾਨ ਦੇ ਘਰ ਮਹਿਲ ਕਲਾਂ ਨੂੰ ਆ ਰਿਹਾ ਸੀ, ਤਾਂ ਰਸਤੇ 'ਚ ਹੀ ਇਸ ਦੁਖਦਾਈ ਘਟਨਾ ਦਾ ਸ਼ਿਕਾਰ ਹੋ ਗਿਆ। ਪੁਲਸ ਥਾਣਾ ਮਹਿਲ ਕਲਾਂ ਦੇ ਥਾਣੇਦਾਰ ਗੁਰਪਾਲ ਸਿੰਘ ਨੇ ਦੱਸਿਆ ਕਿ ਸੜਕ ਕਿਨਾਰੇ ਪਏ ਖੱਡਿਆਂ 'ਚ ਮਜ਼ਦੂਰ ਦੇ ਡਿੱਗਣ ਨਾਲ ਅਣਪਛਾਤੇ ਵ

page-6-22-Nov.-2023-(SM).qxd 11/21/2023 10:45 PM Page 1

ਕਲਾਸੀਫਾਈਡ ਇਸ਼ਤਿਹਾਰ

Public Notice

I, Ashwani Kumar S/o Chaman Lal R/o H.No. 656, Gandhi Camp, Jalandhar-144008, Punjab declare that my son Shivam is out of my control. So I disinherit him from all my moveable and immoveable properties. The person transacting with him himself will be responsible. There will be no responsibility of me and my family. All concerned please note.

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਜੈ ਇੰਦਰ ਸਿੰਘ ਪੀ ਸੀ ਐੱਸ ਉਪ ਮੰਡਲ ਮੈਜਿਸਟ੍ਰੇਟ-ਕਮ-ਮੇਨਟੀਨੈਂਸ ਟ੍ਰਿਬਿਊਨਲ, ਫਗਵਾੜਾ

ਮਿਸਲ ਨੰ. Other Case 10/2023

ਤਰੀਕ ਰਜੂਆ : 01.06.2023

ਪੇਸ਼ੀ : 06.12.2023

ਵਿਸ਼ਾ : ਮੇਨਟੀਨੈਂਸ ਐਂਡ ਵੈੱਲਫੇਅਰ ਆਫ ਪੈਰੇਂਟਸ ਐਂਡ ਸੀਨੀਅਰ ਸਿਟੀਜ਼ਨ ਐਕਟ 2007

ਸ਼ਾਦੀ ਰਾਮ ਬਨਾਮ ਖੁਸ਼ਬੀਰ

ਨੋਟਿਸ : ਖੁਸ਼ਵੀਰ ਸਿੰਘ ਪੁੱਤਰ ਚਰਨਜੀਤ ਸਿੰਘ ਵਾਸੀ ਹਾਊਸ ਨੰ. 20, ਗਲੀ ਨੰ. 1, ਮੁਹੱਲਾ ਸ਼ਾਮ ਨਗਰ ਸ਼ਿਵਪੁਰੀ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ।

Application U/S 23 of Maintenance and Welfare of Parents and Senior Citizen Act 2007 for transfer deed dated 12.05.2021, Wasika No. Document No. 2021-22/32/1/571, in favour of Respondent with regarding to land measuring 10 Marla including two story Building on which house situated with 2 Shops, Rooms at Mohalla Sham Nagar, Tehsil Phagwara, Distt. Kapurthala.

ਹਰ ਆਮ ਵਾ ਖਾਸ ਨੂੰ ਇਸ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਮੁਕੱਦਮਾ ਅਨੁਵਾਨ ਕੇਸ ਇਸ ਅਦਾਲਤ ਵਿੱਚ ਮਿਤੀ 06.12.2023 ਨੂੰ ਸੁਣਵਾਈ ਅਧੀਨ ਹੈ। ਇਸ ਲਈ ਫਰੀਕ ਧਿਰ ਦੋਮ ਨੂੰ ਇਸ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਆਪ ਖੁਦ, ਅਸਾਲਤਨ/ਵਕਾਲਤਨ ਉਕਤ ਮਿਤੀ ਨੂੰ ਸਵੇਰੇ 10.00 ਵਜੇ ਹਾਜ਼ਰ ਆ ਕੇ ਪੈਰਵੀ ਮੁਕੱਦਮਾ ਕਰ ਸਕਦੇ ਹਨ। ਬਾਅਦ ਗੁਜ਼ਰਨੇ ਮਿਆਦ ਕੋਈ ਵੀ ਉਜ਼ਰ ਨਹੀਂ ਸੁਣਿਆ ਜਾਵੇਗਾ ਅਤੇ ਆਪ ਦੇ ਖਿਲਾਫ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 08-11-2023 ਨੂੰ ਇਹ ਇਸ਼ਤਿਹਾਰ ਮੋਹਰ ਅਦਾਲਤ ਅਤੇ ਮੇਰੇ ਦਸਤਖਤਾਂ ਨਾਲ ਜਾਰੀ ਹੋਇਆ।

ਉਪ ਮੰਡਲ ਮੈਜਿਸਟ੍ਰੇਟ-ਕਮ-ਮੇਨਟੀਨੈਂਸ ਟ੍ਰਿਬਿਊਨਲ, ਫਗਵਾੜਾ

Court Notice

In the Court of

Ms. Renuka Kalra

Judicial Magistrate, First Class-19, Jalandhar.

CNR No. PBJL 03-003040-2020 Next Date : 29-11-2023

Sangeeta Aged 30 Years W/o Mandeep Singh D/o Mukhtiar Lal R/o Rasulpur Village Mehatpur, Tehsil Nakodar, Distt. Jalandhar, at Present R/o At VPO Dhogri Near Balmiki Mandir Tehsil and Distt. Jalandhar.

Vs.

Mandeep Singh S/o Paramjit Singh R/o Rasulpur Village Mehatpur, Tehsil Nakodar, Distt. Jalandhar at Present of Village Partap Pur Tehsil and Distt. Ludhiana.

Publication Issued to : Mandeep Singh S/o Paramjit Singh R/o Rasulpur Village Mehatpur, Tehsil Nakodar, Distt. Jalandhar, at Present of Village Partap Pur Tehsil and Distt. Ludhiana.

In above titled case, the accused could not be served. It is ordered that accused should appear in person or through counsel on 29-11-2023 at 10.00 a.m.

For details logon to https://highcourtchd.gov.in./?trs=district_notice&district=Jalandhar.

Judicial Magistrate, First Class-19, Jalandhar.

Dated, this day of 21-11-2023.

Public Notice

I, Muskan D/o Santosh Kumar Chaurasia Plot No.131, L.no.b-7, Gali No.2, 88 Feet Road, Bhabha School, New Green Field, Majitha Road, Amritsar Inform That In School Documents My Father Name Is Wrongly Mentioned As Santosh Kumar, But His Correct Name Is Santosh Kumar Chaurasia. Concerned Note.

This is to Certify that Seema Dutt D/o Jagdish Lal (Father) Janak Dulari (Mother) & Seema Sharma D/o Jagdish Ram Sharma (Father) & Janak Dulari (Mother), R/o H.No. 416/10-A, Gali No. 12, Sant Pura, Kapurthala are the same persons (Seema Dutt W/o late Kavish Dutt alias Seema Sharma, H.No. 1, Doordarshan Enclave, Extn. Near Wadala Chowk, Jalandhar)

COURT NOTICE

Civil Courts Nabha

(U/o 5 Rule 20 CPC)

In the Court of

Ms. Anuradha,

Additional Civil Judge

(Senior Division), Nabha.

CNR No. PBPTB 0-000960-2023

Next Date : 20-12-2023

Paramjit Singh

vs. General Public

Publication Issued to : General Public : General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 20-12-2023 at 10.00 a.m.

For details logon to https://highcourtchd.gov.in/?trs=district_notice&district=Patiala.

Additional Civil Judge (Senior Division) Nabha

Dated, this day of 20-11-2023

COURT NOTICE

(U/o 5 Rule 20 CPC)

In the Court of

Ms. Indu Bala,

Additional Civil Judge

(Senior Division), Moonak.

CNR No. PBSGD 0-000397-2021

Next Date : 05-12-2023

State Bank of India vs. Jang Singh S/o Isher Singh 2 Gurtej Singh S/o Jang Singh

Publication Issued to : Pal Kaur D/o Jang Singh R/o Village Bhutal Kalan, Tehsil Lehragaga, Distt. Sangrur.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 05-12-2023 at 10.00 a.m.

For details logon to https://highcourtchd.gov.in./?trs=district_notice&district=Sangrur.

Additional Civil Judge (Senior Division), Moonak.

Dated, this day of 20-11-2023

Public Notice

I, Babli Devi W/o Ashok Kumar R/o H.No. 98, Punjabi Bagh, Hoshiarpur Road, Near Jandu Singha, Jalandhar, Punjab declare that my son Amit Kumar & his wife Varsha are out of my control. I disinherit them from my moveable and immoveable properties. I and my family shall not be held responsible for any of them acts, deeds and things. All concerned please note.

I, Lovepreet Rattan S/o Rajpal R/o VPO. Pandori Atwal, Tehsil Dasuya, Distt. Hoshiarpur, Punjab declare that my name written wrongly Lovepreet in my Passport No. P5076661 issued from 31-01-2017 by the Passport Office Jalandhar. According to my Aadhaar Card, Bank Account my correct name is Lovepreet Rattan please be amended in my passport.

ਆਮ ਸੂਚਨਾ

ਇੱਕ ਟਿਊਬਵੈੱਲ ਮੋਟਰ ਕੁਨੈਕਸ਼ਨ ਖਾਤਾ ਨੰਬਰ ਐੱਸ ਐੱਚ 130 ਏ ਪੀ ਹਾਰਸ ਪਾਵਰ 12.5 ਜੋ ਕਿ ਵਾਕਿਆ ਰਕਬਾ ਸਹੌਰ ਵਿੱਚ ਮਹਿੰਦਰ ਸਿਘ ਪੁੱਤਰ ਦਲੀਪ ਸਿਘ ਵਾਸੀ ਸਹੌਰ ਤਹਿਸੀਲ ਵਾ ਜ਼ਿਲ੍ਹਾ ਬਰਨਾਲਾ ਦੇ ਨਾਂਅ ਪਰ ਚੱਲ ਰਹੀ ਹੈ। ਉਕਤ ਮੋਟਰ ਕੁਨੈਕਸ਼ਨ ਨੂੰ ਆਪਣੇ ਨਾਂਅ ਤਬਦੀਲ ਕਰਨ ਵਾਸਤੇ ਸ੍ਰੀ ਹਰਪ੍ਰੀਤ ਸਿਘ ਪੁੱਤਰ ਮੱਖਣ ਸਿਘ ਵਾਸੀ ਸਹੌਰ ਤਹਿਸੀਲ ਵਾ ਜ਼ਿਲ੍ਹਾ ਬਰਨਾਲਾ ਨੇ ਇਸ ਦਫਤਰ ਵਿੱਚ ਅਪਲਾਈ ਕੀਤਾ ਹੈ। ਜੇਕਰ ਉਕਤ ਮੋਟਰ ਕੁਨੈਕਸ਼ਨ ਨਾਂਅ ਤਬਦੀਲ ਕਰਨ ਸੰਬੰਧੀ ਕਿਸੇ ਨੂੰ ਵੀ ਕੋਈ ਇਤਰਾਜ਼ ਹੋਵੇ ਤਾਂ 15 ਦਿਨ ਦੇ ਅੰਦਰ-ਅੰਦਰ ਨਿਮਨ ਹਸਤਾਖਰ ਦੇ ਦਫਤਰ ਵਿੱਚ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਮੁਕੱਰਰ ਸਮੇਂ ਤੋਂ ਬਾਅਦ ਉਕਤ ਮੋਟਰ ਕੁਨੈਕਸ਼ਨ ਹਰਪ੍ਰੀਤ ਸਿਘ ਦੇ ਨਾਂਅ ਤਬਦੀਲ ਕਰ ਦਿੱਤਾ ਜਾਵੇਗਾ। ਸਹਾਇਕ ਕਾਰਜਕਾਰੀ ਇੰਜੀਨੀਅਰ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਮਹਿਲ ਕਲਾਂ

ਮੈਂ, ਰਣਜੀਤ ਮਹਿਤਾ ਪੁੱਤਰ ਅਸ਼ੋਕ ਕੁਮਾਰ ਵਾਸੀ ਕਪੂਰਥਲਾ ਸੂਚਿਤ ਕਰਦਾ ਹਾਂ ਕਿ ਮੇਰਾ ਬੇਟਾ ਸਾਹਿਲ ਮਹਿਤਾ, ਜਿਸ ਦੇ 10ਵੀਂ ਅਤੇ 12ਵੀਂ ਦੇ ਸਕੂਲ ਸਰਟੀਫਿਕੇਟ 'ਤੇ ਸਾਹਿਲ ਅਤੇ ਮੇਰਾ ਨਾਂਅ ਰਣਜੀਤ ਕੁਮਾਰ ਲਿਖਿਆ ਗਿਆ ਹੈ, ਜਦਕਿ ਸਾਡੇ ਦੋਵਾਂ ਦੇ ਆਧਾਰ ਕਾਰਡ ਅਤੇ ਬਾਕੀ ਕਾਗਜ਼ਾਂ 'ਤੇ ਸਾਹਿਬ ਮਹਿਤਾ ਅਤੇ ਰਣਜੀਤ ਮਹਿਤਾ ਦਰਜ ਹੈ। ਕ੍ਰਿਪਾ ਕਰਕੇ ਸਕੂਲ ਸਰਟੀਫਿਕੇਟ 'ਤੇ ਮੇਰੇ ਬੇਟੇ ਅਤੇ ਮੇਰਾ ਨਾਂਅ ਦਰੁੱਸਤ ਕੀਤਾ ਜਾਵੇ। (ਕੇ ਪੀ ਟੀ)

ਮੈਂ, ਜਤਿੰਦਰ ਸਿੰਘ ਗਿੱਲ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਫੋਲੜੀਵਾਲ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰੇ ਕੋਲੋਂ ਰਜਿਸਟਰੀਆਂ, ਜਿਨ੍ਹਾਂ ਦਾ ਬੈਨਾਮਾ ਨੰ. 3467 ਮਿਤੀ 16.7.1991 ਐੱਸ ਆਰ ਜਲੰਧਰ। ਬੈਨਾਮਾ ਨੰ. 3511 ਮਿਤੀ 17.7.1991 ਐੱਸ ਆਰ ਜਲੰਧਰ, ਜੋ ਕਿ ਮੇਰੇ ਪਿਤਾ ਬਲਦੇਵ ਸਿੰਘ ਗਿੱਲ ਪੁੱਤਰ ਸ੍ਰ. ਉਜਾਗਰ ਸਿੰਘ ਦੇ ਨਾਂਅ 'ਤੇ ਸਨ। ਕਿਤੇ ਗੁੰਮ ਹੋ ਗਈਆਂ ਹਨ, ਜਿਸ ਦੀ ਪੁਲਸ ਰਿਪੋਰਟ ਦਰਜ ਕਰਵਾ ਦਿੱਤੀ ਹੈ। ਸੰਬੰਧਤ ਨੋਟ ਕਰਨ।

ਮੈਂ, ਜਤਿੰਦਰ ਸਿੰਘ ਗਿੱਲ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਫੋਲੜੀਵਾਲ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰੇ ਕੋਲੋਂ ਰਜਿਸਟਰੀ, ਜਿਸ ਦਾ ਬੈਨਾਮਾ ਨੰ. 11993 ਮਿਤੀ 22.03.2006 , ਐੱਸ ਆਰ ਜਲੰਧਰ, ਜੋ ਕਿ ਮੇਰੀ ਮਾਤਾ ਐਲਸ ਬਦੇਸ਼ਾ ਗਿੱਲ ਦੇ ਨਾਂਅ 'ਤੇ ਸੀ, ਕਿਤੇ ਗੁੰਮ ਹੋ ਗਈ ਹੈ, ਜਿਸ ਦੀ ਪੁਲਸ ਰਿਪੋਰਟ ਦਰਜ ਕਰਵਾ ਦਿੱਤੀ ਹੈ। ਸੰਬੰਧਤ ਨੋਟ ਕਰਨ।

ਬੇਦਖਲੀ ਨੋਟਿਸ

ਮੈਂ, ਨਰਿੰਦਰ ਕੌਰ ਪਤਨੀ ਜਰਨੈਲ ਸਿੰਘ ਵਾਸੀ ਪਿੰਡ ਹਵੇਲੀਆਂ, ਤਹਿਸੀਲ ਅਤੇ ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਮਨਜੋਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਉਮ ਪ੍ਰਕਾਸ਼ ਪੁੱਤਰ ਸੰਗਲੀ ਰਾਮ ਵਾਸੀ ਮੋਹਨ ਨਗਰ ਵੇਰਕਾ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਸਾਬ ਸਿੰਘ ਅਤੇ ਉਸ ਦੀ ਪਤਨੀ ਅਮਨ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਗੀਨਾ ਕਸ਼ਯਪ ਪਤਨੀ ਮੋਹਿਤ ਕਸ਼ਯਪ ਵਾਸੀ ਕੋਠੀ ਨੰ. 2020, ਫਤਿਹਗੜ੍ਹ ਚੂੜੀਆਂ ਰੋਡ, ਇੰਦ੍ਰਾਵਨ ਗਾਰਡਨ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰੇ ਪਤੀ ਮੋਹਿਤ ਕਸ਼ਯਪ ਪੁੱਤਰ ਅਸ਼ੋਕ ਕਸ਼ਯਪ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨਾਲੋਂ ਆਪਣਾ ਰਿਸ਼ਤਾ ਖਤਮ ਕਰਦੀ ਹਾਂ । ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਅਖਤਿਆਰ ਸਿੰਘ ਪੁੱਤਰ ਗੁਲਜ਼ਾਰ ਸਿੰਘ ਵਾਸੀ ਮਕਾਨ ਨੰ. 79, ਨਿਊ ਕੋਟ ਆਤਮਾ ਰਾਮ, ਗਲੀ ਨੰ. 2, ਸੁਲਤਾਨਵਿੰਡ ਰੋਡ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰੀ ਲੜਕੀ ਰਜਵੰਤ ਕੌਰ ਅਤੇ ਉਸ ਦਾ ਪਤੀ ਸਤਿੰਦਰਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸਤਿੰਦਰ ਕੌਰ ਪਤਨੀ ਬਲਵੀਰ ਸਿੰਘ ਵਾਸੀ ਨੇੜੇ ਗਾਜੀਆਣਾ ਰੋਡ, ਕੋਰਾ ਪੱਤੀ, ਪਿੰਡ ਸੈਦੋਕੇ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਅੰਮ੍ਰਿਤਪਾਲ ਸਿੰਘ ਧਾਲੀਵਾਲ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਕੁਲਵੰਤ ਸਿੰਘ ਪੁੱਤਰ ਬੱਗਾ ਸਿੰਘ ਪਿੰਡ ਤੇ ਡਾਕਖਾਨਾ ਖਿਆਲਾ ਬੁਲੇਦਾ ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ (ਪੰਜਾਬ) ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ, ਉਸ ਦੀ ਪਤਨੀ ਰਜਿੰਦਰਜੀਤ ਕੌਰ ਮੇਰੇ ਕੰਟਰੋਲ ਤੋਂ ਬਾਹਰ ਹਨ। ਉਹ ਮੇਰੀ ਦੇਖਭਾਲ ਨਹੀਂ ਕਰਦੇ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦਾ ਮੈਂ ਜ਼ਿੰਮੇਵਾਰ ਨਹੀਂ, ਸੰਬੰਧਤ ਨੋਟ ਕਰਨ।

ਮੈਂ, ਹਰਜਿੰਦਰ ਸਿੰਘ ਪੁੱਤਰ ਸ੍ਰੀ ਬਖਸ਼ੀਸ਼ ਸਿੰਘ ਵਾਸੀ 876, ਗੁਰੂ ਅਮਰਦਾਸ ਕਾਲੋਨੀ, ਡਾਕਟਰ ਹੇਤਰਾਮ ਕਾਲੋਨੀ, ਨਰੈਣਗੜ੍ਹ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਸੁਖਦੇਵ ਸਿੰਘ ਅਤੇ ਇਸ ਦੀ ਪਤਨੀ ਕਰਮਜੀਤ ਕੌਰ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ, ਸੰਬੰਧਤ ਨੋਟ ਕਰਨ।

ਮੈਂ, ਆਸ਼ਾ ਰਾਣੀ ਪਤਨੀ ਸਵਰਗੀ ਸ੍ਰੀ ਸੁਰਿੰਦਰ ਸਿੰਘ ਵਾਸੀ ਕਿਸ਼ਨਪੁਰਾ, ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਗੁਰਪਾਲ ਸਿੰਘ ਅਤੇ ਇਸ ਦੀ ਪਤਨੀ ਪੂਜਾ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ, ਸੰਬੰਧਤ ਨੋਟ ਕਰਨ।

ਮੈਂ, ਸੰਗੀਤਾ ਪਤਨੀ ਸ਼ਾਮ ਲਾਲ ਵਾਸੀ ਮਕਾਨ ਨੰਬਰ 42/11 ਸ਼ਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰੇ ਲੜਕੇ ਰਾਹੁਲ, ਉਸ ਦੀ ਪਤਨੀ ਰੇਖਾ, ਰਵੀ ਕੁਮਾਰ ਉਸ ਦੀ ਪਤਨੀ ਸਿਮਰਨ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਵੀ ਜ਼ਿੰਮੇਵਾਰੀ ਨਹੀਂ ਹੋਵੇਗੀ। (ਬਹਿਲ)

ਅਸੀਂ, ਸੁਖਵੀਰ ਸਿੰਘ ਪੁੱਤਰ ਸ. ਭਗਤ ਸਿੰਘ ਅਤੇ ਗੁਰਜੀਤ ਕੌਰ ਪਤਨੀ ਸੁਖਵੀਰ ਸਿੰਘ ਵਾਸੀਆਨ ਪਿੰਡ ਤੇ ਡਾਕਖਾਨਾ ਸੰਸਾਰਪੁਰ, ਤਹਿਸੀਲ ਤੇ ਜਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸਤਿੰਦਰਜੀਤ ਸਿੰਘ ਅਤੇ ਉਸਦੀ ਪਤਨੀ ਕਿਰਨਜੀਤ ਕੌਰ ਸ਼ੇਰਗਿੱਲ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ। (ਆਰ)

ਨਾਂਅ ਦੀ ਬਦਲੀ

ਮੈਂ, ਰਾਣਾ ਦੀਪ ਪਤਨੀ ਹਰਜਿੰਦਰ ਸਿੰਘ ਵਾਸੀ ਪਿੰਡ ਗਲੌਲੀ ਤਹਿਸੀਲ ਪਾਤੜਾਂ, ਜਿੰ ?ਲ੍ਹਾ ਪਟਿਆਲਾ ਨੇ ਆਪਣਾ ਨਾਂ ਬਦਲ ਕੇ ਰਾਣਾਦੀਪ ਕੌਰ ਰੱਖ ਲਿਆ ਹੈ।

ਮੈਂ ਸ਼ਾਕਸੀ ਲੱਧੜ ਪਤਨੀ ਨਿਤਿਸ਼ ਜੈਨ ਵਾਸੀ ਮੇਵਾ ਸਿੰਘ ਵਾਲਾ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਸੂਚਿਤ ਕਰਦੀ ਹਾਂ ਕਿ ਮੇਰੀ ਲੜਕੀ ਦਾ ਪਹਿਲਾ ਨਾਂਅ ਹੀਰਲ ਜੈਨ ਹੈ, ਹੁਣ ਅਸੀਂ ਲੜਕੀ ਦਾ ਨਾਂਅ ਹੀਰਲ ਲੱਧੜ ਰੱਖ ਲਿਆ ਹੈ, ਸੰਬੰਧਤ ਨੋਟ ਕਰਨ।

ਮੈਂ, ਸਿਵਨਜੀਤ ਕੌਰ ਪੁੱਤਰੀ ਪ੍ਰੇਮ ਸਿੰਘ ਵਾਸੀ ਘੱਗਾ ਤਹਿਸੀਲ ਪਾਤੜਾਂ ਪਟਿਆਲਾ ਨੇ ਆਪਣਾ ਨਾਮ ਬਦਲ ਕੇ ਸਿਮਰਨਜੀਤ ਕੌਰ ਰੱਖ ਲਿਆ ਹੈ।

ਮੈਂ, ਪਰਮਿੰਦਰ ਸਿੰਘ ਗਰੇਵਾਲ ਪੁੱਤਰ ਪਰਮਜੀਤ ਸਿੰਘ, ਵਾਸੀ ਗੁਰੂ ਤੇਗ ਬਹਾਦਰ ਨਗਰ ਧੂਰੀ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਪਰਮਿੰਦਰ ਸਿੰਘ

22-NOV-PAGE-7.qxd 11/21/2023 10:41 PM Page 1

ਅਣ-ਏਡਿਡ ਸਕੂਲ ਸਟਾਫ ਨੇ ਸਿੱਖਿਆ ਮੰਤਰੀ ਦੀ ਫੂਕੀ ਅਰਥੀ

ਧੂਰੀ (ਸੁਖਦੇਵ ਧੂਰੀ)-ਬੀਤੇ ਦਿਨੀਂ ਅਣ-ਏਡਿਡ ਸਟਾਫ ਫਰੰਟ ਪੰਜਾਬ ਏਡਿਡ ਸਕੂਲ ਦੀ ਜ਼ਿਲ੍ਹਾ ਸੰਗਰੂਰ ਦੀ ਇਕਾਈ ਵੱਲੋਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫਤਰ ਧੂਰੀ ਮੂਹਰੇ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਸੰਗਰੂਰ ਦੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਨੇ ਦੱਸਿਆ ਕਿ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਅਣ-ਏਡਿਡ ਸਟਾਫ ਦੀਆਂ ਦੋ ਮੀਟਿੰਗਾਂ ਬੇਸਿੱਟਾ ਰਹੀਆਂ ਹਨ ਤੇ ਉਨ੍ਹਾਂ ਨੇ ਯੂਨੀਅਨ ਨੂੰ ਲਾਰੇ ਲੱਪੇ ਲਾ ਕੇ ਤੋਰ ਦਿੱਤਾ ਹੈ। ਇਸ ਕਾਰਨ ਅਸੀਂ ਸਮੁੱਚੇ ਪੰਜਾਬ ਵਿੱਚ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਅਰਥੀ ਫੂਕ ਮੁਜ਼ਾਹਰੇ ਕਰਨ ਲਈ ਮਜਬੂਰ ਹੋਏ ਹਾਂ। ਸਾਡੇ ਵੱਲੋਂ ਬਹੁਤ ਹੀ ਘੱਟ ਤਨਖਾਹਾਂ 'ਤੇ ਕੰਮ ਕਰਕੇ ਇਨ੍ਹਾਂ ਸਕੂਲਾਂ ਨੂੰ ਬਚਾਇਆ ਜਾ ਰਿਹਾ ਹੈ, ਅਸੀਂ ਸਰਕਾਰੀ ਸਕੂਲਾਂ ਵਾਂਗ ਬੱਚਿਆਂ ਤੋਂ ਸਰਕਾਰੀ ਫੀਸਾਂ ਲੈ ਕੇ ਸਰਕਾਰ ਦੀਆਂ ਸਰਕਾਰੀ ਸਕੂਲਾਂ ਦੀਆਂ ਹਦਾਇਤਾਂ ਅਨੁਸਾਰ ਕੰਮ ਕਰ ਰਹੇ ਹਾਂ। ਇਸ ਮੌਕੇ ਸੂਬਾ ਪ੍ਰਧਾਨ ਨਿਰਭੈ ਸਿੰਘ ਜਹਾਂਗੀਰ ਨੇ ਦੱਸਿਆ ਕਿ ਸਾਡੇ ਏਡਿਡ ਸਕੂਲਾਂ ਵਿੱਚ ਮਿੱਡ ਡੇ ਮੀਲ ਵਾਲੇ ਪੱਕੇ ਤੌਰ 'ਤੇ ਸਰਕਾਰ ਵੱਲੋਂ ਕੰਮ ਕਰ ਹਨ ਤੇ ਬੱਚਿਆਂ ਨੂੰ ਮੁਫਤ ਕਿਤਾਬਾਂ ਵੀ ਦਿੱਤੀਆਂ ਜਾਂਦੀਆਂ ਹਨ, ਪਰ ਬੱਚਿਆਂ ਨੂੰ ਪੜ੍ਹਾਉਣ ਵਾਲੇ ਅਣ-ਏਡਿਡ ਅਧਿਆਪਕਾਂ ਤੇ ਹੋਰ ਸਟਾਫ ਨੂੰ ਸਰਕਾਰ ਵੱਲੋਂ ਕੁਝ ਵੀ ਨਹੀਂ ਦਿੱਤਾ ਜਾਂਦਾ। ਉਨ੍ਹਾ ਦੱਸਿਆ ਕਿ ਏਡਿਡ ਸਕੂਲਾਂ ਦਾ ਭਵਿੱਖ ਵੀ ਖਤਰੇ ਵਿੱਚ ਹੈ। ਪਿਛਲੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ 484 ਏਡਿਡ ਸਕੂਲਾਂ ਵਿੱਚੋਂ 15 ਸਕੂਲ ਬੰਦ ਹੋ ਚੁੱਕੇ ਹਨ, ਜੇਕਰ ਇਸ ਆਪ ਪਾਰਟੀ ਦੀ ਸਰਕਾਰ ਨੇ ਕੁਝ ਸਾਰਥਕ ਕਦਮ ਨਾ ਚੁੱਕੇ ਤਾਂ ਇਸ ਸਰਕਾਰ ਦੇ ਕਾਰਜਕਾਲ ਦੌਰਾਨ ਬਾਕੀ ਬਚੇ 469 ਸਕੂਲ ਬੰਦ ਹੋਣ ਦੇ ਕਿਨਾਰੇ ਚਲੇ ਜਾਣਗੇ ਅਤੇ ਇਸ ਕਾਰਨ ਇਨ੍ਹਾਂ ਸਕੂਲਾਂ ਵਿੱਚ ਪੜ੍ਹਦੇ ਲੱਗਭੱਗ ਢਾਈ ਲੱਖ ਵਿਦਿਆਰਥੀਆਂ ਦਾ ਭਵਿੱਖ ਖਤਰੇ ਵਿੱਚ ਪੈ ਸਕਦਾ ਹੈ। ਇਸ ਮੌਕੇ ਨਵਜੀਤ ਕੌਰ, ਹਰਵਿੰਦਰ ਕੌਰ, ਮਨਪ੍ਰੀਤ ਕੌਰ, ਸੁਨੀਤਾ, ਦਲਵੀਰ ਕੌਰ, ਕਰਮਜੀਤ ਕੌਰ ਮਨਿੰਦਰ ਕੌਰ, ਜਸਪ੍ਰੀਤ ਕੌਰ, ਰਮਨਦੀਪ ਕੌਰ, ਯਾਦਵਿੰਦਰ ਸਿੰਘ, ਵਰਿੰਦਰ ਸਿੰਘ, ਨੀਨਾ ਗੋਇਲ, ਮਨਪ੍ਰੀਤ ਕੌਰ, ਗਗਨਦੀਪ ਕੌਰ, ਕੁਲਦੀਪ ਕੌਰ, ਭੁਪਿੰਦਰ ਸਿੰਘ, ਸੁਰਿੰਦਰ ਸਿੰਘ, ਮਨਦੀਪ ਕੌਰ, ਨਵਦੀਪ ਕੌਰ, ਗੁਰਪ੍ਰੀਤ ਕੌਰ, ਕਰਨਦੀਪ ਸਿੰਘ ਆਦਿ ਹਾਜ਼ਰ ਸਨ।

ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਨੇ ਇੱਕ ਵਾਰ ਫਿਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਪੱਲੇ ਪਾਈ ਨਿਰਾਸ਼ਾ

ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ ਭਗਵੰਤ ਮਾਨ ਸਰਕਾਰ ਦੀ ਮੁਲਾਜ਼ਮ ਤੇ ਪੈਨਸ਼ਨਰ ਵਰਗ ਪ੍ਰਤੀ ਬੇਰੁਖੀ ਦੀ ਸਖਤ ਸ਼ਬਦਾਂ 'ਚ ਨਿੰਦਾ

ਜੈਤੋ (ਪੱਤਰ ਪ੍ਰੇਰਕ)-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਹੇਠ ਮੰਤਰੀ ਮੰਡਲ ਦੀ ਹੋਈ ਮੀਟਿੰਗ ਦੌਰਾਨ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੇ ਗਏ ਵਾਅਦਿਆਂ ਨੂੰ ਲਾਗੂ ਕਰਨ ਲਈ ਕੋਈ ਵੀ ਗੱਲ ਨਹੀਂ ਕੀਤੀ ਗਈ ਤੇ ਇੱਕ ਵਾਰ ਫਿਰ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਪੱਲੇ ਨਿਰਾਸ਼ਾ ਹੀ ਪਈ ਹੈ। ਮੁਲਾਜ਼ਮ ਤੇ ਪੈਨਸ਼ਨਰ ਉਮੀਦ ਕਰਦੇ ਸਨ ਕਿ ਸਮੂਹ ਮੁਲਾਜ਼ਮਾਂ ਦੇ ਭਖਦੇ ਮਸਲੇ, ਪੁਨਰਗਠਨ ਦੌਰਾਨ ਵੱਖੋ ਵੱਖ ਵਿਭਾਗਾਂ 'ਚੋਂ ਗਰੁੱਪ-ਡੀ ਮੁਲਾਜ਼ਮਾਂ ਦੀਆਂ ਖਤਮ ਕੀਤੀਆਂ ਅਸਾਮੀਆਂ ਦੀ ਬਹਾਲੀ ਕਰਨ, ਹਰ ਤਰ੍ਹਾਂ ਦੇ ਕੱਚੇ ਠੇਕਾ ਤੇ ਆਊਟ ਸੋਰਸ ਮੁਲਾਜ਼ਮਾਂ ਦੀਆਂ ਸੇਵਾਵਾਂ ਨਿਯਮਤ ਕਰਨਾ, ਆਸ਼ਾ ਵਰਕਰਾਂ, ਮਿੱਡ ਡੇਅ ਮੀਲ ਵਰਕਰਾਂ, ਆਂਗਨਵਾੜੀ ਵਰਕਰਾਂ ਨੂੰ ਘੱਟੋ ਘੱਟ ਉਜ਼ਰਤ ਕਾਨੂੰਨ ਤਹਿਤ 26000 ਰੁਪਏ ਤਨਖਾਹ ਦੇਣਾ ਤੇ ਸੇਵਾਵਾਂ ਰੈਗੂਲਰ ਕਰਨ ਸਬੰਧੀ ਅਗਲੇਰੀ ਕਾਰਵਾਈ ਕਰਨਾ, ਪੁਰਾਣੀ ਪੈਨਸ਼ਨ ਸਕੀਮ ਨੂੰ ਅਸਲ ਰੂਪ ਵਿੱਚ ਲਾਗੂ ਕਰਨਾ, 1 ਜਨਵਰੀ 2016 ਤੋਂ 30 ਜੂਨ 2021 ਤੱਕ 66 ਮਹੀਨਿਆਂ ਦਾ ਤਨਖਾਹ ਕਮਿਸ਼ਨ ਦਾ ਬਕਾਇਆ, ਡੀ ਏ ਦਾ ਬਕਾਇਆ ਤੇ 12 ਫੀਸਦੀ ਡੀ ਏ ਦੀਆਂ ਤਿੰਨ ਬਕਾਇਆ ਕਿਸ਼ਤਾਂ ਦੀ ਅਦਾਇਗੀ ਕਰਨ, ਪੈਨਸ਼ਨਰ ਗੁਣਾਂਕ 2.59 ਲਾਗੂ ਕਰਨ, ਠੇਕਾ ਪ੍ਰਣਾਲੀ ਦਾ ਮਕੰਮਲ ਖਾਤਮਾਂ ਕਰਕੇ ਖਾਲੀ ਅਸਾਮੀਆਂ ਤੇ ਪੂਰੇ ਤਨਖਾਹ ਸਕੇਲਾਂ ਵਿੱਚ ਭਰਤੀ ਯਕੀਨੀ ਬਣਾਉਣ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਪੰਜਾਬ ਅਧੀਨ ਮਰਜ ਕਰਨ ਆਦਿ ਮੰਗਾਂ ਨੂੰ ਪੂਰੀਆਂ ਕਰਨ ਬਾਰੇ ਕੋਈ ਫੈਸਲਾ ਕੀਤਾ ਜਾਵੇਗਾ, ਪਰ ਅਫਸੋਸ ਕਿ ਪੰਜਾਬ ਮੰਤਰੀ ਮੰਡਲ ਨੇ ਇਨ੍ਹਾਂ ਲਮਕ ਅਵਸਥਾ ਵਿੱਚ ਪਈਆਂ ਸਾਰੀਆਂ ਮੰਗਾਂ ਪ੍ਰਤੀ ਚੁੱਪ ਧਾਰ ਕਰ ਲੈਣ ਨੂੰ ਹੀ ਯੋਗ ਸਮਝਿਆ ਹੈ।

ਵੱਖ ਵੱਖ ਜਥੇਬੰਦੀਆਂ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ ਚੰਡੀਗੜ੍ਹ ਦੇ ਸੂਬਾਈ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ, ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਨਛੱਤਰ ਸਿੰਘ ਭਾਣਾ, ਜਨਰਲ ਸਕੱਤਰ ਹਰਵਿੰਦਰ ਸ਼ਰਮਾ, ਕਲਾਸ ਫੌਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਇਕਬਾਲ ਸਿੰਘ ਢੁੱਡੀ ਤੇ ਜਨਰਲ ਸਕੱਤਰ ਬਲਕਾਰ ਸਿੰਘ, ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਕੁਲਵੰਤ ਸਿੰਘ ਚਾਨੀ ਤੇ ਸੋਮ ਨਾਥ ਅਰੋੜਾ, ਆਲ ਇੰਡੀਆ ਆਸ਼ਾ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਨੇ ਭਗਵੰਤ ਮਾਨ ਸਰਕਾਰ ਦੀ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਵਰਗ ਪ੍ਰਤੀ ਬੇਰੁਖੀ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੇ ਸਾਰੇ ਚੋਣ ਵਾਅਦੇ ਤੁਰੰਤ ਪੂਰੇ ਕੀਤੇ ਜਾਣ ਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਸਬਰ ਨਾ ਪਰਖਿਆ ਜਾਵੇ।

ਪੰਚਾਇਤ ਵੱਲੋਂ ਸਕੂਲ ਨੂੰ ਇਨਵਰਟਰ ਭੇਟ

ਪਾਤੜਾਂ (ਪੱਤਰ ਪ੍ਰੇਰਕ)

ਨਜ਼ਦੀਕੀ ਪਿੰਡ ਮੌਲਵੀਵਾਲਾ ਦੀ ਗ੍ਰਾਮ ਪੰਚਾਇਤ ਸੰਤ ਨਗਰ ਵੱਲੋਂ ਪਿੰਡ ਦੇ ਸਰਕਾਰੀ ਮਿਡਲ ਸਕੂਲ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਪੇਸ਼ ਆ ਰਹੀ ਦਿੱਕਤ ਨੂੰ ਧਿਆਨ ਵਿੱਚ ਰੱਖਦਿਆਂ ਇਨਵਰਟਰ ਦਿੱਤਾ ਗਿਆ ਹੈ। ਸਰਪੰਚ ਸੁਖਪਾਲ ਕੌਰ ਦੀ ਅਗਵਾਈ ਵਿੱਚ ਪਿੰਡ ਦੇ ਪਤਵੰਤੇ ਵਿਅਕਤੀਆਂ ਵੱਲੋਂ ਸਕੂਲ ਸਟਾਫ ਨੂੰ ਇਨਵਰਟਰ ਭੇਟ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏ ਸਰਪੰਚ ਸੁਖਪਾਲ ਕੌਰ ਨੇ ਦੱਸਿਆ ਕਿ ਪਿੰਡ ਦੇ ਸਰਕਾਰੀ ਮਿਡਲ ਸਕੂਲ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਗਰਮੀ ਦੇ ਮੌਸਮ ਵਿੱਚ ਜਿੱਥੇ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ, ਉੱਥੇ ਸਰਦੀ ਦੇ ਮੌਸਮ ਵਿੱਚ ਸਕੂਲ ਦੇ ਕਮਰਿਆਂ ਵਿੱਚ ਬਿਜਲੀ ਨਾ ਹੋਣ ਦੀ ਸੂਰਤ ਵਿੱਚ ਰੌਸ਼ਨੀ ਦੀ ਕਮੀ ਰਹਿਣ ਕਰਕੇ ਬੱਚਿਆਂ ਨੂੰ ਮੁਸ਼ਕਲ ਆਉਂਦੀ ਸੀ, ਇਸ ਗੱਲ ਨੂੰ ਧਿਆਨ 'ਚ ਰੱਖਦਿਆਂ ਗ੍ਰਾਮ ਪੰਚਾਇਤ ਵੱਲੋਂ ਇਨਵਰਟਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਕੂਲ ਦੀ ਸੁੰਦਰਤਾ ਵਿੱਚ ਵਾਧਾ ਕਰਨ ਦੇ ਮਕਸਦ ਨਾਲ ਜਿੱਥੇ ਸੁੰਦਰੀਕਰਨ ਵਾਲੇ ਪੌਦੇ ਲਗਾਏ ਜਾ ਰਹੇ ਹਨ, ਉਥੇ ਵਿਦਿਆਰਥੀਆਂ ਲਈ ਦੁਪਹਿਰ ਦਾ ਖਾਣਾ ਤਿਆਰ ਕਰਨ ਲਈ ਕਿਚਨ ਛੱਤ ਦੀ ਉਸਾਰੀ ਵੀ ਗ੍ਰਾਮ ਪੰਚਾਇਤ ਵੱਲੋਂ ਜਲਦੀ ਕਰਵਾਈ ਜਾ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਜੀਤ ਸਿੰਘ ਸਹੋਤਾ, ਪੰਚ ਭੁਪਿੰਦਰਜੀਤ ਸਿੰਘ, ਜਸਵੰਤ ਸਿੰਘ ਸੰਧੂ, ਗੁਰਸੇਵਕ ਸਿੰਘ, ਸੁੱਚਾ ਸਿੰਘ ਸੰਧੂ, ਸੀ ਵਾਈ ਐੱਸ ਐੱਸ ਚੇਅਰਮੈਨ ਨਵਲਦੀਪ ਸਿੰਘ ਮੌਲਵੀਵਾਲਾ, ਚੇਅਰਮੈਨ ਹਰਿੰਦਰ ਸਿੰਘ ਚੱਠਾ, ਸਰਬਜੀਤ ਸਿੰਘ ਸਮਰਾ ਤੇ ਬਲਵੰਤ ਸਿੰਘ ਸਾਰਨਕੇ ਆਦਿ ਹਾਜ਼ਰ ਸਨ।

ਕਾਤਰਾਂ

ਮੋਟਰਸਾਈਕਲ ਖੜੇ ਕੈਂਟਰ 'ਚ ਵੱਜਾ, ਇੱਕ ਮੌਤ, 2 ਜ਼ਖਮੀਂ

ਦਿੜ੍ਹਬਾ (ਜਸਵੀਰ ਲਾਡੀ)-ਇੱਥੋਂ ਨੇੜਲੇ ਪਿੰਡ ਛਾਜਲੀ ਵਿਖੇ ਲਹਿਰਾਗਾਗਾ-ਸੁਨਾਮ ਰੋਡ 'ਤੇ ਪਿੰਡ ਛਾਜਲੀ ਦੇ ਓਬਰਬ੍ਰਿਜ ਨੇੜੇ ਮੋਟਰਸਾਈਕਲ ਖੜੇ ਕੈਂਟਰ ਵਿੱਚ ਵੱਜਣ ਕਾਰਨ ਮੋਟਰਸਾਈਕਲ 'ਤੇ ਸਵਾਰ ਤਿੰਨ ਨੌਜਵਾਨਾਂ 'ਚੋਂ ਇੱਕ ਦੀ ਮੌਤ ਤੇ ਦੋ ਦੇ ਗੰਭੀਰ ਜ਼ਖਮੀਂ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਹ ਨੌਜਵਾਨ ਛਾਜਲੀ ਵਾਸੀ ਹਨ। ਰਾਹਗੀਰਾਂ ਦੇ ਦੱਸਣ ਮੁਤਾਬਕ ਇਹ ਕੈਂਟਰ ਨੰਬਰ ਪੀ.ਬੀ.10 ਸੀ ਡਬਲਯੂ 1344 ਸਵੇਰੇ ਤੋਂ ਹੀ ਟਾਇਰ ਪੈਂਚਰ ਹੋਣ ਕਾਰਨ ਸੜਕ 'ਤੇ ਖੜਾ ਸੀ। ਕੈਂਟਰ ਨੇ ਸੜਕ ਦਾ ਅੱਧਾ ਹਿੱਸਾ ਰੋਕਣ ਕਾਰਨ ਵਹੀਕਲਾਂ ਨੂੰ ਲੰਘਣ ਲਈ ਜਗ੍ਹਾ ਨਾ ਹੋਣ ਕਾਰਨ ਇਹ ਹਾਦਸਾ ਵਾਪਰ ਗਿਆ, ਜਿਸ ਵਿੱਚ ਜਸ਼ਨਦੀਪ ਸਿੰਘ ਪੁੱਤਰ ਜਗਸੀਰ ਸਿੰਘ ਦੀ ਮੌਤ ਹੋ ਗਈ ਹੈ, ਜਦੋਂਕਿ ਬਲਕਾਰ ਸਿੰਘ ਪੁੱਤਰ ਜਗਦੇਵ ਸਿੰਘ ਸੰਗਰੂਰ ਸਿਵਲ ਹਸਪਤਾਲ ਦਾਖਲ ਹੈ ਤੇ ਬਿੱਟੂ ਸਿੰਘ ਪੁੱਤਰ ਮੁਖਤਿਆਰ ਸਿੰਘ ਨੂੰ ਰਜਿੰਦਰਾ ਹਸਪਤਾਲ ਵਿਖੇ ਰੈਫਰ ਕਰ ਦਿੱਤਾ ਹੈ।

ਕਬੱਡੀ ਟੂਰਨਾਮੈਂਟ ਤੇ ਕੁਸ਼ਤੀ ਮੁਕਾਬਲੇ 24 ਨੂੰ

ਬਠਿੰਡਾ (ਰਾਜਦੀਪ ਜੋਸ਼ੀ)-ਸੂਬਾ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ ਗਈ ਮੁਹਿੰਮ ਤਹਿਤ ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਨ ਲਈ ਬਠਿੰਡਾ ਪੁਲਸ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪੁਲਸ ਮੁਖੀ ਸ੍ਰ. ਗੁਲਨੀਤ ਸਿੰਘ ਖੁਰਾਣਾ ਨੇ ਦੱਸਿਆ ਕਿ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ 24 ਨਵੰਬਰ 2023 ਨੂੰ ਸਥਾਨਕ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਵਿਖੇ ਨਸ਼ਿਆਂ ਖਿਲਾਫ਼ ਜਾਗਰੂਕਤਾ ਲਈ ਕਬੱਡੀ ਟੂਰਨਾਮੈਂਟ (ਸਰਕਲ ਸਟਾਈਲ) ਤੇ ਕੁਸ਼ਤੀ ਮੁਕਾਬਲੇ ਕਰਵਾਏ ਜਾ ਰਹੇ ਹਨ। ਇਸ ਮੌਕੇ ਏਡੀਜੀਪੀ ਰੇਂਜ ਬਠਿੰਡਾ ਸ਼੍ਰੀ ਐੱਸ ਪੀ ਐੱਸ ਪਰਮਾਰ ਤੇ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

'ਭਾਰਤ ਕੋ ਜਾਨੋ' ਪ੍ਰਤੀਯੋਗਤਾ 'ਚ ਗਰੀਨਲੈਂਡ ਸਕੂਲ ਦੇ ਵਿਦਿਆਰਥੀ ਜੇਤੂ

ਬਰੇਟਾ (ਰੀਤਵਾਲ)-ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਭਾਰਤ ਕੋ ਜਾਨੋ ਪ੍ਰਤੀਯੋਗਤਾ ਦੇ ਬੈਨਰ ਹੇਠ ਪੰਜਾਬ ਸਾਊਥ ਦੇ ਸਕੂਲਾਂ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਵੱਖ ਵੱਖ ਜ਼ਿਲ੍ਹਿਆਂ ਦੀਆਂ 21 ਟੀਮਾਂ ਨੇ ਭਾਗ ਲਿਆ, ਜਿਸ ਵਿੱਚ ਗਰੀਨਲੈਂਡ ਸਕੂਲ ਦੇ ਜੂਨੀਅਰ ਪੱਧਰ ਦੇ 2 ਵਿਦਿਆਰਥੀ ਗੋਰਿਸ਼ ਸਿੰਗਲਾ ਤੇ ਨਵਕਰਨ ਸਿੰਘ ਨੇ ਪਹਿਲਾ ਦਰਜਾ ਹਾਸਲ ਕੀਤਾ। ਸਕੂਲ ਪਹੁੰਚਣ 'ਤੇ ਜਿੱਥੇ ਵਿਦਿਆਰਥੀਆਂ ਦਾ ਸਵਾਗਤ ਕੀਤਾ ਗਿਆ, ਉਥੇ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਅਗਲੇ ਮੁਕਾਬਲੇ ਰੀਜਨਲ ਨੌਰਥ-1 ਦੇ ਮੁਕਾਬਲੇ ਲਈ ਪ੍ਰੇਰਿਤ ਕੀਤਾ ਗਿਆ, ਜੋ 10 ਦਸੰਬਰ ਨੂੰ ਸ਼੍ਰੀ ਅੰਮ੍ਰਿਤਸਰ ਵਿਖੇ ਕਰਵਾਏ ਜਾ ਰਹੇ ਹਨ। ਸਕੂਲ ਪ੍ਰਬੰਧਕ ਕਮੇਟੀ ਦੀ ਚੇਅਰਪਰਸਨ ਡਾ. ਮੰਜੂ ਮਨੋਜ ਬਾਲਾ, ਪ੍ਰਿੰਸੀਪਲ ਉਰਮਿਲ ਜੈਨ, ਵਾਇਸ ਪ੍ਰਿੰਸੀਪਲ ਨੀਰਜ ਵਰਮਾ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਕਰਵਾਈ ਗਈ ਪ੍ਰਤੀਯੋਗਤਾ 'ਚ ਭਾਰਤ ਪੱਧਰ 'ਤੇ ਵੀ ਆਪਣਾ ਨਾਂਅ ਰੋਸ਼ਨ ਕਰ ਚੁੱਕੇ ਹਨ। ਇਸ ਮੌਕੇ ਭਾਰਤ ਵਿਕਾਸ ਪ੍ਰੀਸ਼ਦ ਦੇ ਚੇਅਰਮੈਨ ਬਾਬੂ ਰਾਮ, ਪ੍ਰਧਾਨ ਰਘਵੀਰ ਸਿੰਘ, ਸਕੱਤਰ ਡਾ. ਭਵਾਨੀ ਸ਼ੰਕਰ ਆਦਿ ਹਾਜ਼ਰ ਸਨ।

ਮ੍ਰਿਤਕ ਮਨਰੇਗਾ ਮਜ਼ਦੂਰਾਂ ਦੇ ਵਾਰਿਸਾਂ ਨੂੰ 5-5 ਲੱਖ ਰੁਪਏ ਮੁਆਵਜ਼ਾ ਤੇ ਨੌਕਰੀ ਦੇਣ ਦੀ ਮੰਗ

ਮਾਛੀਵਾੜਾ ਸਾਹਿਬ (ਸ਼ੌਕੀ ਸ਼ਰਮਾ, ਜਗਦੀਸ਼ ਰਾਏ)-ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ (ਸੀਟੂ) ਦੇ ਸੂਬਾਈ ਪ੍ਰਧਾਨ ਸ਼ੇਰ ਸਿੰਘ ਫਰਵਾਹੀ, ਜਨਰਲ ਸਕੱਤਰ ਅਮਰਨਾਥ ਕੂੰਮਕਲਾਂ, ਵਿੱਤ ਸਕੱਤਰ ਗੁਰਨਾਮ ਸਿੰਘ ਘਨੌਰ ਨੇ ਪੁਲਸ ਥਾਣਾ ਮਲੌਦ ਅਧੀਨ ਪੈਂਦੇ ਪਿੰਡ ਲਹਿਲ ਵਿਖੇ ਮਨਰੇਗਾ ਤਹਿਤ ਕੰਮ ਕਰਦੀਆਂ ਦੋ ਮਨਰੇਗਾ ਮਜ਼ਦੂਰਾਂ, ਜਿਨ੍ਹਾਂ ਵਿੱਚ ਬਲਜਿੰਦਰ ਕੌਰ ਤੇ ਬੁੱਧਾ ਨਾਮ ਦੀਆਂ ਔਰਤਾਂ ਨੂੰ ਇੱਕ ਤੇਜ਼ ਰਫ਼ਤਾਰ ਕਾਰ ਚਾਲਕ ਨੇ ਕੁਚਲ ਦਿੱਤਾ, ਜੋ ਮੌਕੇ 'ਤੇ ਹੀ ਦਮ ਤੋੜ ਗਈਆਂ। ਕਾਰ ਚਾਲਕ ਨੂੰ ਲੋਕਾਂ ਦੀ ਮੱਦਦ ਨਾਲ ਭਾਵੇਂ ਪੁਲਸ ਨੇ ਕਾਬੂ ਕਰ ਲਿਆ ਹੈ, ਜਿਸ ਉੱਪਰ ਬਣਦੀ ਕਾਰਵਾਈ ਕਰਨ ਦਾ ਵਿਸ਼ਵਾਸ ਵੀ ਦਿਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੇ ਪੇਂਡੂ ਪੰਚਾਇਤੀ ਵਿਕਾਸ ਵਿਭਾਗ ਮ੍ਰਿਤਕ ਮਜ਼ਦੂਰਾਂ ਦੇ ਪਰਿਵਾਰਾਂ ਨੂੰ 5-5 ਲੱਖ ਰੁਪਏ ਦਾ ਮੁਆਵਜ਼ਾ ਦੇਵੇ ਤੇ ਪਰਿਵਾਰ ਦੇ ਇੱਕ-ਇੱਕ ਮੈਂਬਰ ਨੂੰ ਸਰਕਾਰੀ ਨੌਕਰੀ

22-Nov-PAGE-8.qxd 11/21/2023 11:02 PM Page 1

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਡੀ ਸੀ ਦਫਤਰ ਅੱਗੇ ਧਰਨਾ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)

18 ਜਥੇਬੰਦੀਆਂ ਦੇ ਤਾਲਮੇਲ ਕੇਂਦਰ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤੀ ਦੇ ਸੱਦੇ 'ਤੇ ਕਿਸਾਨ ਮਜਦੂਰ ਸੰਘਰ। ਕਮੇਟੀ ਪੰਜਾਬ ਵੱਲੋਂ ਡੀ.ਸੀ ਹੁਸ਼ਿਆਰਪੁਰ ਅੱਗੇ 12 ਤੋਂ 4 ਵਜੇ ਤੱਕ ਧਰਨਾ ਦਿੱਤਾ ਤੇ ਸਰਕਾਰ ਖਿਲਾਫ ਜੰਮ ਕੇ ਨਾਇਰੇਬਾਜੀ ਕੀਤੀ। ਧਰਨੇ ਦੀ ਅਗਵਾਈ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਸਕੱਤਰ ਕੁਲਦੀਪ ਸਿੰਘ ਬੇਗੋਵਾਲ ਨੇ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਸੁਵਿੰਦਰ ਸਿੰਘ ਚੌਟਾਲਾ ਤੇ ਦਵਿੰਦਰ ਸਿੰਘ ਕਾਹਲੋਂ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਕਿਸਾਨਾਂ ਨੰ ਪਰਾਲੀ ਸਾੜਨ ਦੇ ਨਾਂਅ ਹੇਠ ਜ਼ਲੀਲ ਕਰ ਰਹੀ ਹੈ। ਦੇਸ਼ ਦਾ ਢਿੱਡ ਭਰਨ ਵਾਲੇ ਕਿਸਾਨ 'ਤੇ ਪਰਚੇ ਦਰਜ ਕੀਤੇ ਜਾ ਰਹੇ ਹਨ। ਕਿਸਾਨਾਂ ਨੇ ਮੰਗ ਕਰਦਿਆਂ ਕਿਹਾ ਕਿ ਪਰਾਲੀ ਦੀ ਸਾਂਭ ਸੰਭਾਲ ਲਈ 6000 ਰੁਪਏ ਪ੍ਰਤੀ ਏਕੜ ਦਿੱਤਾ ਜਾਵੇ। ਕਿਸਾਨਾਂ ਦੀਆਂ ਜਮੀਨਾਂ ਵਿੱਚੋਂ ਨੈਸ਼ਨਲ ਹਾਈਵੇ ਕੱਢਣੇ ਬੰਦ ਕੀਤੇ ਜਾਣ। ਬਿਜਲੀ ਬੋਰਡ ਦਾ ਨਿੱਜੀਕਰਨ ਬੰਦ ਕੀਤਾ ਜਾਵੇ। ਪੰਜਾਬ ਵਿੱਚ ਪੂਰਨ ਤੌਰ ਤੇ ਨਸ਼ਾ ਬੰਦ ਕੀਤਾ ਜਾਵੇ। ਬੰਦ ਕੀਤੀਆਂ ਝੋਨੇ ਦੀਆਂ ਮੰਡੀਆਂ ਖੋਲੀਆਂ ਜਾਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਦੀਪ ਸਿੰਘ ਜੱਸੀ ਜਸਬੀਰ ਸਿੰਘ ਰਿਕੂ ਕੁਲਵਿੰਦਰ ਸਿੰਘ ਸਤਨਾਮ ਸਿੰਘ ਉਲਖ ਬਲਵੰਤ ਸਿੰਘ ਕਮਲਜੀਤ ਸਿੰਘ ਕਮਲਜੀਤ ਕੌਰ ਬਲਜਿੰਦਰ ਕੌਰ ਰਣਜੀਤ ਕੌਰ ਮਨਦੀਪ ਕੌਰ ਭਿੰਡਰ ਨਿਰਮਲ ਸਿੰਘ ਬਾਜਵਾ ਹਰਬੰਸ ਸਿੰਘ ਸਰਵਨ ਟਾਲੀ ਨਿਸ਼ਾਨ ਫੌਜੀ ਕਲੋਨੀ ਗੋਬਿੰਦ ਸਿੰਘ ਗੁਰਦੇਵ ਸਿੰਘ ਅਜੀਤ ਸਿੰਘ ਸੰਤੋਸ਼ ਕੁਮਾਰੀ ਜਸਵੀਰ ਸਿੰਘ ਸਰਪੰਚ ਜਰਨੈਲ ਸਿੰਘ ਆਦਿ ਹਾਜਰ ਸਨ।

ਸੀਨੀਅਰ ਸਿਟੀਜ਼ਨ ਕਾਨੂੰਨੀ ਸੇਵਾਵਾਂ ਸੰਬੰਧੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ

ਮੋਹਾਲੀ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)

ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ, ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ-ਕਮ-ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ.ਨਗਰ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਅਤੇ ਹਰਪਾਲ ਸਿੰਘ, ਜ਼ਿਲ੍ਹਾ ਤੇ ਸੈਸ਼ਨ ਜੱਜ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ.ਨਗਰ ਦੀਆਂ ਹਦਾਇਤਾਂ ਤੇ ਨਾਲਸਾ (ਸੀਨੀਅਰ ਸਿਟੀਜਨਾਂ ਨੂੰ ਕਾਨੂੰਨੀ ਸੇਵਾਵਾਂ) ਸਕੀਮ, 2016 ਤਹਿਤ ਮਾਤਾ ਗੁਜਰੀ ਸੁਖ ਨਿਵਾਸ, ਖਾਨਪੁਰ ਵਿਖੇ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ। ਬਲਜਿੰਦਰ ਸਿੰਘ ਮਾਨ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ.ਨਗਰ ਨੇ ਬਿਰਧ ਆਸ਼ਰਮ ਵਿੱਚ ਰਹਿ ਰਹੇ ਬਜੁਰਗਾਂ ਨੂੰ ਸੰਬੋਧਨ ਕਰਦਿਆਂ ਕੇਂਦਰ ਅਤੇ ਰਾਜ ਸਰਕਾਰ ਦੀਆਂ ਭਲਾਈ ਸਕੀਮਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਅੱਗੇ ਕਿਹਾ ਕਿ ਭਾਰਤ ਦੇ ਸੰਵਿਧਾਨ ਦਾ ਆਰਟੀਕਲ 21 ਜੀਵਨ ਦੇ ਅਧਿਕਾਰ ਦੀ ਗਰੰਟੀ ਦਿੰਦਾ ਹੈ ਅਤੇ ਧਾਰਾ 41 ਬੁਢਾਪੇ, ਬਿਮਾਰੀ ਅਤੇ ਅਪਾਹਜਤਾ ਵਿੱਚ ਜਨਤਕ ਸਹਾਇਤਾ ਲਈ ਪ੍ਰਭਾਵੀ ਪ੍ਰਬੰਧ ਕਰਨ ਲਈ ਰਾਜ ਦਾ ਫਰਜ ਨਿਰਧਾਰਿਤ ਕਰਦੀ ਹੈ। ਬਜੁਰਗਾਂ ਨੂੰ ਮਾਤਾ-ਪਿਤਾ ਅਤੇ ਸੀਨੀਅਰ ਸਿਟੀਜਨਜ ਐਕਟ, 2007 ਦੇ ਰੱਖ-ਰਖਾਅ ਅਤੇ ਭਲਾਈ ਬਾਰੇ ਵੀ ਜਾਣੂ ਕਰਵਾਇਆ ਗਿਆ। ਇਸ ਤੋਂ ਇਲਾਵਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ.ਨਗਰ ਵੱਲੋਂ ਕਾਨੂੰਨੀ ਸੇਵਾਵਾਂ ਅਥਾਰਟੀਜ ਐਕਟ, 1987 ਦੀ ਧਾਰਾ 12 ਅਨੁਸਾਰ ਮੁਹੱਈਆ ਕਰਵਾਈਆਂ ਜਾ ਰਹੀਆਂ ਮੁਫਤ ਕਾਨੂੰਨੀ ਸੇਵਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ ਅਤੇ ਦੱਸਿਆ ਗਿਆ ਕਿ 3.00 ਲੱਖ ਰੁਪਏ ਤੋਂ ਘੱਟ ਆਮਦਨ ਵਾਲਾ ਕੋਈ ਵੀ ਵਿਅਕਤੀ ਮੁਫਤ ਕਾਨੂੰਨੀ ਸੇਵਾਵਾਂ ਲੈਣ ਦਾ ਹੱਕਦਾਰ ਹੈ। ਜਿਸ ਵਿੱਚ ਕੋਰਟ ਫੀਸ, ਐਡਵੋਕੇਟ ਫੀਸ, ਡਰਾਫਟਿੰਗ ਖਰਚੇ ਅਤੇ ਹੋਰ ਫੁਟਕਲ ਖਰਚੇ ਸ਼ਾਮਲ ਹਨ। ਅਨੁਸੂਚਿਤ ਜਾਤੀਆਂ ਅਤੇ ਕਬੀਲਿਆਂ ਦੇ ਮੈਂਬਰ, ਔਰਤਾਂ ਅਤੇ ਬੱਚੇ ਵੀ ਆਮਦਨੀ ਦੀ ਬਿਨਾਂ ਕੋਈ ਸੀਮਾ ਨਿਰਧਾਰਿਤ ਕੀਤੇ ਮੁਫਤ ਕਾਨੂੰਨੀ ਸੇਵਾਵਾਂ ਦੇ ਹੱਕਦਾਰ ਹਨ। ਉਦਯੋਗਿਕ ਕਰਮਚਾਰੀ, ਆਫਤ ਅਤੇ ਤਸਕਰੀ ਦਾ ਸ਼ਿਕਾਰ, ਹਿਰਾਸਤ ਵਿੱਚ ਵਿਅਕਤੀ ਅਤੇ ਅਪੰਗ ਵਿਅਕਤੀ ਵੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤੋਂ ਮੁਫਤ ਕਾਨੂੰਨੀ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ।

ਡਾ. ਸ਼ਮਸ਼ੇਰ ਮੋਹੀ ਦੇ ਗਜ਼ਲ ਸੰਗ੍ਰਹਿ 'ਹੁਣ ਤਾਂ ਸ਼ਾਇਦ' 'ਤੇ ਸਮਾਗਮ

ਹੁਸ਼ਿਆਰਪੁਰ (ਓ ਪੀ ਰਾਣਾ)

ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ (ਰਜਿ.) ਵਲੋਂ ਡਾ. ਸ਼ਮਸ਼ੇਰ ਮੋਹੀ ਦੇ ਗਜਲ ਸੰਗ੍ਰਹਿ "ਹੁਣ ਤਾਂ ਸ਼ਾਇਦ" 'ਤੇ ਚਰਚਾ ਲਈ ਵਿਸ਼ੇਸ਼ ਸਮਾਗਮ ਰਚਾਇਆ ਗਿਆ। ਸ਼ੁਰੂ ਵਿੱਚ ਪੰਜਾਬੀ ਸਾਹਿਤ ਜਗਤ ਨੂੰ ਅਲਵਿਦਾ ਕਹਿ ਗਏ ਨ੍ਰਿਪਇੰਦਰ ਰਤਨ, ਪ੍ਰੋ. ਮੋਹਣ ਸਿੰਘ ਦੀ ਬੇਟੀ ਜਿੰਦਾ ਅਤੇ ਅਬਦੁਲ ਕਦੀਮ ਕੁਦਸੀ ਦੀ ਯਾਦ ਵਿੱਚ ਸ਼ੋਕ ਮਤਾ ਪਾਸ ਕੀਤਾ ਗਿਆ। ਪੁਸਤਕ 'ਤੇ ਚਰਚਾ ਤੋਂ ਪਹਿਲਾਂ ਡਾ. ਮੋਹੀ ਨੇ ਗਜਲ ਸੰਗ੍ਰਹਿ ਵਿਚੋਂ ਪੰਜ ਗਜਲਾਂ ਦਾ ਪਾਠ ਕੀਤਾ। ਪਹਿਲਾ ਪਰਚਾ ਪੇਸ਼ ਕਰਦਿਆਂ ਡਾ. ਹਰਪ੍ਰੀਤ ਸਿੰਘ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਨੇ ਕਿਹਾ ਕਿ ਮੋਹੀ ਦੀ ਸ਼ਾਇਰੀ ਦਰਦ, ਦਰਵੇਸ਼ੀ ਤੇ ਨਾਬਰੀ ਦੀ ਸ਼ਾਇਰੀ ਹੈ। ਸੰਵੇਦਨਾ ਨਾਲ ਭਰੀ ਹੋਈ ਸ਼ਾਇਰੀ ਵਿੱਚ ਮੋਹੀ ਨੇ ਪਿਆਰ ਦੀਆਂ ਤੰਦਾਂ ਨੂੰ ਬਹੁਤ ਸੂਖਮਤਾ ਨਾਲ ਛੋਹਿਆ ਹੈ। ਮਦਨ ਵੀਰਾ ਨੇ ਮੋਹੀ ਦੀ ਸ਼ਾਇਰੀ ਨੂੰ ਨਿੱਜ ਤੋਂ ਸਮੂਹਕਤਾ ਵੱਲ ਕਦਮ ਦੱਸਦਿਆਂ ਜ਼ਿਕਰ ਤੇ ਫਿਕਰ ਵਾਲੀ ਸ਼ਾਇਰੀ ਕਿਹਾ। ਡਾ. ਜਸਵੰਤ ਰਾਏ ਨੇ ਕਿਹਾ ਕਿ ਮੋਹੀ ਦੀਆਂ ਗਜਲਾਂ ਵਿਚ ਜ਼ਿੰਦਗੀ ਧੜਕਦੀ ਹੈ ਅਤੇ ਉਸਨੇ ਨਾਬਰੀ ਸੁਰ ਨੂੰ ਬੜੀ ਬੇਬਾਕੀ ਨਾਲ ਪੇਸ਼ ਕੀਤਾ ਹੈ। ਡਾ. ਕਰਮਜੀਤ ਸਿੰਘ ਨੇ ਸਮਕਾਲੀ ਦੌਰ ਵਿੱਚ ਪੁਖਤਗੀ ਨਾਲ ਗਜਲ ਲਿਖਣ ਵਾਲੇ ਮੋਹੀ ਨੂੰ ਇਵੇਂ ਇਸ ਤੋਰ ਨੂੰ ਬਰਕਰਾਰ ਰੱਖਣ ਲਈ ਕਿਹਾ।

ਚਰਚਾ ਵਿੱਚ ਸੋਮਦੱਤ ਦਿਲਗੀਰ, ਜਸਬੀਰ ਸਿੰਘ ਧੀਮਾਨ, ਅਮਰੀਕ ਡੋਗਰਾ, ਕੁਲਤਾਰ ਸਿੰਘ ਕੁਲਤਾਰ, ਦਰਸ਼ਨ ਸਿੰਘ ਦਰਸ਼ਨ, ਸੁਰਿੰਦਰ ਕੰਗਵੀ, ਤੀਰਥ ਚੰਦ ਸਰੋਆ, ਸੁਰਿੰਦਰ ਸੱਲ੍ਹਣ, ਰਾਜ ਕੁਮਾਰ ਘਾਸੀਪੁਰੀਆ, ਡਾ. ਸਰਦੂਲ ਸਿੰਘ, ਮਨਜੀਤ ਕੌਰ ਨੇ ਵੀ ਹਿੱਸਾ ਲਿਆ। ਇਸ ਸਮੇਂ ਸਾਹਿਤਕਾਰ ਦੋਸਤ ਅਤੇ ਸਾਹਿਤ ਪ੍ਰੇਮੀ ਹਾਜਰ ਸਨ।

ਬਜ਼ੁਰਗਾਂ 'ਚ ਅੰਨ੍ਹੇਪਨ ਨੂੰ ਠੱਲ੍ਹ ਪਾਉਣ ਲਈ ਯਤਨ ਜਾਰੀ ਰਹਿਣਗੇ : ਖਾਲਸਾ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)

ਪਿੰਡ ਨਰੂੜ ਵਿਖੇ ਗਰੀਬ ਦਾ ਮੂੰਹ ਗੁਰੂ ਦੀ ਗੋਲਕ ਸੰਸਥਾ ਅਜਨੋਹਾ ਵਲੋਂ ਚਲਾਈ ਜਾ ਰਹੀ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬਾਰਟਰੀ ਵਿਖੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਹਿਲਾਂ ਮੁਫਤ ਅੱਖਾਂ ਦੇ ਅਪਰੇਸ਼ਨ ਕੈਂਪ ਵਿੱਚ ਚੁਣੇ ਗਏ ਲੋੜਵੰਦ ਮਰੀਜ਼ਾਂ ਨੂੰ ਅੱਖਾਂ ਦੇ ਲੈਨਜ ਪਾਉਣ ਲਈ ਲਾਇਨਜ ਆਈ ਹਸਪਤਾਲ ਆਦਮਪੁਰ ਲਿਜਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੰਸਥਾ ਮੁੱਖੀ ਹਰਵਿੰਦਰ ਸਿੰਘ ਖਾਲਸਾ ਨੇ ਦੱਸਿਆ ਕਿ 3 ਨਵੰਬਰ ਨੂੰ ਲਾਏ ਗਏ ਅੱਖਾਂ ਦੇ ਅਪਰੇਸ਼ਨ ਕੈਂਪ ਵਿੱਚ ਚੁਣੇ ਗਏ 60 ਲੋੜਵੰਦ ਮਰੀਜ਼ਾਂ ਨੂੰ ਲਾਇਨਜ ਆਈ ਹਸਪਤਾਲ ਆਦਮਪੁਰ ਵਿਖੇ ਲਿਜਾਇਆ ਜਾ ਰਿਹਾ ਹੈ ਤੇ ਅੱਜ ਇਹਨਾਂ ਦੇ ਅੱਖਾਂ ਦੇ ਅਪਰੇਸ਼ਨ ਉਪਰੰਤ ਲੈਨਜ ਪਾਏ ਜਾਣਗੇ। ਉਹਨਾਂ ਦੱਸਿਆ ਕਿ ਮਰੀਜ਼ਾਂ ਦੇ ਰਹਿਣ ,ਖਾਣ ਪੀਣ ਦਾ ਸਾਰਾ ਪ੍ਰਬੰਧ ਲਾਇਨਜ ਕਲੱਬ ਆਦਮਪੁਰ ਅਤੇ ਆਈ ਲਾਇਨਜ ਹਸਪਤਾਲ ਆਦਮਪੁਰ ਦੇ ਸਹਿਯੋਗ ਨਾਲ ਆਈਜ ਫਾਰ ਦੀ ਵਰਲਡ ਕਨੇਡਾ ਵਲੋਂ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਐਨ ਆਰ ਆਈ ਜਤਿੰਦਰ ਜੇ ਐਸ ਮਿਨਹਾਸ ਵਲੋਂ ਨੰਬਰਦਾਰ ਭਗਵੰਤ ਸਿੰਘ ਮਿਨਹਾਸ ਦੀ ਯਾਦ ਵਿੱਚ ਇਲਾਕਾ ਵਾਸੀ ਲੋੜਵੰਦ ਮਰੀਜ਼ਾਂ ਦੀ ਭਲਾਈ ਲਈ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ ਹੈ। ਇਸ ਮੌਕੇ ਸੰਸਥਾ ਮੁੱਖੀ ਹਰਵਿੰਦਰ ਸਿੰਘ ਖਾਲਸਾ,ਜਤਿੰਦਰ ਸਿੰਘ ਮੁਖਲਿਆਣਾ,ਕਮਲਜੀਤ ਸਿੰਘ ਰਾਣਾ,ਅਮਨਦੀਪ ਸਿੰਘ ਨਰੂੜ,ਗੁਰਪਾਲ ਸਿੰਘ ਨਡਾਲੋਂ, ਡਾ. ਤਰਸੇਮ ਸਿੰਘ ਭਬਿਆਣਾ, ਸੁਖਦੇਵ ਸਿੰਘ ਮੁਖਲਿਆਣਾ, ਸੰਦੀਪ ਕੌਰ,ਬਲਜੀਤ ਕੌਰ,ਸਿਮਰਨ ਕੋਰ ਜਸਵਾਲ ਤੋਂ ਇਲਾਵਾ ਹੋਰ ਵੀ ਸੰਸਥਾ ਦੇ ਮੈਂਬਰ ਹਾਜ਼ਰ ਸਨ।

ਪੰਜਾਬ ਦੇ ਚਾਰ ਅਧਿਆਪਕਾਂ ਵੱਲੋਂ ਕੌਮੀ ਅਧਿਆਪਕ ਉਤਸਵ 'ਚ ਸ਼ਮੂਲੀਅਤ

ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)

ਅਧਿਆਪਕਾਂ ਦਾ ਕੌਮੀ ਸਿੱਖਿਆ ਅਤੇ ਸੱਭਿਆਚਾਰਕ ਉਤਸਵ ਦਾ ਆਯੋਜਨ ਉਤਰਾਖੰਡ ਦੀ ਪ੍ਰਸਿੱਧ ਪਹਾੜੀ ਸੈਰਗਾਹ ਨੈਨੀਤਾਲ ਵਿਖੇ ਕੀਤਾ ਗਿਆ, ਜਿਸ ਵਿਚ ਪੰਜਾਬ ਦੇ ਚਾਰ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਨਜਦੀਕੀ ਪਿੰਡ ਲੁਠੇੜੀ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਅਧਿਆਪਕ ਧਰਮਿੰਦਰ ਸਿੰਘ ਭੰਗੂ ਨੇ ਦੱਸਿਆ ਕਿ ਨੈਨੀਤਾਲ ਦੀ ਸੰਸਥਾ ਸੈਲਨੱਟ ਦੀ ਪਹਿਲ ਕਦਮੀ ਨਾਲ ਕਰਵਾਏ ਗਏ ਇਸ ਉਤਸਵ ਵਿਚ ਦੇਸ ਭਰ ਦੇ 23 ਰਾਜਾਂ ' ਚੋਂ 400 ਡੈਲੀਗੇਟਾਂ ਨੇ ਭਾਗ ਲਿਆ। ਇਸ ਉਤਸਵ ਵਿਚ ਪੰਜਾਬ ਦੀ ਪ੍ਰਤੀਨਿਧਤਾ ਉਨ੍ਹਾਂ ਸਮੇਤ ਚਾਰ ਅਧਿਆਪਕਾਂ ਜਿਨ੍ਹਾਂ ਵਿਚ ਧਰਮਿੰਦਰ ਸਿੰਘ ਭੰਗੂ, ਕੁਲਵੀਰ ਸਿੰਘ ਕੰਧੋਲਾ, ਕੰਵਰਦੀਪ ਸਿੰਘ ਕੰਗ ਅਤੇ ਜਸਵੀਰ ਸਿੰਘ ਸਮਸਪੁਰ ਨੇ ਕੀਤੀ। ਉਨ੍ਹਾਂ ਦੱਸਿਆ ਕਿ ਪਾਰਵਤੀ ਪ੍ਰੇਮਾ ਜਗਾਤੀ ਸਰਸਵਤੀ ਵਿਹਾਰ ਸੰਸਥਾ ਵਿੱਚ ਚੱਲੇ ਇਸ ਉਤਸਵ ਦਾ ਉਦਘਾਟਨ ਉਤਰਾਖੰਡ ਦੇ ਸਾਬਕਾ ਮੁੱਖ ਮੰਤਰੀ ਅਤੇ ਮਹਾਂਰਾਸ਼ਟਰ ਦੇ ਸਾਬਕਾ ਰਾਜਪਾਲ ਭਗਤ ਸਿੰਘ ਕੋਸ਼ਿਆਰੀ ਨੇ ਕੀਤਾ, ਜਦੋਂ ਕਿ ਅਰਵਿੰਦ ਪਾਂਡੇਯ ਮੌਜੂਦਾ ਵਿਧਾਇਕ ਸਾਬਕਾ ਸਿੱਖਿਆ ਮੰਤਰੀ ਉੱਤਰਾਖੰਡ, ਮਨੋਜ ਤਿਵਾੜੀ ਵਿਧਾਇਕ ਅਲਮੋੜਾ, ਸੁਮਿਤ ਹਰਦੇਸ਼ ਵਿਧਾਇਕ ਹਲਦਵਾਨੀ , ਰਾਮ ਸਿੰਘ ਕੈੜਾ ਵਿਧਾਇਕ ਭੀਮਤਾਲ, ਡਾਕਟਰ ਹਰੀਸ਼ ਬਿਸਟ ਅਤੇ ਹਲਦਵਾਨੀ ਦੇ ਮੇਅਰ ਡਾਕਟਰ ਜੋਗਿੰਦਰ ਪਾਲ ਸਿੰਘ ਰੌਤੇਲਾ ਨੇ ਉਤਸਵ ਦੇ ਵੱਖ ਵੱਖ ਸੈਸ਼ਨਾਂ ਦੀ ਪ੍ਰਧਾਨਗੀ ਕੀਤੀ। ਡਾਕਟਰ ਦੇਵਕੀ ਨੰਦਨ ਭੱਟ ਅਤੇ ਸੈਲਨੱਟ ਦੇ ਉੱਦਮ ਸਦਕਾ ਕੀਤੇ ਗਏ ਇਸ ਉਪਰਾਲੇ ਵਿਚ ਡੈਲੀਗੇਟਾਂ ਨੇ ਵਿੱਦਿਆ ਸੰਬੰਧੀ ਖੋਜ ਪੱਤਰ ਪੇਸ਼ ਕੀਤੇ ਗਏ ਅਤੇ ਆਪੋ ਆਪਣੇ ਸਭਿਆਚਾਰ ਦੀ ਝਲਕ ਪੇਸ਼ ਕੀਤੀ ਗਈ। ਸਮਾਰੋਹ ਦੇ ਆਖਰੀ ਦਿਨ ਡੈਲੀਗੇਟਾਂ ਨੂੰ ਮਾਣ ਪੱਤਰ ਅਤੇ ਯਾਦ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਮੁੱਖ ਮੰਤਰੀ ਨੇ ਗੋਪਾਸ਼ਟਮੀ 'ਤੇ ਸੂਬਾ ਵਾਸੀਆਂ ਦੇ ਸੁਖਦ ਭਵਿੱਖ ਦੀ ਕੀਤੀ ਕਾਮਨਾ

ਚੰਡੀਗੜ੍ਹ, (ਕ੍ਰਿਸ਼ਨ ਗਰਗ)

ਹਰਿਆਣਾ ਦੇ ਮੁੱਖ ਮੰਤਰੀ ਮੁੱਖ ਮੰਤਰੀ ਮਨੋਹਰ ਲਾਲ ਨੇ ਗੋਪਾਸ਼ਟਮੀ ਦੇ ਪਾਵਨ ਮੌਕੇ ਜਿਲ੍ਹਾ ਪਲਵਲ ਦੇ ਹੋਡਲ ਖੇਤਰ ਵਿੱਚ ਸਥਿਤ ਗਾਂ ਸੇਵਾ ਧਾਮ ਪਰਿਸਰ ਵਿੱਚ ਪਹੁੰਚ ਕੇ ਗਾਂ ਪੂਜਨ ਕੀਤਾ ਅਤੇ ਬਹੁਮੰਜਿਲਾ ਗਾਂ ਸੇਵਾ ਹੋਸਪਿਟਲ ਦਾ ਨੀਂਹ ਪੱਥਰ ਰੱਖਿਆ। ਮੁੱਖ ਮੰਤਰੀ ਨੇ ਗਾਂ ਸੇਵਾ ਧਾਮ ਦੀ ਵਿਵਸਥਾ ਦਾ ਅਵਲੋਕਨ ਕਰਦੇ ਹੋਏ ਗਾਂ ਮਾਤਾ ਦੀ ਪੂਜਾ ਕੀਤੀ ਅਤੇ ਸੂਬੇ ਦੇ ਹਰ ਨਾਗਰਿਕ ਦੀ ਖੁਸ਼ਹਾਲੀ, ਸਿਹਤ ਤੇ ਸੁਖਦ ਜੀਵਨ ਦੀ ਕਾਮਨਾ ਕੀਤੀ। ਮੁੱਖ ਮੰਤਰੀ ਨੇ ਭੂਮੀ ਪੂਜਨ ਪ੍ਰੋਗ੍ਰਾਮ ਦੌਰਾਨ ਗਾਂ ਸੇਵਾ ਧਾਮ ਦੀ ਸੰਸਥਾਪਕ ਦੇਵੀ ਚਿੱਤਰਲੇਖਾ ਵੱਲੋਂ ਇਸ ਤਰ੍ਹਾ ਦੇ ਪੁੰਣ ਦੇ ਕੰਮ ਵਿਚ ਨਿਭਾਈ ਜਾ ਰਹੀ ਜਿਮੇਵਾਰੀ ਦੀ ਸ਼ਲਾਘਾ ਕੀਤੀ। ਮੁੱਖ ਮੰਤਰੀ ਨੇ ਗੋਪਾਸ਼ਟਮੀ ਪੁਰਬ ਦੀ ਸੂਬਾਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਅੱਜ ਹਰ ਜੀਵ ਦੇ ਪ੍ਰਤੀ ਸੇਵਾ ਭਾਵ ਦਾ ਦਿਨ ਹੈ, ਅਜਿਹੇ ਵਿਚ ਗਾਂ ਸੇਵਾ ਨਾਲ ਜੁੜੀ ਸੰਸਥਾਵਾਂ ਦੇ ਲਈ ਵੱਧ ਤੋਂ ਵੱਧ ਦਾਨ ਦੇਣਾ ਚਾਹੀਦਾ ਹੈ। ਸਾਨੂੰ ਗਾਂ ਧਨ ਨੂੰ ਬਚਾਉਣ ਦੇ ਲਈ ਉਸ ਦੀ ਉਪਯੋਗਿਤਾ ਨੂੰ ਵਧਾਉਣਾ ਹੋਵੇਗਾ। ਮੁੱਖ ਮੰਤਰੀ ਨੇ ਖੁਸ਼ੀ ਪ੍ਰਗਟਾਈ ਕਿ ਉਨ੍ਹਾਂ ਨੇ ਗਾਂ ਸੇਵਾ ਧਾਮ ਆਉਣ ਦਾ ਮੌਕਾ ਮਿਲਿਆ, ਅਜਿਹੇ ਵਿਚ ਆਪਣੇ ਆਪ ਨੂੰ ਧੰਨ ਸਮਝਦੇ ਹਨ। ਉਨ੍ਹਾਂ ਨੇ ਕਿਹਾ ਕਿ ਮਨੁੱਖ ਦਾ ਹਸਪਤਾਲ ਅਤੇ ਮਨੁੱਖ ਸੇਵਾ ਤਾਂ ਸਾਡੇ ਸਾਰਿਆਂ ਦੇ ਮਨ ਵਿਚ ਆਉਂਦੀ ਹੈ ਪਰ ਪਸ਼ੂਆਂ ਜੀਵ ਜੰਤੂਆਂ ਅਤੇ ਪੰਛੀਆਂ ਦੀ ਸੇਵਾ ਦਾ ਭਾਵ ਲੋਕਾਂ ਦੇ ਮਨ ਵਿੱਚ ਹੀ ਆਉਂਦਾ ਹੈ। ਉਨ੍ਹਾਂ ਨੇ ਗਾਂ ਸੇਵਾ ਧਾਮ ਦੇ ਸੰਚਾਲਨ ਦੇ ਲਈ ਦੇਵੀ ਚਿਤਰਲੇਖਾ ਦੀ ਸ਼ਲਾਘਾ ਕੀਤੀ ਅਤੇ ਆਪਣੇ ਕੋਸ਼ ਤੋਂ 21 ਲੱਖ ਰੁਪਏ ਸੇਵਾ ਧਾਮ ਨੂੰ ਦੇਣ ਦਾ ਐਲਾਨ ਕੀਤਾ। ਸ੍ਰੀ ਮਨੋਹਰ ਲਾਲ ਨੇ ਕਿਹਾ ਕਿ ਗਾਂ ਧਨ ਦੇ ਸਰੰਖਣ ਅਤੇ ਸੰਵਧਨ ਦੇ ਲਈ ਦੇਸ਼ ਅਤੇ

22-Nov-PAGE-9.qxd 11/21/2023 11:03 PM Page 1

ਪੁਸਤਕ ਸੱਭਿਆਚਾਰ ਦਾ ਸ਼ਖਸੀਅਤ ਨਿਰਮਾਣ 'ਚ ਸਭ ਤੋਂ ਵੱਡਾ ਯੋਗਦਾਨ : ਬੈਂਸ

ਮੋਹਾਲੀ, (ਗੁਰਜੀਤ ਬਿੱਲਾ)

ਭਾਸ਼ਾ ਵਿਭਾਗ ਪੰਜਾਬ ਵੱਲੋਂ ਇੱਥੇ ਸ਼ਹੀਦ ਮੇਜਰ ਹਰਮਿੰਦਰਪਾਲ ਸਿੰਘ ਸਰਕਾਰੀ ਕਾਲਜ ਵਿਖੇ ਚਾਰ ਰੋਜ਼ਾ ਪੁਸਤਕ ਮੇਲੇ ਦੇ ਉਦਘਾਟਨੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਉਚੇਰੀ ਸਿਖਿਆ ਅਤੇ ਭਾਸ਼ਾਵਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਸੂਬੇ ਦੀ ਨਵੀਂ ਪੀੜ੍ਹੀ ਨੂੰ ਉਸਾਰੂ ਸੇਧ ਦੇਣ ਲਈ ਪੁਸਤਕ ਸੱਭਿਆਚਾਰ ਤੇ ਮਾਂ-ਬੋਲੀ ਨਾਲ ਜੋੜਨ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ, ਜਿਸ ਤਹਿਤ ਭਾਸ਼ਾ ਵਿਭਾਗ ਵੱਲੋਂ ਥਾਂ-ਥਾਂ ਪੁਸਤਕ ਮੇਲੇ ਲਗਾਏ ਜਾ ਰਹੇ ਹਨ ਅਤੇ ਮਾਤ ਭਾਸ਼ਾ ਪ੍ਰਤੀ ਜਾਗਰੂਕਤਾ ਪੈਦਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮਾਂ-ਬੋਲੀ ਨੂੰ ਪ੍ਰਫੁਲਤ ਕਰਨ ਲਈ ਪੰਜਾਬ ਦੇ ਹਰ ਸਰਕਾਰੀ-ਗੈਰ ਸਰਕਾਰੀ ਅਦਾਰੇ ਦੇ ਕਾਰੋਬਾਰ ਦੇ ਬੋਰਡ ਪੰਜਾਬੀ 'ਚ ਲਗਾਉਣ ਦੀ ਮੁਹਿੰਮ ਨੂੰ ਬਹੁਤ ਹੁਲਾਰਾ ਮਿਲਿਆ ਹੈ। ਹੁਣ ਅਗਲੀ ਮੁਹਿੰਮ ਪੰਜਾਬੀ ਮਾਂ-ਬੋਲੀ ਨੂੰ ਸੂਬੇ ਦੇ ਸਾਰੇ ਬਾਜ਼ਾਰਾਂ 'ਚ ਸਥਿਤ ਦੁਕਾਨਾਂ ਦੇ ਬਾਹਰ ਬੋਰਡਾਂ 'ਤੇ ਮਾਣ ਦਿਵਾਉਣ ਦੀ ਹੈ, ਜਿਸ ਨੂੰ ਅਗਲੇ ਦਿਨਾਂ 'ਚ ਤੇਜ਼ੀ ਨਾਲ ਲਾਗੂ ਕੀਤਾ ਜਾਵੇਗਾ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਉਹ ਨਿੱਜੀ ਤੌਰ 'ਤੇ ਪੰਜਾਬੀ ਸਾਹਿਤ ਨਾਲ ਜੁੜੇ ਹੋਏ ਹਨ ਅਤੇ ਉਨ੍ਹਾਂ ਦੇ ਘਰ ਨਿੱਜੀ ਲਾਇਬ੍ਰੇਰੀ 'ਚ ਵੱਡੀ ਗਿਣਤੀ 'ਚ ਪੁਸਤਕਾਂ ਮੌਜੂਦ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਪੰਜਾਬੀ ਸਾਹਿਤ ਨਾਲ ਨੇੜਤਾ ਨਾਵਲਕਾਰ ਨਾਨਕ ਸਿੰਘ ਅਤੇ ਹੋਰ ਪੰਜਾਬੀ ਸਾਹਿਤਕਾਰਾਂ ਦੀਆਂ ਰਚਨਾਵਾਂ ਨੂੰ ਪੜ੍ਹਨ ਨਾਲ ਹੋਇਆ। ਅੱਜ ਉਹ ਮਾਣ ਨਾਲ ਕਹਿ ਸਕਦੇ ਹਨ ਕਿ ਇਸੇ ਸਾਹਿਤ ਨੇ ਉਨ੍ਹਾਂ ਦੀ ਆਪਣੀ ਮਾਂ-ਬੋਲੀ ਨਾਲ ਗੂੜ੍ਹੀ ਸਾਂਝ ਪੁਆਈ ਹੋਈ ਹੈ। ਉਨ੍ਹਾਂ ਕਿਹਾ ਕਿ ਸਾਡੇ ਸਮਾਜ 'ਚ ਵਿਦੇਸ਼ੀ ਭਾਸ਼ਾ ਨੂੰ ਪੜ੍ਹਨਾ ਇੱਕ 'ਸਟੇਟਸ ਸਿੰਬਲ ਬਣ' ਗਿਆ ਹੈ। ਇਸ ਆੜ 'ਚ ਮਾਤ ਭਾਸ਼ਾਵਾਂ ਨਜ਼ਰਅੰਦਾਜ਼ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮਾਤ ਭਾਸ਼ਾ ਗਿਆਨ ਹਾਸਲ ਕਰਨ ਅਤੇ ਆਪਣੀਆਂ

ਭਾਵਨਾਵਾਂ ਪ੍ਰਗਟ ਕਰਨ ਲਈ ਸਭ ਤੋਂ ਵਧੀਆ ਤੇ ਸਹਿਜ ਮਾਧਿਅਮ ਹੈ। ਇਸ ਚਾਰ ਰੋਜ਼ਾ ਪੁਸਤਕ ਮੇਲੇ ਨੂੰ ਉਨ੍ਹਾਂ ਮੋਹਾਲੀ ਅਤੇ ਚੰਡੀਗੜ੍ਹ ਵਰਗੇ ਸ਼ਹਿਰਾਂ ਦੇ ਪੰਜਾਬੀ ਪਿਆਰਿਆਂ ਲਈ ਸਭ ਤੋਂ ਵੱਡੀ ਸੌਗਾਤ ਕਹਿੰਦੀਆਂ ਕਿਹਾ ਕਿ ਅੱਜ ਜਦੋਂ ਉਨ੍ਹਾਂ ਇਸ ਪੁਸਤਕ ਮੇਲੇ 'ਚੋਂ ਰਸੂਲ ਹਮਜ਼ਾਤੋਵ ਦੀ ਅਨੁਵਾਦਿਤ ਪੰਜਾਬੀ ਕਿਤਾਬ ਦੇਖੀ ਤਾਂ ਉਨ੍ਹਾਂ ਤੁਰੰਤ ਇਸ ਚਰਚਿਤ ਕਿਤਾਬ ਨੂੰ ਆਪਣੀ ਨਿੱਜੀ ਲਾਇਬ੍ਰੇਰੀ ਵਾਸਤੇ ਖਰੀਦ ਲਿਆ। ਉਨ੍ਹਾਂ ਕਿਹਾ ਕਿ ਸਾਡੀ ਮਾਂ-ਬੋਲੀ ਸਾਡਾ ਮਾਣ ਹੈ ਅਤੇ ਸਾਨੂੰ ਇਸ ਨੂੰ ਬੋਲਣ 'ਚ ਭੋਰਾ ਵੀ ਸ਼ਰਮਿੰਦਗੀ ਜਾਂ ਹੀਣਤਾ ਮਹਿਸੂਸ ਨਹੀਂ ਕਰਨੀ ਚਾਹੀਦੀ। ਉਨ੍ਹਾਂ ਦੱਸਿਆ ਕਿ ਮਾਂ-ਬੋਲੀ ਬੋਲਣ 'ਤੇ ਪਾਬੰਦੀ ਲਾਉਣ ਵਾਲੇ ਨਿੱਜੀ ਸਕੂਲਾਂ ਖਿਲਾਫ਼ ਪਹਿਲੀ ਦਫ਼ਾ ਕਾਰਵਾਈ ਕੀਤੀ ਗਈ, ਜਿਸ ਤਹਿਤ ਮੋਹਾਲੀ ਦੇ ਇੱਕ ਨਿੱਜੀ ਸਕੂਲ ਨੂੰ ਜੁਰਮਾਨਾ ਲਾਇਆ ਗਿਆ। ਉਨ੍ਹਾਂ ਇਸ ਮੌਕੇ ਰਾਣੀ ਤੱਤ ਤੇ ਸਾਹਿਤ ਸੰਜੀਵਨੀ ਪੁਸਤਕਾਂ ਵੀ ਆਪਣੀ ਲਾਇਬ੍ਰੇਰੀ ਲਈ ਖਰੀਦੀਆਂ। ਮੰਤਰੀ ਹਰਜੋਤ ਸਿੰਘ ਬੈਂਸ ਨੇ ਦੋ ਪੁਸਤਕਾਂ 'ਬੱਚਿਆਂ ਲਈ ਕੰਪਿਊਟਰ' ਤੇ 'ਪੈੜ' ਵੀ ਰਿਲੀਜ਼ ਕੀਤੀਆਂ। ਭਾਸ਼ਾ ਵਿਭਾਗ ਪੰਜਾਬ ਵੱਲੋਂ ਚਾਰ ਰੋਜ਼ਾ ਪੁਸਤਕ ਮੇਲਾ ਜਿਲ੍ਹਾ ਭਾਸ਼ਾ ਦਫਤਰ ਐਸ.ਏ.ਐਸ. ਨਗਰ ਦੀ ਦੇਖ-ਰੇਖ ਲਾਏ ਗਏ 23 ਨਵੰਬਰ ਤੱਕ ਚੱਲਣ ਵਾਲੇ ਇਸ ਪੁਸਤਕ ਮੇਲੇ 'ਚ ਕੁਲਜੀਤ ਸਿੰਘ ਰੰਧਾਵਾ ਵਿਧਾਇਕ ਡੇਰਾਬੱਸੀ ਤੇ ਜਿਲ੍ਹਾ ਯੋਜਨਾ ਬੋਰਡ ਐਸ.ਏ.ਐਸ. ਨਗਰ ਦੀ ਚੇਅਰਪਰਸਨ ਪ੍ਰਭਜੋਤ ਕੌਰ ਨੇ ਵੀ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਭਾਸ਼ਾ ਵਿਭਾਗ ਪੰਜਾਬ ਦੀ ਵਧੀਕ ਨਿਰਦੇਸ਼ਕਾ ਡਾ. ਵੀਰਪਾਲ ਕੌਰ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਕਿਹਾ ਅਤੇ ਪੁਸਤਕ ਮੇਲੇ ਦੀ ਰੂਪ-ਰੇਖਾ ਬਾਰੇ ਜਾਣਕਾਰੀ ਦਿੱਤੀ। ਜਿਲ੍ਹਾ ਭਾਸ਼ਾ ਅਫਸਰ ਡਾ. ਦਵਿੰਦਰ ਸਿੰਘ ਬੋਹਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਆਪਣੀ ਕਿਰਤ-ਕਮਾਈ, ਮਿਹਨਤ ਤੇ ਸੱਭਿਆਚਾਰ ਸਦਕਾ ਦੁਨੀਆ ਭਰ 'ਚ ਆਪਣੀ ਵਿਲੱਖਣ ਪਹਿਚਾਣ ਬਣਾਉਣ ਵਾਲੇ ਪੰਜਾਬੀ ਭਾਈਚਾਰੇ 'ਚ ਜਨਮ ਲੈਣਾ ਸਾਡੇ ਲਈ ਬਹੁਤ ਵੱਡਾ ਤੋਹਫਾ ਹੈ। ਇਸ ਭਾਈਚਾਰੇ ਦੀ ਮਾਂ-ਬੋਲੀ ਪੰਜਾਬੀ ਸਭ ਨੂੰ ਸਾਂਝੀਵਾਲਤਾ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਭਾਸ਼ਾ ਵਿਭਾਗ ਵੱਲੋਂ ਲਗਾਏ ਗਏ ਪੁਸਤਕ ਮੇਲੇ ਦੀ ਸ਼ਲਾਘਾ ਕੀਤੀ। ਜ਼ਿਲ੍ਹਾ ਯੋਜਨਾ ਬੋਰਡ ਦੀ ਚੇਅਰਪਰਸਨ ਪ੍ਰਭਜੋਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਸੂਬੇ 'ਚ ਪੁਸਤਕ ਤੇ ਖੇਡ ਸੱਭਿਆਚਾਰ ਪ੍ਰਫੁੱਲਤ ਕਰਨਾ ਹੈ। ਜਿਸ ਤਹਿਤ ਹੀ ਭਾਸ਼ਾ ਵਿਭਾਗ ਵੱਲੋਂ ਵੱਡੇ ਉੱਦਮ ਕੀਤੇ ਜਾ ਰਹੇ ਹਨ।

'ਆਪ' ਦੇ ਨਵ-ਨਿਯੁਕਤ ਬਲਾਕ ਪ੍ਰਧਾਨ ਸੇਠੀ ਦਾ ਸਨਮਾਨ

ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)-ਆਮ ਆਦਮੀ ਪਾਰਟੀ ਦੇ ਨਵ ਨਿਯੁਕਤ ਬਲਾਕ ਪ੍ਰਧਾਨ ਲਖਵਿੰਦਰ ਸਿੰਘ ਸੇਠੀ ਨੂੰ ਵੇਟ ਖੇਤਰ ਦੇ ਵਰਕਰਾਂ ਵੱਲੋਂ ਪਿੰਡ ਜਲਾਲਪੁਰ ਵਿਖੇ ਸਨਮਾਨਿਤ ਕੀਤਾ ਗਿਆ। ਕੋਰ ਕਮੇਟੀ ਮੈਂਬਰ ਰਜਿੰਦਰ ਸਿੰਘ ਮਾਰਸ਼ਲ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਤੇ ਪਾਰਟੀ ਦੇ ਸੀਨੀਅਰ ਆਗੂ ਜਸਵੰਤ ਸਿੰਘ ਬਿੱਟੂ ਜਲਾਲਪੁਰ ਦੀ ਅਗਵਾਈ 'ਚ ਕੀਤੇ ਗਏ ਸਨਮਾਨ ਦੌਰਾਨ ਵੱਡੀ ਗਿਣਤੀ 'ਚ ਵਰਕਰਾਂ ਨੇ ਭਾਗ ਲਿਆ। ਇਸ ਮੌਕੇ ਜਸਵੰਤ ਸਿੰਘ ਬਿੱਟੂ ਨੇ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਤੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਅਜਿਹੀ ਪਾਰਟੀ ਹੈ ਜੋ ਸਮੇਂ ਸਮੇਂ 'ਤੇ ਆਪਣੇ ਮਿਹਨਤੀ ਵਰਕਰਾਂ ਦਾ ਮਾਣ ਸਤਿਕਾਰ ਕਰਦੀ ਹੈ। ਉਹਨਾਂ ਹੋਰ ਕਿਹਾ ਪਾਰਟੀ ਵਿੱਚ ਨਿਭਾਈਆਂ ਜਾ ਰਹੀਆਂ ਵਧੀਆਂ ਸੇਵਾਵਾਂ ਬਦਲੇ ਲਖਵਿੰਦਰ ਸਿੰਘ ਸੇਠੀ ਨੂੰ ਦਿੱਤੇ ਗਏ ਇਸ ਅਹੁਦੇ ਲਈ ਵੇਟ ਖੇਤਰ ਤੇ ਵਰਕਰ ਵਿਧਾਇਕ ਜਸਵੀਰ ਸਿੰਘ ਰਾਜਾ ਤੇ ਪਾਰਟੀ ਹਾਈ ਕਮਾਂਡ ਦੇ ਤਹਿਤ ਧੰਨਵਾਦੀ ਹਨ ਜਿਨ੍ਹਾਂ ਨੇ ਲਖਵਿੰਦਰ ਸਿੰਘ ਠੀਕ ਦੀ ਯੋਗਤਾ ਨੂੰ ਸਮਝਦੇ ਹੋਏ ਇਹ ਅਹੁਦਾ ਪ੍ਰਦਾਨ ਕੀਤਾ। ਇਸ ਮੌਕੇ ਨਵ ਨਿਯੁਕਤ ਪ੍ਰਧਾਨ ਲਖਵਿੰਦਰ ਸੇਠੀ ਨੇ ਪਾਰਟੀ ਹਾਈ ਕਮਾਂਡ ਵਿਧਾਇਕ ਜਸਵੀਰ ਸਿੰਘ ਰਾਜਾ ਤੇ ਪਿੰਡ ਜਲਾਲਪੁਰ ਦੇ ਵਰਕਰ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਇਸ ਜਿੰਮੇਵਾਰੀ ਨੂੰ ਪੂਰੀ ਤੁਹਾਨੂੰ ਦੇਹੀ ਨਾਲ ਨਿਭਾਉਣਗੇ ਤੇ ਸੂਬਾ ਸਰਕਾਰ ਦੀਆਂ ਲੋਕ ਉਸਾਰੂ

ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਯੂਥ ਵਰਕਰਾਂ ਨੂੰ ਨਾਲ ਲੈ ਕੇ ਇੱਕ ਵਿਸ਼ੇਸ਼ ਮੁਹਿੰਮ ਚਲਾਉਣਗੇ। ਇਸ ਮੌਕੇ ਕਸ਼ਮੀਰ ਸਿੰਘ, ਤਰਸੇਮ ਸਿੰਘ ਨਦੀ, ਜਸਵੰਤ ਸਿੰਘ ਅੰਬੀ, ਸੁਖਵਿੰਦਰ ਸਿੰਘ, ਕੁਲਵੰਤ ਸਿੰਘ, ਕੁਲਦੀਪ ਸਿੰਘ, ਲਖਵਿੰਦਰ ਸਿੰਘ, ਚਰਨ ਸਿੰਘ, ਸੁਰਜੀਤ ਸਿੰਘ, ਪਰਮਜੀਤ ਸਿੰਘ, ਗੁਰਦੇਵ ਸਿੰਘ, ਨਿੱਕੂ ਰੜਾ, ਲੱਖੀ ਰੜਾ, ਜੈਮਲ ਰੜਾ, ਅਰਸ ਲੱਕੀ ਗੋਲਾ ਤੇ ਹੋਰ ਪਾਰਟੀ ਵਰਕਰ ਵੀ ਮੌਜੂਦ ਸਨ।

ਮਨਿਸਟੀਰੀਅਲ ਮੁਲਾਜ਼ਮਾਂ ਦੀ ਹੜਤਾਲ 28 ਤੱਕ ਵਧੀ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਸ ਯੂਨੀਅਨ ਦੀ ਸੂਬਾ ਕਮੇਟੀ ਵੱਲੋਂ ਆਨਲਾਈਨ ਮੀਟਿੰਗ 'ਚ ਲਏ ਗਏ ਫੈਸਲੇ ਅਨੁਸਾਰ

ਕਲਮਛੋੜ/ਕੰਪਿਊਟਰ ਬੰਦ ਹੜਤਾਲ ਨੂੰ 28 ਨਵੰਬਰ ਤੱਕ ਵਧਾ ਦਿੱਤਾ ਗਿਆ ਹੈ। ਸੂਬਾ ਪ੍ਰਧਾਨ ਅਮਰੀਕ ਸਿੰਘ ਸੰਧੂ ਦੀ ਅਗਵਾਈ 'ਚ ਮੀਟਿੰਗ ਹੋਈ, ਜਿਸ 'ਚ ਪੰਜਾਬ ਭਰ ਦੇ ਵੱਖ-ਵੱਖ ਵਿਭਾਗਾਂ ਦੇ ਸੂਬਾ ਪ੍ਰਧਾਨ ਅਤੇ ਕੋਰ ਕਮੇਟੀ ਮੈਂਬਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਉਨ੍ਹਾਂ ਵੱਲੋਂ ਸਮੂਹ ਭਰਾਤਰੀ ਜਥੇਬੰਦੀਆਂ ਨੂੰ ਸੰਘਰਸ਼ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ। ਉਨ੍ਹਾਂ ਵੱਲੋਂ ਪੰਜਾਬ ਭਰ ਦੇ ਮਨਿਸਟੀਰੀਅਲ ਕਰਮਚਾਰੀਆਂ ਨੂੰ ਕਾਮਯਾਬ ਸੰਘਰਸ਼ ਦੀ ਵਧਾਈ ਦਿੱਤੀ ਅਤੇ ਆਉਣ ਵਾਲੇ ਸਮੇਂ 'ਚ ਤਿੱਖੇ ਸੰਘਰਸ਼ ਲਈ ਤਿਆਰ ਰਹਿਣ ਲਈ ਕਿਹਾ ਗਿਆ। ਇਹ ਜਾਣਕਾਰੀ ਇਸ ਜਿਲ੍ਹੇ ਦੇ ਪ੍ਰਧਾਨ ਅਨੀਰੁਧ ਮੋਦਗਿਲ ਵੱਲੋਂ ਜਾਰੀ ਕੀਤੇ ਗਏ ਪ੍ਰੈਸ ਬਿਆਨ ਰਾਹੀਂ ਦਿੱਤੀ ਗਈ। ਉਨਾਂ ਵੱਲੋਂ ਕਿਹਾ ਗਿਆ ਕਿ ਅੱਜ ਇਸ ਜਿਲ੍ਹੇ ਦੇ ਵੱਖ ਵੱਖ ਦਫਤਰਾਂ ਦੇ ਬਾਹਰ ਰੈਲੀਆਂ ਕੀਤੀਆਂ ਗਈਆਂ। ਗੇਟ ਰੈਲੀਆਂ ਕਰਨ ਵਾਲੇ ਮੁੱਖ ਦਫਤਰਾਂ 'ਚ ਡੀ ਸੀ ਦਫਤਰ, ਖਜਾਨਾ ਦਫਤਰ, ਇਰੀਗੇਸ਼ਨ ਦਫਤਰ ਪੀ.ਡਬਲਯੂ ਡੀ ਦਫਤਰ, ਜਿਲ੍ਹਾ ਰੋਜ਼ਗਾਰ ਦਫਤਰ, ਐਕਸਾਈਜ਼ ਵਿਭਾਗ, ਰੋਡਵੇਜ਼ ਦਫਤਰ, ਖੇਤੀਬਾੜੀ ਦਫਤਰ, ਪਸ਼ੂ ਪਾਲਣ ਵਿਭਾਗ, ਬਾਗਵਾਨੀ ਵਿਭਾਗ, ਮੱਛੀ ਪਾਲਣ ਵਿਭਾਗ, ਜਿਲ੍ਹਾ ਭਾਸ਼ਾ ਵਿਭਾਗ, ਸਿੱਖਿਆ ਵਿਭਾਗ, ਸਿਹਤ ਵਿਭਾਗ ਆਦਿ ਦੇ ਦਫਤਰ ਸ਼ਾਮਲ ਸਨ। ਮੋਦਗਿਲ ਵੱਲੋਂ ਕਿਹਾ ਗਿਆ ਕਿ ਹੜਤਾਲ ਦੌਰਾਨ ਕਰਮਚਾਰੀ ਆਪਣੀਆਂ ਸੀਟਾਂ 'ਤੇ ਨਹੀਂ ਬੈਠਣਗੇ ਸਗੋਂ ਦਰੀਆਂ ਵਿਛਾ ਕੇ ਦਫਤਰਾਂ ਦੇ ਬਾਹਰ ਬੈਠਣਗੇ।

ਨਕੋਦਰ ਦਾ ਸਾਲਾਨਾ ਛਿੰਝ ਮੇਲਾ ਅਮਿੱਟ ਯਾਦਾਂ ਛੱਡਦਾ ਸੰਪੰਨ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)

ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਸਪੋਰਟਸ ਕਲੱਬ ਐਂਡ ਵੈੱਲਫੇਅਰ ਸੋਸਾਇਟੀ (ਰਜਿ.) ਨਕੋਦਰ, ਜ਼ਿਲ੍ਹਾ ਜਲੰਧਰ (ਪੰਜਾਬ) ਵੱਲੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਨਕੋਦਰ ਦਾ ਸਾਲਾਨਾ ਛਿੰਝ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ ਹੋਇਆ। ਐਡਵੋਕੇਟ ਗੌਰਵ ਨਾਗਰਾਜ (ਪੰਜਾਬ ਪ੍ਰਧਾਨ), ਸੰਦੀਪ ਕੁਮਾਰ (ਸੰਸਥਾਪਕ), ਸਤਿੰਦਰ ਮੱਟੂ (ਉਪ ਪ੍ਰਧਾਨ), ਨਕੋਦਰ ਸ਼ਹਿਰੀ ਪ੍ਰਧਾਨ ਪੱਤਰਕਾਰ ਝਿਲਮਣ ਸਿੰਘ ਅਤੇ ਰਾਜੂ ਭੰਡਾਲ ਬਲਾਕ ਪ੍ਰਧਾਨ ਨੂਰਮਹਿਲ ਨੇ ਦੱਸਿਆ ਕਿ ਇਸ ਛਿੰਝ ਮੇਲੇ ਵਿੱਚ ਭਾਰਤ ਅਤੇ ਈਰਾਨ ਦੇ ਨਾਮਵਰ ਅਖਾੜਿਆਂ ਦੇ ਪਹਿਲਵਾਨਾਂ ਨੇ ਹਿੱਸਾ ਲਿਆ। ਜਿਸ ਵਿੱਚ ਪਟਕੇ ਦੀਆਂ ਕਿਸ਼ਤੀਆਂ ਦੇ ਇਨਾਮ 11 ਲੱਖ ਰੁਪਏ ਅਤੇ ਸ਼ਾਨਦਾਰ ਗੁਰਜ ਰੱਖੇ ਗਏ ਸਨ । ਇਸ ਛਿੰਝ ਮੇਲੇ ਵਿੱਚ ਪੰਜਾਬ ਦੇ ਬੱਬਰ ਸ਼ੇਰ ਰੁਸਤਮ ਪਹਿਲਵਾਨਾਂ ਦੀਆਂ ਕਿਸ਼ਤੀਆਂ ਹੋਈਆਂ ਜਿਸ ਵਿੱਚ ਪਹਿਲੇ ਪਟਕੇ ਦੀ ਕੁਸ਼ਤੀ ਪਹਿਲਵਾਨ ਪ੍ਰਿਤਪਾਲ ਫਗਵਾੜਾ ਅਤੇ ਪਹਿਲਵਾਨ ਪ੍ਰਿੰਸ ਕੋਹਾਲੀ ਵਿਚਕਾਰ ਹੋਈ ਜਿਸ ਵਿੱਚ ਪ੍ਰਿਤਪਾਲ

ਫਗਵਾੜਾ ਜੇਤੂ ਰਿਹਾ, ਇਸੇ ਤਰ੍ਹਾਂ ਦੂਸਰੀ ਝੰਡੀ ਦੀ ਕੁਸ਼ਤੀ ਰੁਸਤਮ ਪਹਿਲਵਾਨ ਗੌਰਵ ਮਾਛੀਵਾੜਾ ਅਤੇ ਈਰਾਨ ਦੇ ਬੱਬਰ ਸ਼ੇਰ ਰੁਸਤਮ ਪਹਿਲਵਾਨ ਮਿਰਜਾ ਈਰਾਨ ਦੇ ਵਿਚਕਾਰ ਹੋਈ ਜਿਸ ਵਿੱਚ ਮਿਰਜਾ ਈਰਾਨ ਜੇਤੂ ਰਿਹਾ । ਤੀਸਰੇ ਨੰਬਰ ਪਟਕੇ ਦੀ ਕੁਸ਼ਤੀ ਪਹਿਲਵਾਨ ਭੁਪਿੰਦਰ ਅਜਨਾਲਾ ਅਤੇ ਪੰਜਾਬ ਕੇਸਰੀ ਪਹਿਲਵਾਨ ਕਮਲ ਡੂਮਛੇੜੀ ਦੇ ਵਿਚਕਾਰ ਹੋਈ ਜੋ ਕਿ ਬਰਾਬਰ ਰਹੀ ਅਤੇ ਚੌਥੇ ਪਟਕੇ ਦੀ ਕੁਸ਼ਤੀ ਪਹਿਲਵਾਨ ਗੁੱਲੂ ਕੋਹਾਲੀ ਅਤੇ ਸਾਬੀ ਭੋਡੇ ਸਪਰਾਏ ਦੇ ਵਿਚਕਾਰ ਹੋਈ ਜਿਸ ਵਿੱਚ ਪਹਿਲਵਾਨ ਗੁੱਲੂ ਕੋਹਾਲੀ ਜੇਤੂ ਰਿਹਾ। ਇਸੇ ਤਰ੍ਹਾਂ ਹੀ ਪੰਜਵੇਂ ਪਟਕੇ ਦੀ ਕੁਸ਼ਤੀ ਪਹਿਲਵਾਨ ਵਰਿੰਦਰ ਸ਼ੰਕਰ ਅਤੇ ਪਹਿਲਵਾਨ ਦਿਲਪ੍ਰੀਤ ਫਰਾਲਾ ਦੇ ਵਿਚਕਾਰ ਹੋਈ ਜਿਸ ਵਿੱਚ ਪਹਿਲਵਾਨ ਵਰਿੰਦਰ ਸ਼ੰਕਰ ਜੇਤੂ ਰਿਹਾ । ਇਸ ਮੇਲੇ ਦੌਰਾਨ ਖੂਨਦਾਨ ਕੈਂਪ, ਫ੍ਰੀ ਮੈਡੀਕਲ ਕੈਂਪ, ਫ੍ਰੀ ਅੱਖਾਂ ਦਾ ਚੈਕਅਪ ਕੈਂਪ, ਫ੍ਰੀ ਦਿਲ ਦੇ ਰੋਗਾਂ ਦਾ ਚੈਕਅਪ ਕੈਂਪ, ਫ੍ਰੀ ਹੱਡੀਆਂ ਅਤੇ ਜੋੜਾਂ ਦਾ ਚੈਕਅਪ ਕੈਂਪ ਅਤੇ ਲੋੜੀਂਦੇ ਮੈਡੀਕਲ ਟੈਸਟ ਵੀ ਫ੍ਰੀ ਕੀਤੇ ਗਏ ਅਤੇ ਜਰੂਰੀ ਦਵਾਈਆਂ ਵੀ ਫ੍ਰੀ ਦਿਤੀਆਂ ਗਈਆਂ। ਗੁਰੂ ਕਾ ਲੰਗਰ ਅਤੁੱਟ ਵਰਤਿਆ ਤੇ ਸਪੈਸ਼ਲ ਤੌਰ 'ਤੇ ਦੇਸੀ ਘਿਓ ਦੀਆਂ ਜਲੇਬੀਆਂ ਦਾ ਲੰਗਰ ਵੀ ਲਗਾਇਆ ਗਿਆ। ਫੋਟੋ ਲਾ ਦਿਓ ਜੀ।

ਐਲ ਪੀ ਯੂ ਦਾ ਮੰਚ 109ਵੀਂ ਭਾਰਤੀ ਵਿਗਿਆਨ ਕਾਂਗਰਸ ਲਈ ਤਿਆਰ

ਜਲੰਧਰ (ਸ਼ੈਲੀ ਐਲਬਰਟ)

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਜੋ ਕਿ ਅਕਾਦਮਿਕ ਉੱਤਮਤਾ ਅਤੇ ਨਵੀਨਤਾ ਲਈ ਪ੍ਰਸਿਧ ਸੰਸਥਾ ਹੈ।। 3 ਤੋਂ 5 ਜਨਵਰੀ, 2024 ਤੱਕ 109ਵੀਂ ਇੰਡੀਅਨ ਸਾਇੰਸ ਕਾਂਗਰਸ ਦੀ ਮੇਜ਼ਬਾਨੀ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।। ਐਲਪੀਯੂ ਇਹ ਦੂਜੀ ਵਾਰ ਇੰਡੀਅਨ ਸਾਇੰਸ ਕਾਂਗਰਸ ਦੀ ਮੇਜ਼ਬਾਨੀ ਕਰੇਗਾ। ਇਸ ਤੋਂ ਪਹਿਲਾਂ 2019 ਵਿੱਚ ਇਹ ਐਲਪੀਯੂ ਵਿੱਚ ਆਯੋਜਿਤ ਕੀਤੀ ਗਈ ਸੀ। ਭਾਰਤੀ ਵਿਗਿਆਨ ਕ

22-NOV-PAGE-10.qxd 11/21/2023 10:40 PM Page 1

ਕਾਤਰਾਂ

ਭਾਰਤ-ਪਾਕਿ ਸਰਹੱਦ ਨੇੜੇ ਮਿਲੀ 2 ਕਿੱਲੋ ਹੈਰੋਇਨ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਬੀ ਐੱਸ ਐੱਫ ਨੇ ਫ਼ਿਰੋਜ਼ਪੁਰ ਵਿੱਚ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ ਨੇੜੇ ਇੱਕ ਖੇਤ ਵਿੱਚੋਂ ਇੱਕ ਪੀਲੇ ਪੈਕਟ ਵਿੱਚ 2 ਕਿੱਲੋ ਹੈਰੋਇਨ ਬਰਾਮਦ ਕੀਤੀ ਹੈ।ਸੰਭਾਵਨਾ ਜਤਾਈ ਜਾ ਰਹੀ ਹੈ ਕਿ ਪਾਕਿਸਤਾਨੀ ਸਮੱਗਲਰਾਂ ਨੇ ਡਰੋਨ ਰਾਹੀਂ ਭਾਰਤੀ ਸਰਹੱਦ 'ਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਕੀਤੀ ਹੈ।ਬੀ ਐੱਸ ਐੱਫ ਦੇ ਬੁਲਾਰੇ ਅਨੁਸਾਰ ਸੂਚਨਾ ਦੇ ਆਧਾਰ 'ਤੇ ਬੀ ਐੱਸ ਐੱਫ ਫ਼ਿਰੋਜ਼ਪੁਰ ਰੇਂਜ ਅਧੀਨ ਪੈਂਦੇ ਪਿੰਡ ਚੱਕ ਭੰਗੇਵਾਲਾ ਵਿੱਚ 19 ਨਵੰਬਰ ਦੀ ਸ਼ਾਮ ਨੂੰ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਗਈ ਸੀ, ਜਿਸ ਦੌਰਾਨ ਇੱਕ ਖੇਤ ਵਿੱਚ ਪੀਲੇ ਰੰਗ ਦਾ ਪੈਕਟ ਦੇਖਿਆ ਗਿਆ।ਉਸ 'ਤੇ ਟੇਪ ਲਪੇਟੀ ਹੋਈ ਸੀ।ਪੈਕਟ ਦੇ ਅੰਦਰੋਂ 2 ਕਿੱਲੋ ਹੈਰੋਇਨ ਬਰਾਮਦ ਹੋਈ।ਦੱਸ ਦਈਏ ਕਿ ਪਿਛਲੇ ਕੁਝ ਮਹੀਨਿਆਂ ਤੋਂ ਹੈਰੋਇਨ ਦੀ ਤਸਕਰੀ ਲਈ ਸਰਹੱਦ ਪਾਰੋਂ ਡਰੋਨਾਂ ਦੀ ਵਰਤੋਂ ਕੀਤੀ ਜਾ ਰਹੀ ਹੈ, ਹਾਲਾਂਕਿ ਬੀ ਐੱਸ ਐੱਫ ਡਰੋਨ ਗਤੀਵਿਧੀਆਂ ਨੂੰ ਰੋਕਣ ਲਈ ਪੂਰੀ ਤਰ੍ਹਾਂ ਤਿਆਰ ਹੈ।ਬੀ ਐੱਸ ਐੱਫ ਵੱਲੋਂ ਭਾਰਤੀ ਸਰਹੱਦ ਵਿੱਚ ਦਾਖ਼ਲ ਹੋਣ ਵਾਲੇ ਡਰੋਨਾਂ ਨੂੰ ਨਸ਼ਟ ਕੀਤਾ ਜਾ ਰਿਹਾ ਹੈ।

ਪੱਤਰਕਾਰ ਰਜਿੰਦਰ ਫਤਿਹਪੁਰ ਦੀ ਮਾਤਾ ਦਾ ਦੇਹਾਂਤ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਪੱਤਰਕਾਰ

ਰਜਿੰਦਰ ਫਤਿਹਪੁਰ ਦੇ ਮਾਤਾ ਪ੍ਰਕਾਸ਼ ਕੌਰ (ਧਰਮਪਤਨੀ ਸਵ. ਭਜਨ ਸਿੰਘ) ਜੀ ਦਾ ਦੇਹਾਂਤ ਹੋ ਗਿਆ ਹੈ। ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ ਸਵਰਗ ਧਾਮ ਸਤੀ ਮੰਦਰ ਸਮਾਣਾ ਵਿਖੇ ਕੀਤਾ ਗਿਆ। ਇਸ ਦੁੱਖ ਦੀ ਘੜੀ ਵਿੱਚ ਸਮੁੱਚੇ ਪੱਤਰਕਾਰ ਭਾਈਚਾਰੇ ਨੇ ਪੱਤਰਕਾਰ ਰਜਿੰਦਰ ਫਤਿਹਪੁਰ ਨਾਲ ਦੁੱਖ ਸਾਂਝਾ ਕੀਤਾ ਤੇ ਪਰਮਾਤਮਾ ਦੇ ਚਰਨਾਂ 'ਚ ਅਰਦਾਸ ਕੀਤੀ। ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾਕਟਰ ਮਦਨ ਮਿੱਤਲ, ਸਾਬਕਾ ਪ੍ਰਧਾਨ ਨਗਰ ਕੌਂਸਲ ਸਮਾਣਾ ਕਪੂਰ ਚੰਦ ਬਾਂਸਲ, ਸਾਬਕਾ ਕੈਬਨਟ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਵਿਧਾਇਕ ਜਗਤਾਰ ਸਿੰਘ ਰਾਜਲਾ, ਲੋਕ ਸਭਾ ਮੈਂਬਰ ਪਰਨੀਤ ਕੌਰ, ਬੀਜੇਪੀ ਹਲਕਾ ਸਮਾਣਾ ਦੇ ਇੰਚਾਰਜ, ਸੁਰਿੰਦਰ ਸਿੰਘ ਖੇੜਕੀ, ਐਂਟੀ-ਡਰਗ ਐਂਡ ਸੋਸ਼ਲ ਵੈੱਲਫੇਅਰ ਆਰਗੇਨਾਈਜ਼ੇਸ਼ਨ ਪੰਜਾਬ ਦੇ ਚੇਅਰਮੈਨ ਸੰਜੀਵ ਗਰਗ, ਸਮਾਣਾ ਪ੍ਰੈੱਸ ਕਲੱਬ ਦੇ ਪ੍ਰਧਾਨ ਕੈਲਾਸ਼ ਸ਼ਰਮਾ, ਜਰਨਲਿਸਟ ਪ੍ਰੈੱਸ ਕਲੱਬ ਸਮਾਣਾ ਦੇ ਜਰਨਲ ਸਕੱਤਰ ਇਕਬਾਲ ਸਿੰਘ ਬੱਲ ਨੇ ਵੀ ਪੱਤਰਕਾਰ ਰਜਿੰਦਰ ਸਿੰਘ ਨਾਲ ਦੁੱਖ ਸਾਂਝਾ ਕੀਤਾ।

ਭਾਈ ਦਿਆਲਾ ਜੀ ਦਾ ਸ਼ਹੀਦੀ ਦਿਹਾੜਾ 24 ਨੂੰ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)-ਸਥਾਨਕ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਹੀਦ ਭਾਈ ਦਿਆਲਾ ਜੀ ਦਾ ਸ਼ਹੀਦੀ ਦਿਹਾੜਾ 24 ਨਵੰਬਰ ਨੂੰ ਮਨਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਸੰਸਥਾ ਚੇਅਰਮੈਨ ਮਹਿੰਦਰ ਸਿੰਘ ਦੁੱਲਟ ਤੇ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਸ਼ਹੀਦ ਭਾਈ ਦਿਆਲਾ ਜੀ ਦੇ ਸ਼ਹੀਦੀ ਦਿਹਾੜੇ ਸਬੰਧੀ 22 ਨਵੰਬਰ ਨੂੰ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਪ੍ਰਕਾਸ਼ ਆਰੰਭ ਹੋਣਗੇ ਤੇ 24 ਨਵੰਬਰ ਨੂੰ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਅਤੇ ਸ਼ਹੀਦੀ ਦਿਹਾੜੇ ਸਬੰਧੀ ਤਿਆਰੀਆਂ ਆਰੰਭ ਕਰ ਦਿੱਤੀਆਂ ਗਈਆਂ ਹਨ।

ਵਿਕਾਸ ਜੈਨ ਅਖਿਲ ਭਾਰਤੀਯ ਹਿੰਦੂ ਸ਼ਕਤੀ ਦਲ ਦੇ ਸੂਬਾ ਪ੍ਰਧਾਨ ਨਿਯੁਕਤ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਹਿੰਦੂ ਆਗੂ ਤੇ ਵਪਾਰ ਮੰਡਲ ਪੰਜਾਬ (ਰਜਿ:) ਦੇ ਸੂਬਾ ਐਕਟਿੰਗ ਪ੍ਰਧਾਨ ਵਿਕਾਸ ਜੈਨ ਨੂੰ ਹਿੰਦੂ ਵਰਗ ਲਈ ਕੀਤੇ ਕੰਮਾਂ ਨੂੰ ਮੁੱਖ ਰੱਖਦਿਆਂ ਅਖਿਲ ਭਾਰਤੀਯ ਹਿੰਦੂ ਸ਼ਕਤੀ ਦਲ ਵੱਲੋਂ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਕੌਮੀ ਸੀਨੀਅਰ ਮੀਤ ਪ੍ਰਧਾਨ ਪੁਨੀਤ ਹਿੰਦੂ ਦੇ ਦਸਤਖਤਾਂ ਹੇਠ ਜਾਰੀ ਨਿਯੁਕਤੀ ਪੱਤਰ ਅਨੁਸਾਰ ਵਿਕਾਸ ਜੈਨ ਨੂੰ ਪੰਜਾਬ ਸੂਬੇ ਦਾ ਪ੍ਰਧਾਨ ਨਿਯੁਕਤ ਕਰਦਿਆਂ ਸੂਬੇ ਵਿੱਚ ਹਿੰਦੂਆਂ ਨੂੰ ਸੰਗਠਿਤ ਕਰਨ ਤੇ ਸਨਾਤਨ ਧਰਮ ਦੀ ਰੱਖਿਆ ਕਰਨ ਦੀ ਜ਼ਿੰਮੇਵਾਰੀ ਦਿੰਦਿਆਂ ਹਿੰਦੂ ਧਰਮ ਲਈ ਕੰਮ ਕਰਨ ਦੀ ਤਾਕੀਦ ਕੀਤੀ। ਆਪਣੀ ਨਿਯੁਕਤੀ ਤੇ ਅਖਿਲ ਭਾਰਤੀਯ ਹਿੰਦੂ ਸ਼ਕਤੀ ਦਲ ਦੇ ਕੌਮੀ ਆਗੂਆਂ ਦਾ ਧੰਨਵਾਦ ਕਰਦਿਆਂ ਵਿਕਾਸ ਜੈਨ ਨੇ ਕਿਹਾ ਕਿ ਉਹ ਸੂਬੇ ਵਿੱਚ ਹਿੰਦੂ ਧਰਮ ਤੇ ਸਨਾਤਨ ਧਰਮ ਦੇ ਹਿੱਤਾਂ ਲਈ ਤੱਤਪਰ ਰਹਿਣਗੇ।

ਪੰਜਾਬ ਪੈਨਸ਼ਨਰ ਯੂਨੀਅਨ ਦੀ ਸੂਬਾਈ ਮੀਟਿੰਗ ਭਲਕੇ

ਮੁੱਲਾਂਪੁਰ ਦਾਖਾ (ਪੱਤਰ ਪ੍ਰੇਰਕ)-ਸੂਬਾ ਪ੍ਰਧਾਨ ਗੁਰਮੇਲ ਸਿੰਘ ਮੈਲਡੇ, ਡਿਪਟੀ ਜਨਰਲ ਸਕੱਤਰ ਸੱਤਿਆਪਾਲ ਗੁਪਤਾ, ਦਰਸ਼ਨ ਸਿੰਘ ਬਰੀਕੇ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਜਸਵੰਤ ਸਿੰਘ ਸਮਰਾ ਭਵਨ ਜਲੰਧਰ ਵਿਖੇ ਪੰਜਾਬ ਪੈਨਸ਼ਨਰ ਯੂਨੀਅਨ (ਰਜਿ:) ਪੰਜਾਬ ਦੀ ਸੂਬਾਈ ਮੀਟਿੰਗ 23 ਨਵੰਬਰ ਨੂੰ ਜਲੰਧਰ ਵਿਖੇ ਹੋਵੇਗੀ। ਇਸ ਮੀਟਿੰਗ ਵਿੱਚ ਸੂਬਾ ਕਮੇਟੀ ਦੇ ਸਮੂਹ ਅਹੁਦੇਦਾਰ, ਜ਼ਿਲ੍ਹਿਆਂ ਦੇ ਪ੍ਰਧਾਨ, ਸਕੱਤਰ, ਕੈਸ਼ੀਅਰ ਸ਼ਾਮਲ ਹੋਣਗੇ। ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ 'ਤੇ ਵਿਚਾਰ ਨਾ ਕਰਨ ਤੇ ਅਗਲੇ ਸੰਘਰਸ਼ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ। ਸਮੂਹ ਆਗੂ ਸਾਹਿਬਾਨ ਨੂੰ ਠੀਕ 11:00 ਵਜੇ ਪਹੁੰਚਣ ਦੀ ਅਪੀਲ ਕੀਤੀ।

ਹਰੀਏਵਾਲਾ ਦੇ ਐੱਸ ਸੀ ਭਾਈਚਾਰੇ ਨੂੰ ਦਿਵਾਇਆ ਜਾਵੇਗਾ ਇਨਸਾਫ਼ : ਸੁਖਾਨੰਦ

ਬਾਘਾ ਪੁਰਾਣਾ (ਮਨੀ ਸਿੰਗਲਾ)

ਆਮ ਆਦਮੀ ਪਾਰਟੀ ਦਾ ਹਰ ਥਾਂ ਸਨਮਾਨ ਕਰਨ ਤੇ ਪੰਜਾਬ ਵਿੱਚ ਧੱਕੇਸ਼ਾਹੀ, ਨਸ਼ਿਆਂ ਆਦਿ ਦਾ ਖਾਤਮਾ ਕਰਨ ਦੇ ਵੱਡੇ ਵੱਡੇ ਵਾਅਦੇ ਕਰ ਕੇ ਹੋਂਦ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਗੁੰਡਾਗਰਦੀ ਦੀਆਂ ਘਟਨਾਵਾਂ ਦਿਨੋਂ ਦਿਨ ਵਧ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸੂਬੇਦਾਰ ਬਲਦੇਵ ਸਿੰਘ ਸੁਖਾਨੰਦ ਜ਼ਿਲ੍ਹਾ ਪ੍ਰਧਾਨ ਮੋਗਾ ਅੰਬੇਡਕਰ ਮਿਸ਼ਨ ਭਾਰਤ (ਜਥੇਬੰਦੀ) ਨੇ ਕੀਤਾ। ਉਨ੍ਹਾ ਕਿਹਾ ਕਿ ਕੋਈ ਕਾਰਵਾਈ ਨਾ ਹੋਣ ਕਾਰਨ ਆਮ ਲੋਕ ਆਪ ਨੂੰ ਪੰਜਾਬ ਵਿੱਚ ਦਿੱਤੇ ਸਮਰਥਨ 'ਤੇ ਪਛਤਾ ਰਹੇ ਹਨ। ਉਨ੍ਹਾ ਕਿਹਾ ਕਿ ਪਿਛਲੇ ਦਿਨੀਂ ਲੰਘੀ ਦੀਵਾਲੀ ਵਾਲੀ ਰਾਤ ਨੂੰ ਪਿੰਡ ਹਰੀਏਵਾਲਾ ਵਿੱਚ ਵਾਪਰੀ ਘਟਨਾ ਇਸ ਗੱਲ ਦੀ ਪੁਸ਼ਟੀ ਕਰਦੀ ਹੈ। ਪਿੰਡ ਹਰੀਏਵਾਲਾ ਦੇ ਐੱਸ ਸੀ ਭਾਈਚਾਰੇ ਨਾਲ ਸਬੰਧਤ ਵਿਅਕਤੀਆਂ ਵੱਲੋਂ ਦੋਸ਼ ਲਾਇਆ ਗਿਆ ਕਿ ਦੀਵਾਲੀ ਵਾਲੀ ਰਾਤ ਨੂੰ ਜ਼ਿਮੀਂਦਾਰ ਭਾਈਚਾਰੇ ਦੇ ਲੋਕਾਂ ਵੱਲੋਂ ਉਨ੍ਹਾਂ ਦੇ ਘਰਾਂ ਕੋਲ ਆ ਕੇ ਸ਼ਰੇਆਮ ਲਲਕਾਰ ਕੇ ਉਨ੍ਹਾਂ ਦੀ ਕੁੱਟਮਾਰ ਕੀਤੀ ਤੇ ਗੰਦੀਆਂ ਗਾਲ੍ਹਾਂ ਕੱਢੀਆਂ। ਇਸ ਕੁੱਟਮਾਰ ਵਿੱਚ ਕਈ ਵਿਅਕਤੀ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਮੋਗਾ ਦੇ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਤੇ ਇਸ ਸਬੰਧੀ ਬਕਾਇਦਾ ਰਿਪੋਰਟ ਨੱਥੂਵਾਲਾ ਚੌਕੀ ਵਿੱਚ ਦਿੱਤੀ ਗਈ, ਪਰ ਪੁਲਸ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਇਸ ਸਬੰਧੀ ਡੀ ਐੱਸ ਪੀ ਬਾਘਾ ਪੁਰਾਣਾ ਤੇ ਐੱਸ.ਐੱਸ.ਪੀ. ਮੋਗਾ ਕੋਲ ਵੀ ਫਰਿਆਦ ਕੀਤੀ ਗਈ, ਪਰ ਦੋਸ਼ੀਆਂ ਖ਼ਿਲਾਫ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ। ਇਸ ਤੋਂ ਇਲਾਵਾ ਪੀੜਤ ਲੋਕਾਂ ਦਾ ਕਹਿਣਾ ਹੈ ਕਿ ਅਸੀਂ ਇਸ ਗੁੰਡਾਗਰਦੀ ਖਿਲ਼ਾਫ ਹਲਕਾ ਵਿਧਾਇਕ ਨੂੰ ਮਿਲ ਚੁੱਕੇ ਹਾਂ। ਇਸ ਮੌਕੇ ਉਨ੍ਹਾ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲਿਆਉਣ ਵਿੱਚ ਐੱਸ ਸੀ ਭਾਈਚਾਰਾ ਦਾ ਵੱਡਾ ਯੋਗਦਾਨ ਰਿਹਾ, ਕਿਉਂਕਿ ਸਾਨੂੰ ਪੂਰੀ ਉਮੀਦ ਸੀ ਕਿ ਆਪ ਦੀ ਸਰਕਾਰ ਆਉਣ ਨਾਲ ਪੰਜਾਬ ਵਿੱਚ ਆਮ ਲੋਕਾਂ ਦੇ ਦਿਨ ਬਦਲ ਜਾਣਗੇ, ਪਰ ਹਾਲਾਤ ਦਿਨੋਂ ਦਿਨ ਬਦਤਰ ਹੁੰਦੇ ਜਾ ਰਹੇ ਹਨ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਆਮ ਆਮ ਆਦਮੀ ਹੀ ਧੱਕੇਸ਼ਾਹੀ ਦੀਆਂ ਸੱਟਾਂ ਸਹਿਣੀਆਂ ਤੇ ਬੇਇੱਜ਼ਤ ਹੋਣਾ ਪੈ ਰਿਹਾ ਹੈ ਅਤੇ ਗੁੰਡਾ ਅਨਸਰਾਂ ਦੇ ਹੌਸਲੇ ਬੁਲੰਦ ਹੋ ਰਹੇ ਹਨ।

ਇਸ ਮੌਕੇ ਡਾ. ਦਰਸ਼ਨ ਸਿੰਘ ਚੰਦੜ ਮੋਗਾ, ਜਥੇਦਾਰ ਮੱਘਰ ਸਿੰਘ ਘੋਲੀਆ, ਦਰਸ਼ਨ ਸਿੰਘ ਘੋਲੀਆ, ਪੰਜਾਬ ਵਿਰਾਸਤ ਜਥੇਬੰਦੀ ਦਲਜੀਤ ਸਿੰਘ ਘੋਲੀਆ, ਸ਼੍ਰੋਮਣੀ ਅਕਾਲੀ ਦਲ ਮਾਨ, ਠਾਣਾ ਸਿੰਘ ਰੋਡੇ, ਅਮਰੀਕ ਸਿੰਘ ਹਰੀਏਵਾਲਾ, ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਤੋਂ ਇਲਾਵਾ ਸੁਰਜੀਤ ਸਿੰਘ, ਗੁਰਦੀਪ ਸਿੰਘ, ਕੁਲਵੰਤ ਸਿੰਘ, ਬਾਵਾ ਸਿੰਘ, ਭੋਲਾ ਸਿੰਘ, ਜਸਵੰਤ ਸਿੰਘ, ਆਤਮਾ ਸਿੰਘ ਸਾਬਕਾ ਮੈਂਬਰ, ਜਸਪਾਲ ਸਿੰਘ ਆਦਿ ਹਰੀਏਵਾਲਾ ਪਿੰਡ ਦੇ ਐੱਸ ਸੀ ਭਾਈਚਾਰੇ ਦੇ ਨਿਵਾਸੀ ਹਾਜ਼ਰ ਸਨ।

ਕੇ ਕੇ ਯੂ ਨੇ ਚੰਡੀਗੜ੍ਹ ਰੈਲੀ ਲਈ ਕਿਸਾਨਾਂ ਨੂੰ ਕੀਤਾ ਲਾਮਬੰਦ

ਪਿੰਡ 'ਚ ਲਗਾਏ ਗਏ ਚਿੱਪ ਵਾਲੇ ਮੀਟਰ ਵੀ ਪੁੱਟੇ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)

ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਸੱਦੇ ਤਹਿਤ 26, 27, 28 ਨਵੰਬਰ ਨੂੰ ਚੰਡੀਗੜ੍ਹ ਲੱਗ ਰਹੇ ਤਿੰਨ ਰੋਜ਼ਾ ਮੋਰਚੇ ਦੀ ਤਿਆਰੀ ਸਬੰਧੀ ਕਿਰਤੀ ਕਿਸਾਨ ਯੂਨੀਅਨ ਵੱਲੋਂ ਪਿੰਡ ਲੌਂਗੋਵਾਲ ਦੀ ਪੱਤੀ ਜੈਦ ਵਿਖੇ ਰੈਲੀ ਕਰਕੇ ਕਿਸਾਨਾਂ ਨੂੰ ਲਾਮਬੰਦ ਕੀਤਾ ਤੇ ਉਸ ਤੋਂ ਬਾਅਦ ਪਿੰਡ ਵਿੱਚ ਲਗਾਏ ਗਏ ਚਿੱਪ ਵਾਲੇ ਮੀਟਰ ਯੂਨੀਅਨ ਵੱਲੋਂ ਪੁੱਟੇ ਗਏ। ਇਸ ਮੌਕੇ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ ਤੇ ਇਕਾਈ ਪ੍ਰਧਾਨ ਹਰਦੇਵ ਸਿੰਘ ਦੁੱਲਟ ਨੇ ਦੱਸਿਆ ਕਿ ਸਾਰੀਆਂ ਫਸਲਾਂ ਦੀ ਐੱਮ ਐੱਸ ਪੀ ਤੇ ਸਰਕਾਰੀ ਖਰੀਦ ਦੀ ਗਾਰੰਟੀ, ਕਿਸਾਨੀ ਕਰਜ਼ੇ 'ਤੇ ਲੀਕ ਮਾਰਨ, ਦਿੱਲੀ ਅੰਦੋਲਨ ਦੀਆਂ ਬਾਕੀ ਰਹਿੰਦੀਆਂ ਮੰਗਾਂ ਸਮੇਤ ਪਰਾਲੀ ਪ੍ਰਦੂਸ਼ਣ ਸਬੰਧੀ ਕਿਸਾਨਾਂ 'ਤੇ ਕੀਤੇ ਜ਼ੁਰਮਾਨੇ ਤੇ ਪਰਚੇ ਰੱਦ ਕਰਨ, ਸਮਾਰਟ ਬਿਜਲੀ ਮੀਟਰ ਲਾਉਣੇ ਬੰਦ ਕਰਨ, ਮੋਰਚੇ ਵਿੱਚ ਸ਼ਹੀਦ ਕਿਸਾਨਾਂ ਦੇ ਪਰਿਵਾਰਾਂ ਨੂੰ ਰਹਿੰਦੀਆਂ ਨੌਕਰੀਆਂ ਦੇਣ, ਪੰਜਾਬ ਵਿੱਚ ਮੱਕੀ, ਮੂੰਗੀ ਤੇ ਬਾਸਮਤੀ ਦੀ ਐੱਮ ਐੱਸ ਪੀ ਦੇਣ, ਹੜ੍ਹ ਪੀੜਤਾਂ ਨੂੰ ਫੌਰੀ ਮੁਆਵਜ਼ਾ ਜਾਰੀ ਕਰਨ ਸਮੇਤ ਬਾਕੀ ਮੰਗਾਂ ਤੇ ਚੰਡੀਗੜ੍ਹ ਵਿੱਚ ਲੱਗ ਰਹੇ ਮੋਰਚੇ ਵਿੱਚ ਕਿਰਤੀ ਕਿਸਾਨ ਯੂਨੀਅਨ ਵੱਲੋਂ ਵੱਡੀ ਗਿਣਤੀ ਵਿੱਚ ਟਰੈਕਟਰ-ਟਰਾਲੀਆਂ ਲੈ ਕੇ ਸ਼ਮੂਲੀਅਤ ਕੀਤੀ ਜਾਵੇਗੀ ਅਤੇ ਇਸ ਦੇ ਨਾਲ ਹੀ ਜੋ ਬਿਜਲੀ ਅਦਾਰੇ ਨੂੰ ਖਤਮ ਕਰਨ ਅਤੇ ਨਿੱਜੀ ਹੱਥਾਂ ਵਿੱਚ ਦੇਣ ਦੀ ਨੀਤੀ ਤਹਿਤ ਪੰਜਾਬ ਵਿੱਚ ਚਿੱਪ ਵਾਲੇ ਮੀਟਰ ਲਾਏ ਜਾ ਰਹੇ ਹਨ, ਉਨ੍ਹਾਂ ਨੂੰ ਵੀ ਪੁੱਟ ਕੇ ਵਿਭਾਗ ਦੇ ਦਫਤਰਾਂ ਵਿੱਚ ਜਮ੍ਹਾਂ ਕਰਵਾਇਆ ਜਾ ਰਿਹਾ ਹੈ। ਇਸ ਰੈਲੀ ਤੋਂ ਬਾਅਦ ਇਕੱਠੇ ਹੋਏ ਕਿਸਾਨਾਂ ਨੇ ਭਾਈ ਕੀ ਸਮਾਧ, ਕੈਂਬੋਵਾਲ ਪਿੰਡੀ, ਲੌਂਗੋਵਾਲ, ਉਦੇ ਭਾਨ ਸਿੰਘ ਨਗਰ ਵਿੱਚੋਂ ਚਿੱਪ ਵਾਲੇ ਮੀਟਰ ਪੁੱਟੇ। ਇਹ ਮੁਹਿੰਮ ਕੱਲ੍ਹ ਤੱਕ ਜਾਰੀ ਰਹੇਗੀ ਤੇ ਕੱਲ੍ਹ ਨੂੰ ਮੀਟਰ ਵਿਭਾਗ ਦੇ ਲੌਂਗੋਵਾਲ ਦਫਤਰ ਵਿਖੇ ਜਮ੍ਹਾਂ ਕਰਵਾਏ ਜਾਣਗੇ। ਇਕੱਠ ਨੂੰ ਭੋਲਾ ਸਿੰਘ ਪਨਾਂਚ, ਕਰਮਾ ਸਿੰਘ ਜੈਦ, ਜਥੇਦਾਰ ਗੁਰਤੇਜ ਸਿੰਘ, ਗੁਰਮੇਲ ਸਿੰਘ, ਨਿੱਕਾ ਸਿੰਘ, ਜਥੇਦਾਰ ਸੁਖਦੇਵ ਸਿੰਘ ਤੇ ਨਿੰਮੀ ਢੱਚ ਨੇ ਸੰਬੋਧਨ ਕੀਤਾ ਅਤੇ ਕਿਸਾਨਾਂ ਨੇ ਵੱਡੀ ਗਿਣਤੀ ਚੰਡੀਗੜ੍ਹ ਮੋਰਚੇ ਵਿੱਚ ਸ਼ਾਮਲ ਹੋਣ ਦਾ ਵਿਸ਼ਵਾਸ ਦਿਵਾਇਆ।

ਦਰਦ ਰੋਕੂ ਦਵਾਈਆਂ ਦੀ ਬੇਲੋੜੀ ਵਰਤੋਂ ਮਨੁੱਖੀ ਜ਼ਿੰਦਗੀ ਲਈ ਘਾਤਕ : ਡਾ. ਕਮਲਜੀਤ ਸਿੰਘ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਤੇ ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਗੁਰਮੇਲ ਸਿੰਘ ਦੀ ਯੋਗ ਅਗਵਾਈ ਹੇਠ ਬਲਾਕ ਦੀਆਂ ਵੱਖ-ਵੱਖ ਸਿਹਤ ਸੰਸਥਾਵਾਂ ਵੱਲੋਂ ਵਿਸ਼ਵ ਐਂਟੀ-ਮਾਇਕਰੋਬਾਇਲ ਚੇਤਨਾ ਹਫ਼ਤਾ ਮਨਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਸੀ ਐੱਚ ਸੀ ਬਾਲਿਆਂਵਾਲੀ ਵਿਖੇ ਜਾਗਰੂਕਤਾ ਕੈਂਪ ਲਾਇਆ ਗਿਆ। ਇਸ ਮੌਕੇ ਬੋਲਦਿਆਂ ਮੈਡੀਕਲ ਅਫ਼ਸਰ ਡਾ. ਕਮਲਜੀਤ ਸਿੰਘ ਨੇ ਕਿਹਾ ਕਿ ਬਿਨਾਂ ਡਾਕਟਰ ਦੀ ਸਲਾਹ ਤੋਂ ਕਿਸੇ ਵੀ ਤਰ੍ਹਾਂ ਦੀਆਂ ਦਰਦ ਰੋਕੂ ਦਵਾਈਆਂ ਦੀ ਬੇਲੋੜੀ ਵਰਤੋਂ ਮਨੁੱਖੀ ਜ਼ਿੰਦਗੀ ਲਈ ਘਾਤਕ ਸਾਬਿਤ ਹੋ ਸਕਦੀ ਹੈ। ਉਨ੍ਹਾ ਕਿਹਾ ਕਿ ਜੇਕਰ ਆਪਾਂ ਬਾਹਰਲੇ ਮੁਲਖਾਂ ਦੀ ਗੱਲ ਕਰੀਏ ਤਾਂ ਬਾਹਰਲੇ ਮੁਲਖਾਂ ਦੇ ਮੁਕਾਬਲੇ ਭਾਰਤ ਵਿੱਚ ਦਵਾਈ

22-Nov-PAGE- 11 qxd-Majha.qxd 11/21/2023 10:44 PM Page 1

ਮੋਦੀ ਸਰਕਾਰ ਘੱਟ-ਗਿਣਤੀਆਂ 'ਤੇ ਲਗਾਤਾਰ ਹਮਲੇ ਕਰ ਰਹੀ : ਕਾਮਰੇਡ ਚੋਹਲਾ/ਦਦੇਹਰ ਸਾਹਿਬ

ਚੋਹਲਾ ਸਾਹਿਬ (ਰਮਨ ਚੱਢਾ)- ਕੇਂਦਰ ਦੀ ਮੋਦੀ ਸਰਕਾਰ ਪੰਜਾਬ ਦੇ ਬੱਚਿਆਂ ਦੇ ਚੰਡੀਗੜ੍ਹ ਦੇ ਸਕੂਲਾਂ ਦੇ ਦਾਖਲਿਆਂ ਵਿੱਚ ਰੋਕ ਲਾ ਕੇ ਪੰਜਾਬ ਨਾਲ ਧਰੋਹ ਕਰ ਰਹੀ ਹੈ। ਕਾਮਰੇਡ ਸੋਹਲ ਅਤੇ ਦਦੇਹ ਸਾਹਿਬ ਸੀਪੀਆਈ ਦੀ ਮੀਟਿੰਗ ਚੋਹਲਾ ਸਾਹਿਬ ਵਿਖੇ ਹੋਈ। ਇਸ ਮੀਟਿੰਗ ਦੀ ਜਾਣਕਾਰੀ ਦਿੰਦਿਆਂ ਸੀਪੀਆਈ ਦੇ ਜ਼ਿਲਾ ਸਕੱਤਰ ਕਾਮਰੇਡ ਦਵਿੰਦਰ ਸਿੰਘ ਸੋਹਲ ਅਤੇ ਬਲਾਕ ਚੋਹਲਾ ਅਤੇ ਨੌਸ਼ਹਿਰਾ ਪੰਨੂੰਆਂ ਦੇ ਬਲਾਕ ਸਕੱਤਰ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਘੱਟ ਗਿਣਤੀਆਂ ਤੇ ਲਗਾਤਾਰ ਹਮਲੇ ਕਰ ਰਹੀ ਹੈ। ਪਹਿਲਾਂ ਮਨੀਪੁਰ ਵਿੱਚ ਔਰਤਾਂ ਨਾਲ ਇਨ੍ਹਾਂ ਦੇ ਮੁੰਡਿਆਂ ਨੇ ਉਨ੍ਹਾਂ ਦੀ ਇੱਜ਼ਤ ਨੂੰ ਸ਼ਰੇਆਮ ਬਾਜ਼ਾਰਾਂ ਵਿਚ ਰੋਲਲਿਆ, ਫਿਰ ਹਰਿਆਣੇ ਵਿੱਚ ਘੱਟ-ਗਿਣਤੀਆਂ 'ਤੇ ਹਮਲੇ ਕਰਵਾਏ ਅਤੇ ਹੁਣ ਪੰਜਾਬ ਨਾਲ ਲਗਾਤਾਰ ਧੱਕਾ ਕਰ ਰਹੀ ਹੈ ਕੇਂਦਰ ਦੀ ਸਰਕਾਰ। ਪੰਜਾਬ ਦੇ ਬੱਚਿਆਂ ਨਾਲ ਚੰਡੀਗੜ੍ਹ ਦੇ ਸਕੂਲਾਂ 'ਚ ਦਾਖਲਿਆਂ 'ਤੇ ਰੋਕ ਲਾ ਕੇ ਸਿੱਧਾ ਧੱਕਾ ਕੀਤਾ ਜਾ ਰਿਹਾ ਹੈ ਕਿਉਂਕਿ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਦਾ ਹਿੱਸਾ ਹੈ ਜੋ ਕਿ ਪੰਜਾਬ ਦਾ ਪੂਰਾ ਹੱਕ ਬਣਦਾ ਹੈ। ਉਨ੍ਹਾਂ ਮੰਗ ਕੀਤੀ ਕਿ ਇਹ ਕਾਨੂੰਨ ਫੌਰੀ ਤੌਰ 'ਤੇ ਵਾਪਸ ਕੀਤਾ ਜਾਵੇ ਨਹੀਂ ਤਾਂ ਕੁੱਲ ਹਿੰਦੂ ਕਿਸਾਨ ਸਭਾ ਅਤੇ ਹੋਰ ਕਿਸਾਨ ਜਥੇਬੰਦੀਆਂ ਵੱਲੋਂ 26 ਅਤੇ 27 ਨਵੰਬਰ ਨੂੰ ਚੰਡੀਗੜ੍ਹ ਵਿੱਚ ਦਿੱਤੇ ਜਾ ਰਹੇ ਧਰਨੇ ਦੀ ਪੁਰਜ਼ੋਰ ਹਮਾਇਤ ਕੀਤੀ ਜਾਵੇਗੀ।

ਪਿੰਡਾਂ-ਪਿੰਡਾਂ ਵਿੱਚ ਮੀਟਿੰਗਾਂ ਕਰਕੇ ਇਸ ਧਰਨੇ 'ਚ ਕਿਸਾਨਾਂ ਵੱਲੋਂ ਵੱਡੇ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਹਰਪਾਲ ਸਿੰਘ, ਮੰਗਲ ਸਿੰਘ, ਗੁਰਲਾਲ ਸਿੰਘ, ਹਰਦੀਪ ਸਿੰਘ, ਲੱਖਾ ਸਿੰਘ, ਅਮਰ ਸਿੰਘ, ਸੰਤੋਖ ਸਿੰਘ ਆਦਿ ਕਿਸਾਨ ਸਾਥੀ ਸ਼ਾਮਿਲ ਹੋਏ।

ਸਿਹਤ ਸੇਵਾਵਾਂ ਦੇ ਖੇਤਰ 'ਚ ਪੰਜਾਬ ਨੂੰ ਪਹਿਲਾ ਇਨਾਮ, ਬਹਿਲ ਨੇ ਸੂਬਾ ਵਾਸੀਆਂ ਨੂੰ ਦਿੱਤੀ ਵਧਾਈ

ਗੁਰਦਾਸਪੁਰ (ਦਿਨੇਸ਼ ਕੁਮਾਰ)-ਪੰਜਾਬ ਵਿੱਚ ਮੁੱਢਲੇ ਸਿਹਤ ਸੰਭਾਲ ਢਾਂਚੇ ਦੀ ਕਾਇਆ-ਕਲਪ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਨੂੰ ਆਲਮੀ ਪੱਧਰ ਉਤੇ ਮਾਨਤਾ ਮਿਲਣ 'ਤੇ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਸੂਬਾ ਵਾਸੀਆਂ ਨੂੰ ਵਧਾਈ ਦਿੱਤੀ ਹੈ। ਬੀਤੇ ਦਿਨੀਂ ਸੂਬੇ ਦੇ ਆਮ ਆਦਮੀ ਕਲੀਨਿਕਾਂ ਨੇ ਨੈਰੋਬੀ ਵਿੱਚ 14 ਤੋਂ 16 ਨਵੰਬਰ ਤੱਕ ਹੋਏ ਗਲੋਬਲ ਹੈਲਥ ਸਪਲਾਈ ਚੇਨ ਸੰਮੇਲਨ ਵਿੱਚ ਪਹਿਲਾ ਇਨਾਮ ਹਾਸਲ ਕੀਤਾ ਹੈ। ਚੇਅਰਮੈਨ ਬਹਿਲ ਨੇ ਦੱਸਿਆ ਕਿ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਨੂੰ 'ਦਵਾਈਆਂ ਦੀ ਹਰੇਕ ਵਿਅਕਤੀ ਤੱਕ ਪਹੁੰਚ: ਪੰਜਾਬ ਤੋਂ ਇਕ ਅਧਿਐਨ' ਵਿਸ਼ੇ ਹੇਠਲੇ ਦਸਤਾਵੇਜ਼ ਲਈ ਪਹਿਲਾ ਇਨਾਮ ਮਿਲਿਆ ਹੈ। ਉਨਾਂ ਕਿਹਾ ਕਿ ਇਸ ਕਾਨਫਰੰਸ ਵਿੱਚ 85 ਮੁਲਕਾਂ ਨੇ ਭਾਗ ਲਿਆ ਸੀ ਅਤੇ ਚਾਰ ਦੇਸ਼ਾਂ ਨੇ ਆਪਣੇ ਦਸਤਾਵੇਜ਼ ਦਾਖ਼ਲ ਕੀਤੇ ਸਨ, ਜਿਨਾਂ ਵਿੱਚੋਂ ਪੰਜਾਬ ਸਰਕਾਰ ਦੇ ਦਸਤਾਵੇਜ਼ ਨੂੰ ਅੰਤਮ ਪੇਸ਼ਕਾਰੀ ਲਈ ਚੁਣਿਆ ਗਿਆ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਆਮ ਆਦਮੀ ਕਲੀਨਿਕਾਂ ਦੀ ਸਫ਼ਲਤਾ ਦੀ ਕਹਾਣੀ ਦੱਸੀ ਅਤੇ ਦੱਸਿਆ ਕਿ ਕਿਵੇਂ ਪੰਜਾਬ ਸਰਕਾਰ ਨੇ ਮੁੱਢਲੀਆਂ ਸਿਹਤ ਸੰਭਾਲ ਸਹੂਲਤਾਂ ਵਿੱਚ ਤੇਜ਼ੀ ਨਾਲ ਵਾਧਾ ਕੀਤਾ ਅਤੇ ਮਿਆਰੀ ਸਿਹਤ ਸੰਭਾਲ ਸੇਵਾਵਾਂ ਦਿੱਤੀਆਂ। ਚੇਅਰਮੈਨ ਬਹਿਲ ਨੇ ਕਿਹਾ ਕਿ ਪੰਜਾਬ ਦੀ ਜੇਤੂ ਐਂਟਰੀ ਵਿੱਚ ਵਿਗਿਆਨ ਉਤੇ ਜ਼ੋਰ, ਸਮੱਸਿਆਵਾਂ ਦੇ ਹੱਲ ਲਈ ਸੁਪਰ ਪੁਜ਼ੀਸ਼ਨਿੰਗ, ਹੱਲ ਤੇ ਪ੍ਰਭਾਵ ਦੀ ਸਪੱਸ਼ਟਤਾ, ਨਵੀਨ ਹੱਲ, ਸਿਆਸੀ ਇੱਛਾ ਸ਼ਕਤੀ ਕਿਵੇਂ ਮੁੱਢਲੇ ਸਿਹਤ ਸੰਭਾਲ ਢਾਂਚੇ ਦੀ ਕਾਇਆਕਲਪ ਲਈ ਸਹਾਈ, ਪ੍ਰਾਈਵੇਟ ਖ਼ੇਤਰ ਨਾਲ ਸਹਿਯੋਗ ਤੇ ਸੁਧਾਰਾਂ ਲਈ ਸਪੱਸ਼ਟ ਵਿਆਖਿਆ ਨੂੰ ਦਰਸਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਸੰਮੇਲਨ ਦੇ ਭਾਈਵਾਲ ਮੁਲਕਾਂ ਨੇ ਇੱਛਾ ਜਤਾਈ ਕਿ ਉਹ ਪੰਜਾਬ ਆ ਕੇ ਆਮ ਆਦਮੀ ਕਲੀਨਿਕ ਦੇਖਣ ਦੇ ਇੱਛੁਕ ਹਨ ਅਤੇ ਉਹ ਇਹ ਗੱਲ ਸਮਝਣੀ ਚਾਹੁੰਦੇ ਹਨ ਕਿ ਕਿਵੇਂ ਮਰੀਜ਼ਾਂ ਨੂੰ ਬਿਨਾਂ ਕਿਸੇ ਖ਼ਰਚ ਦੇ ਉਨ੍ਹਾਂ ਦੇ ਘਰਾਂ ਦੇ ਨੇੜੇ 84 ਦਵਾਈਆਂ ਤੇ 40 ਕਲੀਨਿਕਲ ਟੈਸਟ ਕੀਤੇ ਜਾਂਦੇ ਹਨ।

ਉਨ੍ਹਾਂ ਕਿਹਾ ਕਿ ਭਾਈਵਾਲ ਮੁਲਕ ਇਸ ਗੱਲੋਂ ਵੀ ਹੈਰਾਨ ਸਨ ਕਿ ਸਾਰੇ ਆਮ ਆਦਮੀ ਕਲੀਨਿਕ ਆਈਟੀ ਨਾਲ ਲੈਸ ਹਨ ਅਤੇ ਰਜਿਸਟਰੇਸ਼ਨ, ਡਾਕਟਰ ਦੀ ਸਲਾਹ, ਟੈਸਟ ਤੇ ਦਵਾਈਆਂ ਪੂਰੀ ਤਰ੍ਹਾਂ ਡਿਜੀਟਾਈਜ਼ਡ ਹਨ। ਉਨ੍ਹਾਂ ਕਿਹਾ ਕਿ ਇਸ ਮਾਨਤਾ ਨੇ ਸੂਬੇ ਦੇ ਲੋਕਾਂ ਦੀ ਹੋਰ ਸਮਰਪਣ ਨਾਲ ਸੇਵਾ ਕਰਨ ਦਾ ਜਜ਼ਬਾ ਭਰਿਆ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਅਜਿਹੀਆਂ ਹੋਰ ਕੋਸ਼ਿਸ਼ਾਂ ਕੀਤੀਆਂ ਜਾਣਗੀਆਂ ਤਾਂ ਕਿ ਇਨ੍ਹਾਂ ਲੋਕ-ਪੱਖੀ ਪਹਿਲਕਦਮੀਆਂ ਨਾਲ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਣਾ ਯਕੀਨੀ ਬਣੇ।

ਹਾਈਕੋਰਟ ਅੰਦਰ ਸਿੱਖ ਵਕੀਲਾਂ ਦੀ ਜੱਜ ਵਜੋਂ ਨਿਯੁਕਤੀ ਰੋਕਣਾ ਸਿੱਖਾਂ ਨਾਲ ਵਿਤਕਰਾ : ਧਾਮੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਰਤ ਸਰਕਾਰ ਵੱਲੋਂ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਜੱਜਾਂ ਦੀ ਨਿਯੁਕਤੀ ਮੌਕੇ ਸੁਪਰੀਮ ਕੋਰਟ ਦੀਆਂ ਸਿਫ਼ਾਰਸ਼ਾਂ ਵਿੱਚੋਂ ਦੋ ਸਿੱਖ ਉਮੀਦਵਾਰ ਵਕੀਲਾਂ ਨੂੰ ਬਾਹਰ ਕਰਨ ਦੀ ਕਰੜੀ ਨਿੰਦਾ ਕੀਤੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਨੂੰ ਸਿੱਖਾਂ ਨਾਲ ਵਿਤਕਰਾ ਕਰਾਰ ਦਿੰਦਿਆਂ ਆਖਿਆ ਕਿ ਕੇਂਦਰ ਸਰਕਾਰ ਦੋਵਾਂ ਸਿੱਖ ਜੱਜਾਂ ਦੀ ਨਿਯੁਕਤੀ ਤੁਰੰਤ ਕਰੇ। ਜਾਰੀ ਬਿਆਨ ਵਿਚ ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਇਸ ਮਾਮਲੇ 'ਤੇ ਸਖ਼ਤ ਟਿੱਪਣੀ ਕਰਨੀ ਕੇਂਦਰ ਸਰਕਾਰ ਨੂੰ ਕਟਹਿਰੇ ਵਿਚ ਖੜ੍ਹਾ ਕਰਦੀ ਹੈ। ਐਡਵੋਕੇਟ ਧਾਮੀ ਨੇ ਕੇਂਦਰ ਸਰਕਾਰ ਨੂੰ ਸਵਾਲ ਕੀਤਾ ਕਿ ਉਹ ਇਹ ਸਪੱਸ਼ਟ ਕਰੇ ਕਿ ਸੀਨੀਅਰ ਸਿੱਖ ਵਕੀਲਾਂ ਨੂੰ ਕਿਸ ਨੀਤੀ ਤਹਿਤ ਬਾਹਰ ਰੱਖਿਆ ਗਿਆ ਹੈ, ਜਦਕਿ ਪੰਜਾਂ ਵਿੱਚੋਂ ਬਾਕੀ ਤਿੰਨਾਂ ਦੀ ਨਿਯੁਕਤੀ ਕਰ ਦਿੱਤੀ ਗਈ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖਾਂ ਨੇ ਦੇਸ਼ ਲਈ ਮੋਹਰੀ ਹੋ ਕੇ ਹਮੇਸ਼ਾ ਯੋਗਦਾਨ ਪਾਇਆ ਹੈ, ਪਰ ਉਨ੍ਹਾਂ ਦੇ ਹੱਕਾਂ ਨੂੰ ਅਕਸਰ ਦਬਾਉਣ ਦੀ ਖ਼ਬਰਾਂ ਆਉਂਦੀਆਂ ਹਨ। ਪਹਿਲਾਂ ਹੀ ਦੇਸ਼ ਅੰਦਰ ਸਿੱਖ ਘੱਟਗਿਣਤੀ ਵਿਚ ਹਨ ਅਤੇ ਜੇਕਰ ਉਨ੍ਹਾਂ ਨਾਲ ਪੱਖਪਾਤੀ ਰਵੱਈਆ ਸਰਕਾਰਾਂ ਦੀ ਨੀਤੀ ਬਣਦਾ ਹੈ ਤਾਂ ਇਸ ਤੋਂ ਵੱਡਾ ਹੋਰ ਅਨਿਆਂ ਨਹੀਂ ਹੋ ਸਕਦਾ। ਉਨ੍ਹਾਂ ਸੁਪਰੀਮ ਕੋਰਟ ਵੱਲੋਂ ਕੇਂਦਰ ਸਰਕਾਰ ਨੂੰ ਦੋ ਸਿੱਖ ਵਕੀਲਾਂ ਦੀ ਜੱਜਾਂ ਵਜੋਂ ਨਿਯੁਕਤੀ ਨਾ ਕਰਨ 'ਤੇ ਸਵਾਲ ਕਰਨ ਦੀ ਸ਼ਲਾਘਾ ਵੀ ਕੀਤੀ।

ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਇਹ ਕਦੇ ਨਹੀਂ ਭੁੱਲਣਾ ਚਾਹੀਦਾ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਅੰਦਰ ਵਿਸ਼ੇਸ਼ ਤੌਰ 'ਤੇ ਸਿੱਖ ਜੱਜਾਂ ਦੀ ਨਿਯੁਕਤੀ ਨੂੰ ਪਹਿਲ ਦੇਣੀ ਚਾਹੀਦੀ ਹੈ, ਕਿਉਂਕਿ ਇਨ੍ਹਾਂ ਦੋਵਾਂ ਸੂਬਿਆਂ ਵਿਚ ਦੇਸ਼ ਦੇ ਬਾਕੀ ਹਿੱਸਿਆਂ ਨਾਲੋਂ ਸਿੱਖਾਂ ਦੀ ਗਿਣਤੀ ਵੱਧ ਹੈ। ਜੇਕਰ ਪੰਜਾਬ ਅਤੇ ਹਰਿਆਣਾ ਹਾਈਕੋਰਟ ਅੰਦਰ ਸਿੱਖ ਜੱਜ ਕਾਰਜਸ਼ੀਲ ਹੁੰਦੇ ਹਨ ਤਾਂ ਇਸ ਖਿੱਤੇ ਅਤੇ ਲੋਕਾਂ ਦੇ ਮਸਲਿਆਂ ਦਾ ਸਰਲੀਕਰਨ ਚੰਗੇ ਢੰਗ ਨਾਲ ਹੋਵੇਗਾ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਜੱਜਾਂ ਦੀ ਨਿਯੁਕਤੀ ਸਬੰਧੀ ਸੁਪਰੀਮ ਕੋਰਟ ਦੀਆਂ ਸਿਫ਼ਾਰਸ਼ਾਂ ਨੂੰ ਹੂਬਹੂ ਲਾਗੂ ਕਰਕੇ ਸੀਨੀਅਰ ਸਿੱਖ ਵਕੀਲ ਸ. ਹਰਮੀਤ ਸਿੰਘ ਗਰੇਵਾਲ ਅਤੇ ਸ. ਦੀਪਿੰਦਰ ਸਿੰਘ ਨਲਵਾ ਦੀ ਨਿਯੁਕਤੀ ਕੀਤੀ ਜਾਵੇ।

ਖਾਲਸਾ ਕਾਲਜ ਵਿਖੇ 'ਸਾਹਿਤ ਕੁਇਜ਼' ਪ੍ਰੋਗਰਾਮ ਆਯੋਜਿਤ

* ਸਾਹਿਤਕ ਗਤੀਵਿਧੀਆਂ ਮਨੁੱਖੀ ਰੂਹ ਦੀ ਖੁਰਾਕ ਹਨ: ਪ੍ਰਿੰ. ਡਾ. ਮਹਿਲ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਖਾਲਸਾ ਕਾਲਜ ਦੇ ਪੋਸਟ ਗ੍ਰੈਜੂਏਟ ਅੰਗਰੇਜ਼ੀ ਵਿਭਾਗ ਵੱਲੋਂ ਲਿਟਰੇਰੀ ਕੁਇਜ਼ ਪ੍ਰੋਗਰਾਮ ਕਰਵਾਇਆ ਗਿਆ ਜਿਸ 'ਚ ਮੁੱਖ ਮਹਿਮਾਨ ਵਜੋਂ ਕਾਲਜ ਦੇ ਪ੍ਰਿੰ. ਡਾ. ਮਹਿਲ ਸਿੰਘ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਆਗਾਜ਼ ਸ਼ਬਦ ਉਚਾਰਨ ਨਾਲ ਕੀਤਾ ਗਿਆ।

ਉਪਰੰਤ ਪ੍ਰਿੰ: ਡਾ. ਮਹਿਲ ਸਿੰਘ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਦੱਸਿਆ ਕਿ ਵਿੱਦਿਆ ਦਾ ਅਸਲ ਮੰਤਵ ਤਦ ਹੀ ਪੂਰਾ ਹੁੰਦਾ ਹੈ, ਜਦ ਵਿਦਿਆਰਥੀ ਕਲਾਸਰੂਮ ਤੋਂ ਪ੍ਰਾਪਤ ਵਿੱਦਿਆ ਨੂੰ ਅਮਲੀ ਰੂਪ 'ਚ ਜ਼ਿੰਦਗੀ 'ਚ ਅਪਨਾਉਂਦੇ ਹਨ। ਉਨ੍ਹਾਂ ਕਿਹਾ ਕਿ ਸਾਹਿਤਕ ਮੁਕਾਬਲੇ ਪ੍ਰੀਖਿਆਂ ਤੋਂ ਪਹਿਲਾਂ ਦੀ ਪ੍ਰੀਖਿਆ ਸਾਬਤ ਹੁੰਦੀ ਹੈ। ਸਾਹਿਤਕ ਗਤੀਵਿਧੀਆਂ ਮਨੁੱਖੀ ਰੂਹ ਦੀ ਖੁਰਾਕ ਹਨ। ਇਸ ਲਈ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਇਸ 'ਚ ਭਾਗ ਲੈਣਾ ਚਾਹੀਦਾ ਹੈ।

ਇਸ ਮੌਕੇ ਵਿਭਾਗ ਮੁੱਖੀ ਪ੍ਰੋ: ਸੁਪਨਿੰਦਰਜੀਤ ਕੌਰ ਨੇ ਸਹਿਪਾਠੀ ਗਤੀਵਿਧੀਆਂ ਨੂੰ ਇਕ ਵਿਸ਼ੇਸ਼ ਮੌਕਾ ਦੱਸਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਇਨ੍ਹਾਂ 'ਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ, ਕਿਉਂਕਿ ਇਹ ਉਨ੍ਹਾਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਹੀ ਉਪਯੋਗੀ ਸਾਬਿਤ ਹੁੰਦੀਆਂ ਹਨ ਅਤੇ ਉਨ੍ਹਾਂ 'ਚ ਸਵੈ-ਭਰੋਸਾ ਤੇ ਉਤਸ਼ਾਹ ਭਰਦੀਆਂ ਹਨ। ਇਸ ਮੌਕੇ ਬੀ. ਏ. (ਆਨਰਜ਼) ਅੰਗਰੇਜ਼ੀ ਭਾਗ ਪਹਿਲਾ, ਦੂਜਾ ਅਤੇ ਤੀਜਾ ਅਤੇ ਐਮ. ਏ. ਭਾਗ ਪਹਿਲਾ, ਦੂਜਾ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਪ੍ਰੋਗਰਾਮ 'ਚ ਪ੍ਰੋ: ਗੁਰਪ੍ਰੀਤ ਸਿੰਘ ਨੇ ਕੁਇਜ਼ ਮਾਸਟਰ ਦੀ ਭੂਮਿਕਾ ਨਿਭਾਈ। ਇਸ ਮੌਕੇ ਪ੍ਰਿੰ: ਡਾ. ਮਹਿਲ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟਾਂ ਨਾਲ ਸਨਮਾਨਿਤ ਵੀ ਕੀਤਾ। ਪ੍ਰੋਗਰਾਮ ਦੇ ਅੰਤ 'ਚ ਪ੍ਰੋ: ਪ੍ਰਨੀਤ ਕੌਰ ਢਿੱਲੋਂ ਨੇ ਪ੍ਰਿੰ: ਡਾ. ਮਹਿਲ ਸਿੰਘ ਦੀ ਰੁਹਿਨੁਮਾਈ ਅਤੇ ਵਿਭਾਗ ਮੁੱਖੀ ਦੇ ਅਣਥੱਕ ਯਤਨਾਂ ਲਈ ਧੰਨਵਾਦ ਕੀਤਾ। ਇਸ ਮੌਕੇ ਮੰਚ ਦਾ ਸੰਚਾਲਨ ਤੰਮਨਾ ਧੰਨਾ ਅਤੇ ਹਰਅਸੀਸ ਸਿੰਘ ਨੇ ਬਹੁਤ ਸੁਚੱਜੇ ਢੰਗ ਨਾਲ ਕੀਤਾ।

ਇਸ ਦੌਰਾਨ ਡਾ. ਸਾਂਵਤ ਸਿੰਘ ਮੰਟੋ, ਡਾ. ਮਮਤਾ ਮਹਿੰਦਰੂ, ਪ੍ਰੋ: ਵਿਜੈ ਬਰਨਾਡ, ਡਾ. ਜਸਵਿੰਦਰ ਕੌਰ, ਪ੍ਰੋ: ਪੂਜਾ ਕਾਲੀਆ, ਪ੍ਰੋ: ਗੁਰਪ੍ਰੀਤ ਸਿੰਘ, ਪ੍ਰੋ: ਹਰਸ਼ ਸਲਾਰੀਆ, ਪ੍ਰੋ: ਐੱਮ. ਪੀ. ਮਸੀਹ, ਪ੍ਰੋ: ਹਰਮਨਪ੍ਰੀਤ ਸਿੰਘ, ਪ੍ਰੋ: ਮਹਿਕਦੀਪ ਕੌਰ, ਪ੍ਰੋ: ਅਮਨਪ੍ਰੀਤ ਕੌਰ, ਪ੍ਰੋ: ਵਿਮਲਜੀਤ ਕੌਰ ਅਤੇ ਹੋਰ ਅਧਿਆਪਕ ਹਾਜ਼ਰ ਸਨ।

ਭੱਠਾ ਮਜ਼ਦੂਰਾਂ ਦੀ ਅਣਮਿਥੇ ਸਮੇਂ ਲਈ ਹੜਤਾਲ ਅੱਜ ਤੋਂ

ਪਠਾਨਕੋਟ (ਦਵਿੰਦਰ ਸਿੰਘ)-ਪਿਛਲੇ ਪੰਜ ਮਹੀਨਿਆਂ ਤੋਂ ਜ਼ਿਲ੍ਹਾ ਪ੍ਰਸ਼ਾਸਨ ਭੱਠਾ ਮਜ਼ਦੂਰਾਂ ਦੀ ਸੁਣਵਾਈ ਨਹੀਂ ਕਰ ਰਿਹਾ। ਮਾਨ ਸਰਕਾਰ ਦਾ ਮਜ਼ਦੂਰ ਵਿਰੋਧੀ ਚਿਹਰਾ ਲਗਾਤਾਰ ਬੇਨਕਾਬ ਹੁੰਦਾ ਜਾ ਰਿਹਾ ਹੈ। ਘੱਟ ਮਜ਼ਦੂਰੀ ਦੇਣ ਵਾਲੇ ਭੱਠਾ ਮਾਲਕਾਂ ਦੇ ਭੱਠਿਆਂ ਉਪਰ 22 ਨਵੰਬਰ ਤੋਂ ਕੱਚੀਆਂ ਇੱਟਾਂ ਬਣਾਉਣ ਵਾਲੇ ਪਥੇਰ ਕਿਰਤੀਆਂ ਵਲੋਂ ਹੜਤਾਲ ਕਰਕੇ ਗਰਮੀ ਦੇ ਸੀਜ਼ਨ ਦੀ ਬਕਾਇਆ ਮਜ਼ਦੂਰੀ ਲੈਣ ਤੱਕ ਅਣਮਿੱਥੇ ਸਮੇਂ ਲਈ ਹੜਤਾਲ ਜਾਰੀ ਰਹੇਗੀ। ਅੱਜ ਜੰਗਲਾਂ ਭਵਾਨੀ ਏਰੀਏ ਦੇ ਵੱਖ-ਵੱਖ ਭੱਠਿਆਂ ਉਪਰ ਹੜਤਾਲ ਲਈ ਮਜ਼ਦੂਰਾਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ। ਲਾਲ ਝੰਡਾ ਪੰਜਾਬ ਲੇਬਰ ਯੂਨੀਅਨ ਦੇ ਆਗੂਆਂ ਕਾਮਰੇਡ ਸ਼ਿਵ ਕੁਮਾਰ, ਜਸਵੰਤ ਸਿੰਘ ਬੁੱਟਰ, ਦਰਸ਼ਨ ਸਿੰਘ ਅਖਰੋਟਾ ਅਤੇ ਮਨਹਰਨ ਨੇ ਦੱਸਿਆ ਕਿ ਘੱਟ ਮਜ਼ਦੂਰੀ ਦੇਣ ਵਾਲੇ ਭੱਠਾ ਮਾਲਕਾਂ ਖਿਲਾਫ ਮਜ਼ਦੂਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਪੈਨਸ਼ਨਰ ਦਿਹਾੜਾ ਮਨਾਉਣ ਸਬੰਧੀ ਸਮਾਗਮ 19 ਦਸੰਬਰ ਨੂੰ

* ਕਰਮ ਸਿੰਘ ਧਨੋਆ ਪੰਜਾਬ ਪ੍ਰਧਾਨ ਤੇ ਕੁਲਵਰਨ ਸਿੰਘ ਜਨਰਲ ਸਕੱਤਰ ਵੀ ਕਰਨਗੇ ਸ਼ਿਰਕਤ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਇਕੱਤਰਤਾ ਜ਼ਿਲ੍ਹਾ ਪ੍ਰਧਾਨ ਜਵੰਦ ਸਿੰਘ ਦੀ ਪ੍ਰਧਾਨਗੀ ਹੇਠ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਭਵਨ ਗੁਰਦਾਸਪੁਰ ਵਿਖੇ ਹੋਈ। ਇਸ ਇਕੱਤਰਤਾ ਦੌਰਾਨ ਇਸ ਸਾਲ ਪੈਨਸ਼ਨਰ ਦਿਹਾੜਾ 19 ਦਸੰਬਰ ਦਿਨ ਮੰਗਲਵਾਰ ਨੂੰ ਚੰਦਨ ਪੈਲੇਸ

22-Nov-PAGE-12.qxd 11/21/2023 11:00 PM Page 1

ਜਨਮ ਦਿਨ ਮੁਬਾਰਕ

ਕਾਵਿਆਸ਼ ਸਹੋਤਾ
ਗੜਦੀਵਾਲਾ

ਵਰ੍ਹੇਗੰਢ ਮੁਬਾਰਕ

ਰੋਹਿਤ ਭਾਰਦਵਾਜ ਅਤੇ ਸ਼ਿਵਾਨੀ ਭਾਰਦਵਾਜ ਵਾਸੀ ਕਲਾਨੌਰ ਨੇ ਆਪਣੇ ਵਿਆਹ ਦੀ 12ਵੀਂ ਵਰ੍ਹੇਗੰਢ ਮਨਾਈ

ਸਿਹਤ ਮੰਤਰੀ ਵੱਲੋਂ ਕੇਂਦਰ ਸਰਕਾਰ ਨੂੰ ਆਯੁਸ਼ਮਾਨ ਫੰਡ ਦੇ 621 ਕਰੋੜ ਰੁਪਏ ਜਾਰੀ ਕਰਨ ਦੀ ਅਪੀਲ

ਚੰਡੀਗੜ੍ਹ, (ਗੁਰਜੀਤ ਬਿੱਲਾ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਹੈਲਥਕੇਅਰ ਮਾਡਲ 'ਆਮ ਆਦਮੀ ਕਲੀਨਿਕਸ' ਨੂੰ ਅੰਤਰਰਾਸ਼ਟਰੀ ਮਾਨਤਾ ਮਿਲਣਾ ਭਾਰਤ ਵਾਸਤੇ ਮਾਣਮੱਤੀ ਗੱਲ ਦੱਸਦਿਆਂ ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਇੱਕ ਵਾਰ ਫਿਰ ਕੇਂਦਰ ਸਰਕਾਰ ਨੂੰ ਹੁਣ ਤੱਕ ਇਕੱਠੇ ਹੋ ਚੁੱਕੇ 621 ਕਰੋੜ ਰੁਪਏ ਦੇ ਆਯੂਸ਼ਮਾਨ ਫੰਡ ਜਾਰੀ ਕਰਨ ਦੀ ਅਪੀਲ ਕੀਤੀ। ਜ਼ਿਕਰਯੋਗ ਹੈ ਕਿ ਕੇਂਦਰ ਸਰਕਾਰ ਨੇ ਦਸੰਬਰ 2022 ਤੋਂ ਆਯੂਸ਼ਮਾਨ ਸਕੀਮ ਤਹਿਤ ਪੰਜਾਬ ਸੂਬੇ ਨੂੰ ਗ੍ਰਾਂਟਾਂ ਜਾਰੀ ਕਰਨੀਆਂ ਬੰਦ ਕਰ ਦਿੱਤੀਆਂ ਹਨ। ਜ਼ਿਕਰਯੋਗ ਹੈ ਕਿ ਸਿਹਤ ਤੇ ਪਰਵਾਰ ਭਲਾਈ ਵਿਭਾਗ ਪੰਜਾਬ ਨੇ 14 ਤੋਂ 16 ਨਵੰਬਰ ਤੱਕ ਨੈਰੋਬੀ ਵਿਖੇ ਹੋਏ ਗਲੋਬਲ ਹੈਲਥ ਸਪਲਾਈ ਚੇਨ ਸਮਿਟ ਵਿੱਚ "ਸਟਰੇਂਥਨਿੰਗ ਲਾਸਟ ਮੀਲ ਡਿਲੀਵਰੀ ਆਫ਼ ਡਰੱਗਜ: ਏ ਕੇਸ ਸਟੱਡੀ ਫਰੋਮ ਪੰਜਾਬ" ਸਿਰਲੇਖ ਦੀ ਪੇਸ਼ਕਾਰੀ ਲਈ ਪਹਿਲਾ ਇਨਾਮ ਹਾਸਲ ਕੀਤਾ ਹੈ। ਇਸ ਸੰਮੇਲਨ ਵਿੱਚ ਹਿੱਸਾ ਲੈਣ ਵਾਲੇ ਕੁੱਲ 85 ਦੇਸ਼ਾਂ ਵਿੱਚੋਂ, ਘੱਟੋ-ਘੱਟ 40 ਦੇਸ਼ਾਂ ਨੇ ਆਮ ਆਦਮੀ ਕਲੀਨਿਕਾਂ ਨੂੰ ਦੇਖਣ ਅਤੇ ਇਹ ਸਮਝਣ ਲਈ ਪੰਜਾਬ ਦਾ ਦੌਰਾ ਕਰਨ ਵਿੱਚ ਡੂੰਘੀ ਦਿਲਚਸਪੀ ਦਿਖਾਈ ਹੈ ਕਿ ਕਿਵੇਂ 84 ਜਰੂਰੀ ਦਵਾਈਆਂ ਅਤੇ 40 ਤੋਂ ਵੱਧ ਮੈਡੀਕਲ ਟੈਸਟ ਮਰੀਜਾਂ ਦੇ ਘਰਾਂ ਦੇ ਨੇੜੇ ਉਹਨਾਂ ਨੂੰ ਮੁਫ਼ਤ ਉਪਲਬਧ ਕਰਵਾਏ ਜਾ ਰਹੇ ਹਨ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਜੇਕਰ 40 ਦੇਸਾਂ ਦੇ ਨੁਮਾਇੰਦੇ ਸਾਡੇ ਸਿਹਤ ਸੰਭਾਲ ਮਾਡਲ ਨੂੰ ਆਪਣੇ ਦੇਸ਼ਾਂ ਵਿੱਚ ਅਪਣਾਉਣ ਲਈ ਇੱਥੇ ਆਉਣਾ ਚਾਹੁੰਦੇ ਹਨ, ਤਾਂ ਕੇਂਦਰ ਸਰਕਾਰ ਨੂੰ ਵੀ ਸਾਡਾ ਸਮਰਥਨ ਕਰਨਾ ਚਾਹੀਦਾ ਹੈ ਅਤੇ ਲੋਕਾਂ ਦੀ ਭਲਾਈ ਲਈ ਫੰਡ ਜਾਰੀ ਕਰਨੇ ਚਾਹੀਦੇ ਹਨ। ਉਹਨਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਆਮ ਆਦਮੀ ਕਲੀਨਿਕਾਂ ਨੂੰ ਸੂਬਾ ਸਕੀਮ ਵਜੋਂ ਵਿਚਾਰਨ ਲਈ ਕੇਂਦਰ ਸਰਕਾਰ ਨੂੰ ਪੱਤਰ ਵੀ ਲਿਖਿਆ ਹੈ, ਜਿਸ ਵਿੱਚ ਇਹ ਭਰੋਸਾ ਦਿੱਤਾ ਹੈ ਕਿ ਸੂਬਾ ਸਰਕਾਰ ਇਸ ਸਕੀਮ ਲਈ ਆਯੂਸ਼ਮਾਨ ਫੰਡਾਂ ਦੀ ਵਰਤੋਂ ਨਹੀਂ ਕਰੇਗੀ। ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚ ਸਿਹਤ ਸਹੂਲਤਾਂ ਨੂੰ ਅਪਗ੍ਰੇਡ ਕਰਨ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਕਿਹਾ, "ਸਾਡੇ ਮੁੱਖ ਮੰਤਰੀ ਸਾਬ ਨੇ ਮੈਨੂੰ ਹਮੇਸਾ ਫੰਡਾਂ ਦੀ ਚਿੰਤਾ ਨਾ ਕਰਨ ਅਤੇ ਸਿਹਤ ਸੰਭਾਲ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ 'ਤੇ ਧਿਆਨ ਦੇਣ ਅਤੇ ਇਹ ਯਕੀਨੀ ਬਣਾਉਣ ਲਈ ਕਿਹਾ ਹੈ ਕਿ ਕਿਸੇ ਨੂੰ ਵੀ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਕਰਵਾਉਣ ਲਈ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।" ਉਨ੍ਹਾਂ ਕਿਹਾ ਕਿ 100 ਹੋਰ ਆਮ ਆਦਮੀ ਕਲੀਨਿਕ ਲੋਕਾਂ ਲਈ ਖੋਲ੍ਹੇ ਜਾਣ ਲਈ ਤਿਆਰ ਹਨ, ਜਦਕਿ ਮੁੱਖ ਮੰਤਰੀ ਨੇ ਹੁਸ਼ਿਆਰਪੁਰ, ਪਠਾਨਕੋਟ ਅਤੇ ਗੁਰਦਾਸਪੁਰ ਸਮੇਤ ਸਿਹਤ ਸੁਵਿਧਾਵਾਂ ਤੋਂ ਵਾਂਝੇ ਕੰਢੀ ਖੇਤਰਾਂ ਵਿੱਚ 70 ਹੋਰ ਆਮ ਆਦਮੀ ਕਲੀਨਿਕ ਸਥਾਪਤ ਕਰਨ ਨੂੰ ਹਰੀ ਝੰਡੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਿਹਤ ਸਹੂਲਤਾਂ 'ਤੇ ਦਵਾਈਆਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਨੇ ਦਵਾਈਆਂ ਖਰੀਦਣ ਦੀ ਵੀ ਪ੍ਰਵਾਨਗੀ ਦੇ ਦਿੱਤੀ ਹੈ ਅਤੇ ਇਸ ਨਾਲ ਕਿਸੇ ਨੂੰ ਵੀ ਪ੍ਰਾਈਵੇਟ ਫਾਰਮੇਸੀਆਂ ਤੋਂ ਦਵਾਈਆਂ ਨਹੀਂ ਖਰੀਦਣੀਆਂ ਪੈਣਗੀਆਂ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ, ਸਬ-ਡਵੀਜਨਲ ਹਸਪਤਾਲ ਅਤੇ ਕਮਿਊਨਿਟੀ ਹੈਲਥ ਸੈਂਟਰਾਂ (ਸੀ.ਐਚ.ਸੀ.) ਸਮੇਤ ਲਗਭਗ 40 ਸੈਕੰਡਰੀ ਕੇਅਰ ਸਿਹਤ ਸਹੂਲਤਾਂ ਨੂੰ ਅਪਗ੍ਰੇਡ ਕਰਨ ਲਈ 550 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਸਾਰੇ ਹਸਪਤਾਲਾਂ ਦੀਆਂ ਅਪਗ੍ਰੇਡ ਕੀਤੀਆਂ ਇਮਾਰਤਾਂ ਅਤਿ-ਆਧੁਨਿਕ ਮੈਡੀਕਲ ਸਹੂਲਤਾਂ ਨਾਲ ਲੈਸ ਹੋਣਗੀਆਂ ਜਿਨ੍ਹਾਂ ਵਿੱਚ ਇੰਟੈਂਸਿਵ ਕੇਅਰ ਯੂਨਿਟ (ਆਈਸੀਯੂ), ਵੈਂਟੀਲੇਟਰ, ਐਕਸ-ਰੇ, ਅਲਟਰਾਸਾਊਂਡ ਆਦਿ ਉਪਲਬਧ ਹੋਣਗੇ ਅਤੇ ਲੋਕਾਂ ਨੂੰ ਵਿਸਵ ਪੱਧਰੀ ਸਿਹਤ ਸਹੂਲਤਾਂ ਲਈ ਪ੍ਰਾਈਵੇਟ ਹਸਪਤਾਲਾਂ ਵਿੱਚ ਨਹੀਂ ਜਾਣਾ ਪਵੇਗਾ। ਜ਼ਿਕਰਯੋਗ ਹੈ ਕਿ ਸੂਬੇ ਵਿੱਚ ਕੁੱਲ 664 ਆਮ ਆਦਮੀ ਕਲੀਨਿਕ ਹਨ ਜਿਹਨਾਂ ਵਿੱਚੋਂ ਸ਼ਹਿਰੀ ਖੇਤਰਾਂ ਵਿੱਚ 236 ਅਤੇ ਗ੍ਰਾਮੀਣ ਖੇਤਰਾਂ ਵਿੱਚ 428 ਕਲੀਨਿਕ ਕਾਰਜਸ਼ੀਲ ਹਨ ਅਤੇ ਇਹ ਸਾਰੇ ਰਜਿਸਟ੍ਰੇਸ਼ਨ, ਡਾਕਟਰੀ ਸਲਾਹ-ਮਸਵਰੇ, ਜਾਂਚ ਅਤੇ ਇਲਾਜ ਮੁਹੱਈਆ ਕਰਵਾਉਣ ਲਈ ਡਿਜੀਟਾਈਜੇਸ਼ਨ ਨਾਲ ਆਈ.ਟੀ. ਤੋਂ ਸਮਰੱਥ ਹਨ। ਇਸ ਦੇ ਨਤੀਜੇ ਵਜੋਂ ਮਰੀਜ ਨੂੰ ਰਜਿਸਟ੍ਰੇਸ਼ਨ ਤੋਂ ਲੈ ਕੇ ਇਲਾਜ ਲੈਣ ਤੱਕ ਦਾ ਸਮਾਂ ਕਾਫੀ ਘੱਟ ਗਿਆ ਹੈ। ਇਨ੍ਹਾਂ ਕਲੀਨਿਕਾਂ 'ਤੇ ਹੁਣ ਤੱਕ 70 ਲੱਖ ਤੋਂ ਵੱਧ ਮਰੀਜ ਮੁਫ਼ਤ ਇਲਾਜ ਦਾ ਲਾਭ ਲੈ ਚੁੱਕੇ ਹਨ।

12ਵੀਂ ਖੇਡ ਪਤੀਯੋਗਤਾ ਦਾ ਆਰਾਜ਼

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਇਥੇ ਸਕੈਨ ਸੰਸਥਾ ਦੁਆਰਾ 12ਵੀਂ ਖੇਡ ਪ੍ਰਤੀਯੋਗਤਾ ਦਾ ਆਰਾਜ਼ ਕੀਤਾ ਗਿਆ। ਜਿਸ ਵਿੱਚ ਵੱਖ-ਵੱਖ ਸਕੂਲਾਂ ਨੇ ਹਿੱਸਾ ਲਿਆ। ਸ਼ਿਵਾ ਪਬਲਿਕ ਸਕੂਲ ਦੁਆਰਾ ਜ਼ੋਰਦਾਰ ਗਿੱਧੇ ਦਾ ਪ੍ਰਦਰਸ਼ਨ ਕੀਤਾ ਗਿਆ। ਸਕੈਨ ਸੰਸਥਾ ਵੱਲੋਂ ਬੱਚਿਆਂ ਨੂੰ ਵਿਸ਼ੇਸ਼ ਸਨਮਾਨ ਵਜੋਂ ਟਰਾਫੀ ਦਿੱਤੀ ਗਈ। ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਸੁਮਨ ਪਾਠਕ ਨੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਉਤਸ਼ਾਹਿਤ ਕੀਤਾ।

ਬਿਜ਼ਨਸ ਬਲਾਸਟਰ ਸਕੀਮ ਤਹਿਤ ਵਿਦਿਆਰਥੀਆਂ ਨੇ ਸਟਾਲ ਲਗਾਏ

ਨੂਰਪੁਰ ਬੇਦੀ, (ਸੁਰਜੀਤ ਸਿੰਘ ਕਾਹਲੋਂ)

ਪੰਜਾਬ ਸਰਕਾਰ ਵਲੋਂ ਵਿਦਿਆਰਥੀਆਂ ਨੂੰ ਹੱਥੀਂ ਕੰਮ ਦੇ ਹੁਨਰ ਨੂੰ ਉਤਸਾਹਿਤ ਕਰਨ ਲਈ ਸਕੂਲਾਂ ਵਿੱਚ ਬਿਜਨਸ ਬਲਾਸਟਰ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ ਜਿਸ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲ) ਨੂਰਪੁਰ ਬੇਦੀ ਵਿਖੇ ਵਿਦਿਆਰਥੀਆਂ ਨੇ ਸਟਾਲ ਲਗਾਕੇ ਭਾਰੀ ਉਤਸ਼ਾਹ ਦਿਖਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਮੈਡਮ ਸੋਨੀਆ ਵਲੋਂ ਵਿਦਿਆਰਥੀਆਂ ਨੂੰ ਕਿਹਾ ਕਿ ਸਰਕਾਰ ਵਲੋਂ ਚਲਾਈ ਜਾ ਰਹੀ ਇਹ ਸਕੀਮ ਸ਼ਲਾਘਾਯੋਗ ਹੈ ਇਸ ਨਾਲ ਵਿਦਿਆਰਥੀਆਂ ਅੰਦਰ ਕੰਮ ਕਰਨ ਦੀ ਜਿਥੇ ਪ੍ਰੇਰਨਾ ਮਿਲਦੀ ਹੈ ਉਥੇ ਇਹ ਰੋਜੀ ਰੋਟੀ ਦਾ ਸਾਧਨ ਬਣਦਾ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀ ਹੱਥੀਂ ਕੰਮ ਕਰਨ ਦੀ ਰੁਚੀ ਨਾਲ ਆਪਣੇ ਆਉਣ ਵਾਲੇ ਸਮੇਂ ਵਿੱਚ ਬੁਲੰਦੀਆਂ ਨੂੰ ਛੂਹਣਗੇ। ਇਸ ਸਮੇਂ ਵਿਦਿਆਰਥੀਆਂ ਵਲੋਂ ਪੇਂਟਿੰਗ, ਦਹੀਂ ਭੱਲੇ, ਗੋਲਗੱਪੇ,ਦੀਵੇ ਸਜਾਵਟ ਤੇ ਮੋਮਬੱਤੀਆਂ ,ਘਰ ਦੀ ਸਜਾਵਟ ਤੇ ਬਐਸਲਏਟ ਅਤੇ ਬੇਲਪੂਰੀ ਆਦਿ ਆਪਣੇ ਹੱਥਾਂ ਨਾਲ ਬਣਾਕੇ ਸਟਾਲ ਲਗਾਏ ਗਏ ਜਿਸ ਨੂੰ ਸਕੂਲ ਸਟਾਫ ਤੇ ਵਿਦਿਆਰਥੀਆਂ ਵਲੋਂ ਖਰੀਦਿਆ ਗਿਆ। ਇਹ ਸਟਾਲ ਸਰਕਾਰੀ ਹਦਾਇਤਾਂ ਅਨੁਸਾਰ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਵਲੋਂ ਲਗਾਏ ਗਏ ਜਿਸ ਦੀ ਅਗਵਾਈ ਲੈਕਚਰਾਰ ਦਰਸ਼ਨ ਸਿੰਘ, ਮੈਡਮ ਨੀਰਜ ਬਾਲਾ, ਮੈਡਮ ਗੁਰਿੰਦਰ ਕੌਰ ਅਤੇ ਮੈਡਮ ਮੇਘਨਾ ਵਲੋਂ ਕੀਤੀ ਗਈ। ਇਥੇ ਦੱਸਣਯੋਗ ਹੈ ਕਿ ਪੇਂਟਿੰਗ ਵਾਲਾ ਸਟਾਲ ਖਿੱਚ ਦਾ ਕੇਂਦਰ ਰਿਹਾ। ਇਸ ਮੌਕੇ ਅਰਜਨ ਸਿੰਘ, ਰਣਜੀਤ ਸਿੰਘ ਭੱਠਲ, ਯਸ਼ ਕਿਰਨ ਰਾਣਾ, ਧਰਮਿੰਦਰ ਲਾਇਬ੍ਰੇਰੀਅਨ, ਮੈਡਮ ਜਸਵਿੰਦਰ ਕੌਰ, ਰੁਕਮਣੀ ਬਾਂਸਲ, ਨਵਨੀਤ ਗਿੱਲ, ਮਨੀਸਾ ਵਰਮਾ, ਦਲਵਿੰਦਰ ਕੌਰ, ਜਸਵੰਤ ਕੌਰ, ਗੁਰਪਾਲ ਕੌਰ, ਰਮਨਦੀਪ ਕੌਰ ਅਤੇ ਰਜਨੀ ਬਾਲਾ ਆਦਿ ਹਾਜਰ ਸਨ।

ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦਸਵੀਂ ਦਾ ਦਿਹਾੜਾ ਅੱਜ

ਮੋਹਾਲੀ (ਗੁਰਜੀਤ ਬਿੱਲਾ)— ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਵੀਂ ਦਾ ਸ਼ੁਭ ਦਿਹਾੜਾ 22 ਨਵੰਬਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦਸਿਆ ਕਿ ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ। ਜਿਸ ਵਿੱਚ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ , ਇੰਨਟਰਨੈਸ਼ਨਲ ਪੰਥਕ ਢਾਡੀ ਜੱਥੇ ਅਤੇ ਉਚ ਕੋਟੀ ਦੇ ਪੰਥ ਪਸਿੱਧ ਪ੍ਰਚਾਰਕ ਸੰਗਤਾਂ ਨੂੰ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਣਗੇ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ।

ਭੋਰਮਜਾਰਾ ਰਾਣੂੰਆਂ ਵਿਖੇ ਸ਼ੁਕਰਾਨਾ ਸਮਾਗਮ ਕਰਵਾਏ

ਬਹਿਰਾਮ (ਅਵਤਾਰ ਕਲੇਰ)

ਅਜੋਕੇ ਸਮੇਂ ਧੀਆਂ ਅਤੇ ਪੁੱਤਰਾਂ ਵਿੱਚ ਕੋਈ ਵੀ ਅੰਤਰ ਨਹੀਂ ਕਿਉਂਕਿ ਲੜਕੀਆਂ ਵੀ ਲੜਕਿਆਂ ਦੇ ਬਰਾਬਰ ਹਰ ਖੇਤਰ ਵਿੱਚ ਤਰੱਕੀ ਦੀਆਂ ਪੁਲਾਂਘਾਂ ਪੁੱਟ ਰਹੀਆਂ ਹਨ । ਇਹਨਾਂ ਸਬਦਾਂ ਦਾ ਪ੍ਰਗਟਾਵਾ ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ ਨੇ ਪਿੰਡ ਭਰੋਮਜਾਰਾ ਵਿਖੇ ਸਰਪੰਚ ਮਨਜੀਤ ਕੌਰ ਰਾਣਾ ਵੱਲੋਂ ਆਪਣੀ ਧੋਤੀ ਅਵਨੀ ਕੌਰ ਰਾਣਾ ਦੇ ਪਹਿਲੀ ਵਾਰ ਵਿਦੇਸ਼ ਤੋਂ ਪਿੰਡ ਪਰਤਨ ਤੇ ਵਾਹਿਗੁਰੂ ਦੀ ਓਟ ਲੈਂਦੇ ਹੋਏ ਕਰਵਾਏ ਗਏ ਸ਼ੁਕਰਾਨਾ ਸਮਾਗਮ ਮੌਕੇ ਕੀਤਾ। ਇਸ ਮੌਕੇ ਪਿੰਡ ਦੇ ਨੌਜਵਾਨਾਂ ਨੇ ਸਰਪੰਚ ਮਨਜੀਤ ਕੌਰ ਵੱਲੋਂ ਪਿੰਡ 'ਚ ਕਰਵਾਏ ਗਏ ਵਿਕਾਸ ਕਾਰਜਾਂ ਲਈ ਉਹਨਾਂ ਦਾ ਸਨਮਾਨ ਚਿੰਨ ਦੇ ਕੇ ਸਨਮਾਨ ਕੀਤਾ। ਸਰਪੰਚ ਮਨਜੀਤ ਕੌਰ ਨੇ ਸਭ ਦਾ ਇੱਥੇ ਪਹੁੰਚਣ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸੇ ਤਰ੍ਹਾਂ ਸੇਵਾ ਕਰਦੇ ਹੋਏ ਪਿੰਡ ਦੇ ਵਿਕਾਸ ਕਾਰਜਾਂ 'ਚ ਆਪਣਾ ਯੋਗਦਾਨ ਪਾਉਂਦੇ ਰਹਿਣਗੇ। ਇਸ ਮੌਕੇ 'ਤੇ ਕੁਲਜੀਤ ਸਿੰਘ ਸਰਹਾਲ ਹਲਕਾ ਇੰਚਾਰਜ ਬੰਗਾ, ਸੁਖਵਿੰਦਰ ਕੁਮਾਰ ਸੁੱਖੀ ਹਲਕਾ ਵਿਧਾਇਕ, ਸੰਤ ਸੁਖਜੀਤ ਸਿੰਘ ਸੀਚੇਵਾਲ, ਸੁਖਦੀਪ ਸਿੰਘ ਸੁਕਾਰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਬੀਬੀ ਹਰਜੀਤ ਕੌਰ ਲੋਹੀਆਂ, ਰੋਬੀ ਕੰਗ ਕੁਲਥਮ, ਸਰਪੰਚ ਮਨਜੀਤ ਕੌਰ ਰਾਣਾ, ਗੁਰਦਿਆਲ ਸਿੰਘ ਰਾਣਾ, ਰਾਜਵਿੰਦਰ ਸਿੰਘ ਰਾਣਾ, ਕੁਲਵਿੰਦਰ ਕੌਰ ਰਾਣਾ, ਸਤਵੀਰ ਸਿੰਘ ਰਾਣਾ, ਹਰਵਿੰਦਰ ਕੌਰ ਰਾਣਾ, ਅਵਨੀ ਕੌਰ ਰਾਣਾ, ਅਵਤਾਰ ਸਿੰਘ ਰੰਧਾਵਾ, ਸ਼ਿੰਗਾਰਾ ਸਿੰਘ ਰਾਣਾ, ਸੁਖਵਿੰਦਰ ਰਾਣਾ, ਸਤਨਾਮ ਸਿੰਘ ਰਾਣਾ, ਜਗਤਾਰ ਸਿੰਘ ਜੈਲਦਾਰ ਅਤੇ ਪਿੰਡ ਦੇ ਪਤਵੰਤੇ ਹਾਜਰ ਸਨ।

ਫਗਵਾੜਾ-ਬੰਗਾ ਸੜਕ ਦੀ ਸਾਰ ਲਈ ਜਾਵੇ

ਮੋਹਲੀ (ਗੁਰਨਾਮ)—ਇਥੋਂ ਥੋੜੀ ਦੂਰ ਫਗਵਾੜਾ-ਬੰਗਾ ਸੜਕ ਦੀ ਹਾਲਤ ਬਹੁਤ ਖਰਾਬ ਹੈ। ਕਸਤੂਰੀ ਲਾਲ ਕੁਲਥਮ ਨੇ ਦੱਸਿਆ ਕਿ ਇਹ ਸੜਕ ਦੋ ਬਲਾਕਾਂ ਵਿੱਚ ਪੈਂਦੀ ਹੈ। ਇਸ ਸੜਕ ਉੱਤੇ ਮੋਹਲੀ ਤੋਂ ਫਗਵਾੜਾ ਤੱਕ ਵੱਡੇ ਵੱਡੇ ਟੋਏ ਪਏ ਹਨ, ਕਿਸੇ ਸਰਕਾਰ ਨੇ ਇਸਦੀ ਸਾਰ ਨਹੀਂ ਲਈ, ਕਿਸੇ ਵੇਲੇ ਵੱਡਾ ਹਾਦਸਾ ਹੋਣ ਦਾ ਡਰ ਬਣਿਆ ਰਹਿੰਦਾ ਹੈ। ਸਰਕਾਰ ਨੂੰ ਪਹਿਲ ਦੇ ਆਧਾਰ 'ਤੇ ਟੋਏ ਪੂਰਨੇ ਚਾਹੀਦੇ ਹਨ।

ਕੈਂਬਰਿਜ ਇਨੋਵੇਟਿਵ ਸਕੂਲ ਨੇ ਪਹਿਲਾ ਸਥਾਨ ਹਾਸਲ ਕੀਤਾ

ਜਲੰਧਰ (ਸ਼ੈਲੀ ਐਲਬਰਟ)

ਸੀਟੀ ਪਬਲਿਕ ਸਕੂਲ ਨੇ ਬਿਗ ਫਿਸ਼ ਪੂਲ ਜੂਨੀਅਰ ਸੀਜ਼ਨ 1 ਦਾ ਆਯੋਜਨ ਕੀਤਾ । ਇਸ ਵਿੱਚ ਉੱਭਰਦੇ ਨੌਜਵਾਨ ਨੂੰ ਇੱਕ ਕਰੋੜ ਤੋਂ ਵੱਧ ਦੀ ਫੰਡਿੰਗ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਪ੍ਰਦਾਨ ਕੀਤਾ ਗਿਆ । ਲੁਧਿਆਣਾ ਵਿੱਚ ਸੀਟੀ ਯੂਨੀਵਰਸਿਟੀ ਦੁਆਰਾ ਆਯੋਜਿਤ ਸ਼ਾਰਕ ਟੈਂਕ ਇੰਡੀਆ ਅਤੇ 'ਬਿਗ ਫਿਸ਼ ਪੂਲ' ਸੀਜ਼ਨ 1 ਦੀ ਸਫਲਤਾ ਤੋਂ ਪ੍ਰੇਰਿਤ ਹੋ ਕੇ, ਇਹ ਪਹਿਲ ਨੌਜਵਾਨਾਂ ਵਿੱਚ ਉੱਦਮ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਆਯੋਜਿਤ ਕੀਤੀ ਗਈ ਸੀ । ਇਸ ਈਵੈਂਟ ਵਿੱਚ ਪੰਜਾਬ ਦੇ ਚੋਟੀ ਦੇ 25 ਪਿੱਚ ਡੇਕ ਸਨ, ਜਿਨ੍ਹਾਂ ਨੂੰ 100 ਤੋਂ ਵੱਧ ਐਂਟਰੀਆਂ ਵਿੱਚੋਂ ਚੁਣਿਆ ਗਿਆ ਸੀ। ਇਨ੍ਹਾਂ ਨੌਜਵਾਨ ਖੋਜਕਾਰਾਂ ਨੇ ਵਿਜ਼ਨ ਅਪਗ੍ਰੇਡਡ ਦੇ ਸੰਸਥਾਪਕ ਨਿਰਦੇਸ਼ਕ ਰੁਪਿੰਦਰ ਮਾਲੀਆ ਸਮੇਤ ਉੱਘੇ ਐਂਜਲ ਨਿਵੇਸ਼ਕਾਂ ਅਤੇ ਉੱਦਮ ਪੂੰਜੀਪਤੀਆਂ ਦੇ ਇੱਕ ਪੈਨਲ ਦੇ ਸਾਹਮਣੇ ਆਪਣੇ ਬੁਨਿਆਦੀ ਵਿਚਾਰ ਪੇਸ਼ ਕੀਤੇ; ਡਾ. ਮੁਨੀਸ਼ ਜਿੰਦਲ, ਸੰਸਥਾਪਕ, ਐਲ ਯੂ ਸੀ8 ਵੈਂਚਰਸ; ਨਵਦੀਪ ਸਿੰਘ, ਡਿਪਟੀ ਸੀ.ਈ.ਓ., ਡੀ.ਬੀ.ਈ.ਈ. ਜਲੰਧਰ, ਪੰਜਾਬ ਸਰਕਾਰ ਅਤੇ ਡਾ.